ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On
Visit on facebook
https://www.facebook.com/awazeqaumtv/videos/194899582124531/
YouTube https://youtu.be/LQwolgxDu7I
awazeqaumtvpunjab@gmail.com

ਬੁੱਧਵਾਰ, 17 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਅੰਬਾਲਾ ’ਚ ਗਾਇਕ ਪਰਮੀਸ਼ ਵਰਮਾ ਜ਼ਖ਼ਮੀ: ਫ਼ਿਲਮ ‘ਸ਼ੇਰਾ’ ਦੀ ਸ਼ੂਟਿੰਗ ਦੌਰਾਨ ਟੁੱਟਿਆ ਕਾਰ ਦਾ ਸ਼ੀਸ਼ਾ , ਚਿਹਰੇ ’ਤੇ ਲੱਗਿਆ ਕੱਚ

**ਅੰਬਾਲਾ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਅਤੇ ਅਦਾਕਾਰ ਪਰਮੀਸ਼ ਵਰਮਾ ਪੰਜਾਬੀ ਫ਼ਿਲਮ ‘ਸ਼ੇਰਾ’ ਦੀ ਸ਼ੂਟਿੰਗ ਦੌਰਾਨ ਅੰਬਾਲਾ ਵਿੱਚ ਜ਼ਖ਼ਮੀ ਹੋ ਗਏ। ਉਨ੍ਹਾਂ ਦੇ ਚਿਹਰੇ ‘ਤੇ ਕੱਚ ਦਾ ਟੁਕੜਾ ਲੱਗਿਆ। ਉਨ੍ਹਾਂ ਨੂੰ ਤੁਰੰਤ ਪ੍ਰਾਈਵੇਟ ਹਸਪਤਾਲ ਲਿਜਾਇਆ ਗਿਆ, ਜਿੱਥੇ ਇਲਾਜ ਤੋਂ ਬਾਅਦ ਉਹ ਵਾਪਸ ਚੰਡੀਗੜ੍ਹ ਆ ਗਏ। ਇਸ ਸਮੇਂ ਫ਼ਿਲਮ ਦੀ ਸ਼ੂਟਿੰਗ ਰੋਕ ਦਿੱਤੀ ਗਈ ਹੈ। ਸੂਤਰਾਂ ਦੇ ਮੁਤਾਬਕ, ਸ਼ੂਟਿੰਗ ਦੌਰਾਨ ਪਰਮੀਸ਼ ਆਪਣੀ ਕਾਰ ਵਿੱਚ ਬੈਠੇ ਸਨ। ਸ਼ੂਟਿੰਗ ਵਿੱਚ ਵਰਤੀ ਜਾਣ ਵਾਲੀ ਨਕਲੀ ਗੋਲੀ ਉਨ੍ਹਾਂ ਦੀ ਕਾਰ ਦੇ ਸ਼ੀਸ਼ੇ ‘ਤੇ ਲੱਗੀ, ਜਿਸ ਕਾਰਨ ਸ਼ੀਸ਼ਾ ਟੁੱਟ ਗਿਆ ਅਤੇ ਟੁਕੜੇ ਪਰਮੀਸ਼ ਦੇ ਚਿਹਰੇ ‘ਤੇ ਲੱਗ ਗਏ। ਹਾਲਾਂਕਿ ਇਸ ਮਾਮਲੇ ਦੀ ਅਧਿਕਾਰਿਕ ਪੁਸ਼ਟੀ ਨਹੀਂ ਹੋਈ, ਪਰ ਪਰਮੀਸ਼ ਵਰਮਾ ਨੇ ਆਪਣੇ ਇੰਸਟਾਗ੍ਰਾਮ ‘ਤੇ ਜ਼ਰੂਰ ਪੋਸਟ ਸਾਂਝੀ ਕੀਤੀ ਹੈ। ਉਨ੍ਹਾਂ ਨੇ ਲਿਖਿਆ ਕਿ ਇਹ ਘਟਨਾ ‘ਸ਼ੇਰਾ’ ਫ਼ਿਲਮ ਦੇ ਸੈੱਟ ‘ਤੇ ਹੋਈ ਹੈ ਅਤੇ ਭਗਵਾਨ ਦੀ ਕਿਰਪਾ ਨਾਲ ਉਹ ਸੁਰੱਖਿਅਤ ਹਨ। 13 ਅਪ੍ਰੈਲ 2018 ਨੂੰ ਗਾਇਕ-ਅਦਾਕਾਰ ਪਰਮੀਸ਼ ਵਰਮਾ ‘ਤੇ ਮੋਹਾਲੀ ਵਿੱਚ ਹਮਲਾ ਹੋਇਆ ਸੀ। ਉਨ੍ਹਾਂ ਦੀ ਕਾਰ ‘ਤੇ ਫਾਇਰਿੰਗ ਕੀਤੀ ਗਈ, ਜਿਸ ਵਿੱਚ ਇਕ ਗੋਲੀ ਉਨ੍ਹਾਂ ਦੇ ਪੈਰ ‘ਚ ਲੱਗੀ ਅਤੇ ਉਨ੍ਹਾਂ ਨੂੰ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ। ਇਸ ਘਟਨਾ ਦੀ ਜ਼ਿੰਮੇਵਾਰੀ ਗੈਂਗਸਟਰ ਦਿਲਪ੍ਰੀਤ ਬਾਬਾ ਨੇ ਲਈ ਸੀ। ਪਿਛਲੇ 7 ਸਾਲਾਂ ਵਿੱਚ ਇਹ ਪਹਿਲਾ ਮਾਮਲਾ ਸੀ ਜਦੋਂ ਗੈਂਗਸਟਰਾਂ ਦੀ ਨਜ਼ਰ ਪਹਿਲੀ ਵਾਰ ਪੰਜਾਬ ਦੀ ਮਿਊਜ਼ਿਕ ਅਤੇ ਫ਼ਿਲਮ ਇੰਡਸਟਰੀ ‘ਤੇ ਪਈ ਸੀ।

## ਮੰਡੀ ਜ਼ਿਲ੍ਹੇ ’ਚ ਫਿਰ ਲੈਂਡ ਸਲਾਈਡ

# ਮਲਬੇ ਹੇਠ ਦਬੇ ਇਕੋ ਪਰਿਵਾਰ ਦੇ 5 ਜੀਅ , 3 ਲੋਕਾਂ ਦੀ ਮੌਤ

**ਮੰਡੀ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਮੰਡੀ ਜ਼ਿਲ੍ਹੇ ਦੇ ਨਿਹਰੀ ਵਿੱਚ ਮੰਗਲਵਾਰ ਸਵੇਰੇ 5 ਵਜੇ ਲੈਂਡ ਸਲਾਈਡ ਕਾਰਨ ਇੱਕ ਘਰ ਢਹਿ ਗਿਆ। ਇਸ ਕਾਰਨ ਪਰਿਵਾਰ ਦੇ 3 ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ 2 ਨੂੰ ਸੁਰੱਖਿਅਤ ਬਚਾ ਲਿਆ ਗਿਆ। ਜਾਣਕਾਰੀ ਅਨੁਸਾਰ ਨਿਹਰੀ ਦੇ ਬੋਈ ਪੰਚਾਇਤ ਦੇ ਬ੍ਰਗਟਾ ਪਿੰਡ ਵਿੱਚ ਸਵੇਰੇ ਪਹਾੜੀ ਤੋਂ ਜ਼ਮੀਨ ਖਿਸਕ ਗਈ। ਖੂਬ ਰਾਮ ਦਾ ਘਰ ਇਸਦੀ ਲਪੇਟ ਵਿੱਚ ਆ ਗਿਆ। ਘਰ ਢਹਿ ਜਾਣ ਕਾਰਨ 5 ਲੋਕ ਮਲਬੇ ਹੇਠ ਦੱਬ ਗਏ। ਇਸ ਹਾਦਸੇ ਵਿੱਚ ਸੱਸ, ਨੂੰਹ ਅਤੇ ਪੋਤੇ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਜੈਸਿੰਘ ਦੀ ਪਤਨੀ ਟਾਂਗੂ ਦੇਵੀ (64), ਦੇਵਰਾਜ ਦੀ ਪਤਨੀ



ਕਮਲਾ ਦੇਵੀ (33) ਅਤੇ ਦੇਵਰਾਜ ਦੇ ਪੁੱਤਰ ਭੀਮ (8) ਵਜੋਂ ਹੋਈ ਹੈ। ਖੂਬ ਰਾਮ ਅਤੇ ਦਰਸ਼ਨੂ ਦੇਵੀ ਨੂੰ ਸੁਰੱਖਿਅਤ ਬਚਾ ਲਿਆ ਗਿਆ। ਹਾਦਸੇ ਦੀ ਸੂਚਨਾ ਮਿਲਦੇ ਹੀ ਨੇੜਲੇ ਪਿੰਡ ਵਾਸੀ ਮੌਕੇ ’ਤੇ ਪਹੁੰਚ ਗਏ ਅਤੇ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ। ਸਥਾਨਕ ਪ੍ਰਸ਼ਾਸਨ ਵੀ ਮੌਕੇ ’ਤੇ ਪਹੁੰਚ ਗਿਆ ਹੈ। ਤਿੰਨਾਂ ਮ੍ਰਿਤਕਾਂ ਦੀਆਂ ਲਾਸ਼ਾਂ ਪੋਸਟਮਾਰਟਮ ਲਈ ਨੇੜਲੇ ਸੁੰਦਰਨਗਰ ਹਸਪਤਾਲ ਭੇਜ ਦਿੱਤੀਆਂ ਗਈਆਂ ਹਨ। ਇਸ ਤੋਂ ਇਲਾਵਾ ਮੰਡੀ ਦੇ ਧਰਮਪੁਰ ਵਿੱਚ ਵੀ ਬੀਤੀ ਰਾਤ ਹੋਈ ਬਾਰਿਸ਼ ਕਾਰਨ ਭਾਰੀ ਨੁਕਸਾਨ ਹੋਇਆ ਹੈ। ਬੱਸ ਸਟੈਂਡ ’ਤੇ ਖੜ੍ਹੀਆਂ 10 ਤੋਂ ਵੱਧ ਸਰਕਾਰੀ ਬੱਸਾਂ ਅਤੇ ਵਾਹਨ ਪਾਣੀ ਦੇ ਤੇਜ਼ ਵਹਾਅ ਵਿੱਚ ਵਹਿ ਗਏ। ਐਸਐਚਓ ਧਰਮਪੁਰ ਵਿਨੋਦ ਨੇ ਕਿਹਾ - ਯਾਤਰੀ ਡਰਾਈਵਰ ਅਤੇ ਇੱਕ ਮੈਡੀਕਲ ਸਟੋਰ ਆਪਰੇਟਰ ਅਜੇ ਵੀ ਲਾਪਤਾ ਹਨ। ਧਰਮਪੁਰ ਵਿੱਚ ਸੋਨ ਖੱਡ (ਡਰੇਨ) ਵਿੱਚ ਹੜ੍ਹ ਨੇ ਬਹੁਤ ਤਬਾਹੀ ਮਚਾਈ ਹੈ। ਇਸ ਕਾਰਨ ਕਈ ਘਰਾਂ ਦੀ ਪਹਿਲੀ ਮੰਜ਼ਿਲ ਪਾਣੀ ਵਿੱਚ ਡੁੱਬ ਗਈ। ਮੰਗਲਵਾਰ ਸਵੇਰੇ ਪਾਣੀ ਦਾ ਪੱਧਰ ਘੱਟ ਗਿਆ। ਸ਼ਿਮਲਾ ਦੇ ਹਿਮਲੈਂਡ, ਬੀਸੀਐਸ ਅਤੇ ਪੰਜਾਲੀ ਵਿੱਚ ਜ਼ਮੀਨ ਖਿਸਕਣ ਕਾਰਨ 20 ਤੋਂ ਵੱਧ ਵਾਹਨ ਮਲਬੇ ਹੇਠ ਦੱਬ ਗਏ। ਸਰਕੂਲਰ ਰੋਡ, ਜਿਸਨੂੰ ਸ਼ਿਮਲਾ ਦੀ ਜੀਵਨ ਰੇਖਾ ਕਿਹਾ ਜਾਂਦਾ ਹੈ, ਵੀ ਹਿਮਲੈਂਡ ਵਿੱਚ ਜ਼ਮੀਨ ਖਿਸਕਣ ਕਾਰਨ ਬੰਦ ਹੋ ਗਿਆ।

## “’ਕੰਗਨਾ ਨੂੰ ਸਲਾਖਾਂ ਪਿੱਛੇ ਜਾਣਾ ਹੀ ਚਾਹੀਦੈ”, ਬਠਿੰਡਾ ਅਦਾਲਤ ਨੇ ਮੁੜ ਜਾਰੀ ਸੰਮਨ

**ਬਠਿੰਡਾ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕਿਸਾਨੀ ਅੰਦੋਲਨ ਦੌਰਾਨ ਦੌਰਾਨ ਕੀਤੇ ਗਏ ਵਿਵਾਦਤ ਟਵੀਟ ਦੇ ਸੰਬੰਧ ਵਿੱਚ ਹਿਮਾਚਲ ਦੀ ਮੰਡੀ ਦੀ ਭਾਜਪਾ ਸੰਸਦ ਮੈਂਬਰ ਅਤੇ ਅਦਾਕਾਰਾ ਕੰਗਨਾ ਰਣੌਤ ਨੂੰ ਮੁੜ ਸੰਮਨ ਕੀਤਾ ਗਿਆ ਹੈ। ਬਠਿੰਡਾ ਸੈਸ਼ਨ ਅਦਾਲਤ ਨੇ ਅਗਲੀ ਸੁਣਵਾਈ 29 ਸਤੰਬਰ ਨੂੰ ਤੈਅ ਕੀਤੀ ਹੈ, ਜਿਸ ਵਿੱਚ ਕੰਗਨਾ ਦੀ ਹਾਜ਼ਰੀ ਲਾਜ਼ਮੀ ਹੋਵੇਗੀ। ਇਸ ਤੋਂ ਚਾਰ ਦਿਨ ਪਹਿਲਾਂ, ਸੁਪਰੀਮ ਕੋਰਟ ਨੇ ਇਸ ਮਾਮਲੇ ਵਿੱਚ ਕੰਗਨਾ ਨੂੰ ਰਾਹਤ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਜੁਡੀਸ਼ੀਅਲ ਮੈਜਿਸਟ੍ਰੇਟ ਫਸਟ ਕਲਾਸ ਲਖਬੀਰ ਸਿੰਘ ਨੇ 18 ਅਗਸਤ ਨੂੰ ਕੰਗਨਾ ਨੂੰ ਭਾਰਤੀ ਦੰਡ ਵਿਧਾਨ ਦੀ ਧਾਰਾ 499 ਅਤੇ 500 ਦੇ ਤਹਿਤ ਅਪਰਾਧਾਂ ਲਈ ਮੁਕੱਦਮੇ ਦਾ ਸਾਹਮਣਾ ਕਰਨ ਲਈ ਅਦਾਲਤ ਵਿੱਚ ਪੇਸ਼ ਹੋਣ ਦਾ ਹੁਕਮ ਦਿੱਤਾ ਸੀ। ਇਹ ਕੇਸ ਬਠਿੰਡਾ ਦੇ ਬਹਾਦਰਗੜ੍ਹ ਜੰਡੀਆ ਪਿੰਡ ਦੀ 73 ਸਾਲਾ ਮਹਿੰਦਰ ਕੌਰ ਦੁਆਰਾ ਦਾਇਰ ਕੀਤਾ ਗਿਆ ਸੀ ਜਦੋਂ ਕੰਗਨਾ ਨੇ ਦਸੰਬਰ 2020 ਵਿੱਚ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨਾਂ ਦੇ ਸਿਖਰ ਦੌਰਾਨ ਸੋਸ਼ਲ ਮੀਡੀਆ ’ਤੇ ਇੱਕ



ਪੋਸਟ ਸਾਂਝੀ ਕੀਤੀ ਸੀ। ਕੰਗਨਾ ਨੇ ਇੱਕ ਬਜ਼ੁਰਗ ਮਹਿਲਾ ਪ੍ਰਦਰਸ਼ਨਕਾਰੀ ਬਾਰੇ ਇੱਕ ਪੋਸਟ ਰੀਟਵੀਟ ਕੀਤੀ ਸੀ, ਜਿਸ ਵਿੱਚ ਲਿਖਿਆ ਸੀ, “ਉਹ ਉਹੀ ਦਾਦੀ ਹੈ ਜਿਸਨੂੰ ਟਾਈਮ ਮੈਗਜ਼ੀਨ ਵਿੱਚ ਸਭ ਤੋਂ ਸ਼ਕਤੀਸ਼ਾਲੀ ਭਾਰਤੀ ਹੋਣ ਲਈ ਦਰਸਾਇਆ ਗਿਆ ਸੀ ਅਤੇ ਉਹ 100 ਰੁਪਏ ਵਿੱਚ ਉਪਲਬਧ ਹੈ।÷ ਇਸ ’ਤੇ ਮਹਿੰਦਰ ਕੌਰ ਨੇ ਮਾਣਹਾਨੀ ਦਾ ਕੇਸ ਦਾਇਰ ਕੀਤਾ ਸੀ। ਕੰਗਨਾ ਦਾ ਕਹਿਣਾ ਹੈ ਕਿ ਉਸਨੇ ਸਿਰਫ਼ ਇੱਕ ਵਕੀਲ ਦੀ ਪੋਸਟ ਦੁਬਾਰਾ ਪੋਸਟ ਕੀਤੀ ਸੀ। ਦੂਜੇ ਪਾਸੇ, ਬੇਬੇ ਮਹਿੰਦਰ ਕੌਰ ਨੇ ਕਿਹਾ ਕਿ ਕਿਸਾਨੀ ਮੋਰਚੇ ਵੇਲੇ ਔਰਤਾਂ ਨੂੰ ਮਾੜੇ ਬੋਲ ਬੋਲਣ ਵਾਲੀ ਕੰਗਨਾ ਰਣੌਤ ਨੂੰ ਸਲਾਖਾਂ ਪਿੱਛੇ ਜਾਣਾ ਹੀ ਚਾਹੀਦਾ ਹੈ। ਹਾਲਾਂਕਿ, ਜੇਕਰ ਕੰਗਨਾ ਉਸ ਤੋਂ ਮੁਆਫ਼ੀ ਮੰਗਦੀ ਹੈ, ਤਾਂ ਉਹ ਉਸਨੂੰ ਵੀ ਮੁਆਫ਼ ਕਰ ਦੇਵੇਗੀ, ਕਿਉਂਕਿ ਉਸਦੀ ਉਸ ਨਾਲ ਕੋਈ ਦੁਸ਼ਮਣੀ ਨਹੀਂ ਹੈ।

## ਜੀਦਾ ਧਮਾਕੇ ਮਾਮਲੇ ਦੀ ਜਾਂਚ ਲਈ ਬਠਿੰਡਾ ਪਹੁੰਚੀ NIA, ਜੰਮੂ ਪੁਲਿਸ ਵੀ ਨਾਲ ਕਰੇਗੀ ਜਾਂਚ

**ਬਠਿੰਡਾ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਦੇ ਪਿੰਡ ਜੀਦਾ ਵਿਚ ਨੌਜਵਾਨ ਗੁਰਪ੍ਰੀਤ



ਸਿੰਘ ਵੱਲੋਂ ਬੰਬ ਬਣਾਉਣ ਸਮੇਂ ਹੋਏ ਧਮਾਕਿਆਂ ਦੇ ਮਾਮਲੇ ਦੀ ਜਾਚ ਲਈ ਐਨਆਈਏ ਟੀਮ ਵੀ ਬਠਿੰਡਾ ਪਹੁੰਚ ਗਈ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ, ਜਦੋਂਕਿ ਜ਼ਿਲ੍ਹਾ ਪੁਲਿਸ ਨੇ ਵੀ ਬੰਬ ਧਮਾਕਿਆਂ ਦੀ ਜਾਚ ਲਈ ਫੌਜ ਨੂੰ ਪੱਤਰ ਲਿਖਿਆ ਹੈ। ਬਠਿੰਡਾ ਪੁਲਿਸ ਤੋਂ ਇਲਾਵਾ ਬੰਬ ਵਿਰੋਧੀ ਦਸਤਾ, ਪੀਏਪੀ ਜਲੰਧਰ, ਸੀਆਈਏ,ਆਈਬੀ, ਕਾਊਂਟਰ ਇੰਟੈਲੀਜੈਂਸ ਪਹਿਲਾਂ ਹੀ ਮਾਮਲੇ ਦੀ ਜਾਚ ਵਿੱਚ ਲੱਗੇ ਹੋਏ ਹਨ। ਇਸ ਵੇਲੇ ਸਾਰੀਆਂ ਏਜੰਸੀ ਦੇ ਹੱਥ ਖਾਲੀ ਹਨ, ਜਦੋਂ ਕਿ ਬੰਬ ਵਿਰੋਧੀ ਦਸਤਾ ਪਿਛਲੇ - 5 ਦਿਨਾ ਤੋਂ ਮੁਲਜ਼ਮ ਦੇ ਘਰ ਵਿਚ ਮੌਜੂਦ ਧਮਾਕਾ ਖੋਜ ਸਮੱਗਰੀ ਨੂੰ ਨਸ਼ਟ ਕਰਨ ਵਿੱਚ ਲੱਗਾ ਹੋਇਆਹੈ। ਹੁਣ ਤੱਕ ਘਰ ਵਿੱਚ ਮੌਜੂਦ - ਧਮਾਕਾਖੇਜ ਸਮੱਗਰੀ ਨੂੰ ਨਸ਼ਟ ਨਹੀ ਕੀਤਾ ਜਾ ਸਕਿਆ। ਧਮਾਕਾਖੇਜ ਸਮੱਗਰੀ ਨੂੰ ਨਸ਼ਟ ਕਰਦੇ ਸਮੇਂ ਹੋਏ ਧਮਾਕਿਆ ਕਾਰਨ ਪੰਜਾਬ ਪੁਲਿਸ ਦਾ ਰੋਬੋਟ ਵੀ ਖਰਾਬ ਹੋ ਗਿਆ ਹੈ। ਉਸ ਨੂੰ ਪੁਲਿਸ ਨੇ ਹੁਣ ਮੁਰੰਮਤ ਲਈ ਭੇਜਿਆ ਹੈ। ਇਸ ਕਾਰਨ ਵੀ ਧਮਾਕਾਖੇਜ ਸਮੱਗਰੀ ਨੂੰ ਨਸ਼ਟ ਕਰਨ ਵਿੱਚ ਸਮਸਿਆ ਆ ਰਹੀ ਹੈ। ਦੱਸਣਾ ਬਣਦਾ ਹੈ ਕਿ 10 ਸਤੰਬਰ ਨੂੰ ਬਠਿੰਡਾ ਜ਼ਿਲ੍ਹੇ ਦੇ ਪਿੰਡ ਜੀਦਾ ਵਿੱਚ ਉਸ ਸਮੇ ਧਮਾਕਾ ਹੋਇਆ, ਜਦੋਂ ਮੁਲਜ਼ਮ ਗੁਰਪ੍ਰੀਤ ਸਿੰਘ ਧਮਾਕਾਖੇਜ ਸਮੱਗਰੀ ਤੋਂ ਬੰਬ ਬਣਾਉਣ ਵਿੱਚ ਰੁਝਿਆ ਹੋਇਆ ਸੀ। ਪਰਿਵਾਰ ਨੇ ਇਸ ਬਾਰੇ ਪੁਲਿਸ ਨੂੰ ਸੂਚਿਤ ਨਹੀ ਕੀਤਾ ਪਰ ਜ਼ਖਮੀ ਗੁਰਪ੍ਰੀਤ ਨੂੰ ਹਸਪਤਾਲ ਵਿੱਚ ਦਾਖਲ ਕਰਵਾ ਦਿੱਤਾ। ਦੂਜਾ ਧਮਾਕਾ ਉਦੋਂ ਹੋਇਆ ਜਦੋ ਮੁਲਜ਼ਮ ਦੇ ਪਿਤਾ ਜਗਤਾਰ ਸਿੰਘ ਕਮਰੇ ਵਿੱਚ ਧਮਾਕਾ ਖੋਜ ਸਮੱਗਰੀ ਨੂੰ ਸਮੇਟਣ ਦਾ ਕੰਮ ਕਰ ਰਹੇ ਸਨ। ਜਗਤਾਰ ਸਿੰਘ ਵੀ ਧਮਾਕੇ ਵਿੱਚ ਜ਼ਖਮੀ ਹੋ ਗਏ। ਮੁਲਜ਼ਮ ਗੁਰਪ੍ਰੀਤ ਦੇ ਘਰ ਵਿਚ ਪਈ ਧਮਾਕਾਖੇਜ ਸਮੱਗਰੀ ਨੂੰ ਨਸ਼ਟ ਕਰਨਾ ਪੁਲਿਸ ਮੁਲਾਜ਼ਮਾ ਲਈ ਖ਼ਤਰੇ ਤੋਂ ਖਾਲੀ ਨਹੀ ਸੀ। ਇਸ ਕਾਰਨ ਪੀਏਪੀ ਜਲੰਧਰ ਤੋਂ ਇਕ ਵਿਸ਼ੇਸ਼ ਦਸਤਾ ਬੁਲਾਇਆ ਗਿਆ ਸੀ, ਜਿਸ ਨੇ ਰੋਬੋਟ ਦੀ ਮਦਦ ਨਾਲ ਕੈਮੀਕਲਾ ਨੂੰ ਨਸ਼ਟ ਕਰਨ ਦਾ ਕੰਮ ਸ਼ੁਰੂ ਕੀਤਾ ਪਰ ਧਮਾਕਾਖੇਜ ਸਮੱਗਰੀ ਨੂੰ ਨਸ਼ਟ ਕਰਦੇ ਸਮੇਂ ਹੋਏ ਧਮਾਕਿਆਂ ਕਾਰਨ ਰੋਬੋਟ ਵੀ ਨੁਕਸਾਨਿਆ ਗਿਆ। ਜਿਸ ਕਾਰਨ ਇਸ ਨੂੰ ਮੁਰੰਮਤ ਲਈ ਭੇਜਿਆ ਗਿਆ ਹੈ। ਇਸ ਕਾਰਨ ਧਮਾਕਖੇਜ ਸਮੱਗਰੀ ਨੂੰ ਨਸ਼ਟ ਕਰਨ ਵਿੱਚ ਰੁਕਾਵਟ ਆਈ ਹੈ। ਪੁਲਿਸ ਪਿਛਲੇ ਪਿਛਲੇ ਛੇ ਦਿਨਾ ਤੋਂ ਧਮਾਕਾਖੇਜ ਸਮੱਗਰੀ ਨੂੰ ਨਸ਼ਟ ਕਰਨ ਦਾ ਯਤਨ ਕਰ ਰਹੀ ਹੈ ਪਰ ਅਜੇ ਤਕ ਪੁਲਿਸ ਨੂੰ ਕਾਮਯਾਬੀ ਨਹੀਂ ਮਿਲ ਸਕੀ। ਧਮਾਕਿਆ ਦਾ ਸਬੰਧ ਜੰਮੂ ਦੇ ਕਠੂਆ ਨਾਲ ਜੁੜਨ ਤੋਂ ਬਾਅਦ ਉਥੋਂ ਦੀ ਪੁਲਿਸ ਵੀ ਹਰਕਤ ਵਿੱਚ ਆ ਗਈ। ਜੰਮੂ ਪੁਲਿਸ ਨੇ ਬਠਿੰਡਾ ਪੁੱਜ ਕੇ ਗੁਰਪ੍ਰੀਤ ਸਿੰਘ ਤੋਂ ਪੁੱਛਗਿੱਛ ਕੀਤੀ ਤੇ ਜ਼ਿਲ੍ਹਾ ਪੁਲਿਸ ਅਧਿਕਾਰੀਆ ਤੋਂ ਪੂਰੇ ਮਾਮਲੇ ਦੀ ਜਾਣਕਾਰੀ ਲਈ। 10 ਸਤੰਬਰ ਨੂੰ ਸਵੇਰੇ ਸਾਢੇ ਛੇ ਵਜੇ ਦੇ ਕਰੀਬ ਪਿੰਡ ਜੀਦਾ ’ਚ ਪਹਿਲਾ ਧਮਾਕਾ ਹੋਇਆ, ਜਦੋਂ ਕਿ ਕਰੀਬ 4 ਵਜੇ ਦੂਜਾ ਧਮਾਕਾ ਹੋਇਆ, ਜਿਸ ਵਿੱਚ ਪਿਓ ਪੁੱਤਰ ਜ਼ਖਮੀ ਹੋ ਗਏ ਸਨ। ਇਸ ਤੋਂ ਬਾਅਦ ਇਹ ਖੁਲਾਸਾ ਹੋਇਆ ਕਿ ਮੁਲਜ਼ਮ ਗੁਰਪ੍ਰੀਤ ਸਿੰਘ ਨੇ 10 ਸਤੰਬਰ ਨੂੰ ਸ਼ਾਮ ਸਮੇਂ ਕਠੂਆ ਲਈ ਰਵਾਨਾ ਹੋਣਾ ਸੀ ਪਰ ਉਹ ਪਹਿਲਾ ਹੀ ਧਮਾਕੇ ਵਿਚ ਜ਼ਖਮੀ ਹੋ ਗਿਆ। ਪੁਲਿਸ ਸੂਤਰਾ ਅਨੁਸਾਰ ਉਕਤ ਨੌਜਵਾਨ ਧਮਾਕਾਖੇਜ ਸਮੱਗਰੀ ਦੀ ਇਕ ਬੈਲਟ ਤਿਆਰ ਕਰ ਰਿਹਾ ਸੀ, ਜਿਸ ਨੂੰ ਉਸ ਨੇ ਕਠੂਆ ਲੈ ਕੇ ਜਾਣਾ ਸੀ। ਇਸ ਤੋਂ ਬਾਅਦ ਹੁਣ ਜੰਮੂ ਦੀ ਕਠੂਆ ਪੁਲਿਸ ਮਾਮਲੇ ਦੀ ਜਾਚ ਲਈ ਬਠਿੰਡਾ ਪੁੱਜੀ ਹੈ।

## ਰਾਹੁਲ ਗਾਂਧੀ ਨੂੰ ਸਿਰੋਪਾਓ ਦਿੱਤੇ ਜਾਣ ’ਤੇ ਛਿੜਿਆ ਵਿਵਾਦ, SGPC ਨੇ ਕਿਹਾ- ਸਿੱਖਾਂ ਦੇ ਕਤਲੇਆਮ ਲਈ ਜ਼ਿੰਮੇਵਾਰ ਨੂੰ ਸਿਰੋਪਾਓ ਦੇਣਾ ਸਵੀਕਾਰਯੋਗ ਨਹੀਂ



**ਅੰਮ੍ਰਿਤਸਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ 15 ਸਤੰਬਰ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਲਈ ਅੰਮ੍ਰਿਤਸਰ ਆਏ ਸਨ। ਇਸ ਦੌਰਾਨ ਗੁਰਦੁਆਰਾ ਸਮਾਧ ਬਾਬਾ ਬੁੱਢਾ ਸਾਹਿਬ ਵਿਖੇ ਰਾਹੁਲ ਗਾਂਧੀ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤੀ ਗਿਆ ਇਸ ਤੋਂ ਬਾਅਦ ਹੁਣ ਵਿਵਾਦ ਖੜ੍ਹਾ ਹੋ ਗਿਆ। ਵੱਖ-ਵੱਖ ਸਿੱਖ ਸੰਗਠਨਾਂ ਨੇ ਸ਼੍ਰੋਮਣੀ ਕਮੇਟੀ ਅੱਗੇ ਇਸ ’ਤੇ ਇਤਰਾਜ਼ ਦਰਜ ਕਰਵਾਏ। ਜਦੋਂ ਮਾਮਲਾ ਸ਼੍ਰੋਮਣੀ ਕਮੇਟੀ ਦੇ ਧਿਆਨ ਵਿੱਚ ਆਇਆ ਤਾਂ ਉਨ੍ਹਾਂ ਨੇ ਇਸ ਦਾ ਨੋਟਿਸ ਲਿਆ। ਸ਼੍ਰੋਮਣੀ ਕਮੇਟੀ ਨੇ ਕੱਲ੍ਹ ਰਾਤ ਇਸ ਮਾਮਲੇ ਸਬੰਧੀ ਇੱਕ ਪ੍ਰੈਸ ਨੋਟ ਜਾਰੀ ਕੀਤਾ। ਇਸ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਮਾਮਲੇ ਦੀ ਜਾਂਚ ਚੱਲ ਰਹੀ ਹੈ ਅਤੇ ਜੋ ਵੀ ਦੋਸ਼ੀ ਪਾਇਆ ਗਿਆ, ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਅੰਤਰਿਮ ਕਮੇਟੀ ਨੇ ਪਹਿਲਾਂ ਹੀ ਫੈਸਲਾ ਕਰ ਲਿਆ ਸੀ ਕਿ ਗੁਰੂ ਘਰਾਂ ਵਿੱਚ ਸਿਰਫ਼ ਧਾਰਮਿਕ ਸ਼ਖ਼ਸੀਅਤਾਂ, ਰਾਗੀ ਸਿੰਘਾਂ ਅਤੇ ਸਿੱਖ ਮਹਾਂਪੁਰਸ਼ਾਂ ਨੂੰ ਸਿਰੋਪਾਓ ਦੇਣ ਦੀ ਇਜਾਜ਼ਤ ਹੈ। ਇਹ ਸਨਮਾਨ ਕਿਸੇ ਹੋਰ ਵਿਸ਼ੇਸ਼ ਵਿਅਕਤੀ ਨੂੰ ਦੇਣ ’ਤੇ ਪਾਬੰਦੀ ਹੈ। ਗੁਰਦੁਆਰਾ ਬਾਬਾ ਬੁੱਢਾ ਸਾਹਿਬ ਵਿਖੇ ਵਾਪਰੀ ਘਟਨਾ ਦੀ ਜਾਂਚ ਜਾਰੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਜਲਦੀ ਹੀ ਪੂਰੀ ਰਿਪੋਰਟ ਤਿਆਰ ਕੀਤੀ ਜਾਵੇਗੀ ਅਤੇ ਜੇ ਕੋਈ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।ਧਾਮੀ ਨੇ ਇਹ ਵੀ ਕਿਹਾ ਕਿ ਕਾਂਗਰਸ ਪਾਰਟੀ ਦੇ ਆਗੂ ਅਤੇ ਗਾਂਧੀ ਪਰਿਵਾਰ ਦੇ ਮੈਂਬਰ ਰਾਹੁਲ ਗਾਂਧੀ, ਜਿਸਨੂੰ ਸਿੱਖਾਂ ਦੇ ਕਤਲੇਆਮ ਲਈ ਜ਼ਿੰਮੇਵਾਰ ਮੰਨਿਆ ਜਾਂਦਾ ਹੈ, ਨੂੰ ਗੁਰਦੁਆਰਾ ਸਾਹਿਬ ਤੋਂ ਸਿਰੋਪਾਓ ਦੇਣਾ ਕਿਸੇ ਵੀ ਹਾਲਤ ਵਿੱਚ ਸਵੀਕਾਰਯੋਗ ਨਹੀਂ ਹੈ। ਇਹ ਸਿੱਖ ਮਾਣ-ਮਰਿਆਦਾ ਅਤੇ ਪਰੰਪਰਾਵਾਂ ਦੇ ਵਿਰੁੱਧ ਹੈ।

## 4 ਸਾਲ ਦੀ ਬੱਚੀ ਨੂੰ ਅਗਵਾ ਕਰਨ ਵਾਲੇ ਪ੍ਰਵਾਸੀ ਦੀ ਲੋਕਾਂ ਨੇ ਕੀਤੀ ਛਿੱਤਰ-ਪਰੇਡ

**ਜਲੰਧਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਤੋਂ ਬਾਅਦ ਹੁਣ ਜਲੰਧਰ ’ਚ ਇੱਕ ਪ੍ਰਵਾਸੀ ਨੇ ਕੁੜੀ ਨਾਲ ਸ਼ਰਮਨਾਕ ਹਰਕਤ ਕੀਤੀ ਹੈ। ਜਾਣਕਾਰੀ ਅਨੁਸਾਰ ਜਲੰਧਰ ਦੇ ਸੋਢਲ ਦੇ ਪ੍ਰੀਤ ਨਗਰ ਵਿੱਚ ਲੋਕਾਂ ਨੇ ਇਕ ਪ੍ਰਵਾਸੀ ਨੂੰ 4 ਸਾਲ ਦੀ ਬੱਚੀ ਨੂੰ ਅਗਵਾ ਕਰਕੇ ਲਿਜਾਂਦੇ ਹੋਏ ਫੜ ਲਿਆ। ਇਸ ਦੌਰਾਨ ਲੋਕਾਂ ਨੇ ਉਸ ਵਿਅਕਤੀ ਦੀ ਜ਼ਬਰਦਸਤ ਛਿੱਤਰ-ਪਰੇਡ ਕੀਤੀ। ਲੋਕਾਂ ਦਾ ਆਰੋਪ ਹੈ ਕਿ ਉਕਤ ਵਿਅਕਤੀ ਨੇ 4 ਸਾਲ ਦੀ ਬੱਚੀ ਨਾਲ ਛੇੜਛਾੜ ਕੀਤੀ। ਜਿਸ ਤੋਂ ਬਾਅਦ ਉਹ ਮੌਕੇ ’ਤੇ ਹੀ ਫੜਿਆ



ਗਿਆ। ਇਸ ਦੌਰਾਨ ਲੋਕਾਂ ਨੇ ਉਸ ਵਿਅਕਤੀ ਨੂੰ ਰੱਸੀਆਂ ਨਾਲ ਬੰਨ੍ਹ ਕੇ ਚੱਪਲਾਂ ਨਾਲ ਛਿੱਤਰ-ਪਰੇਡ ਕੀਤੀ। ਲੋਕਾਂ ਨੇ ਘਟਨਾ ਬਾਰੇ ਪੁਲਸ ਨੂੰ ਸੂਚਿਤ ਕੀਤਾ। ਪੁਲਸ ਮੌਕੇ ’ਤੇ ਪਹੁੰਚੀ ਅਤੇ ਉਸ ਵਿਅਕਤੀ ਨੂੰ ਫੜ ਕੇ ਥਾਣੇ ਲੈ ਗਈ। ਮੀਡੀਆ ਨਾਲ ਗੱਲਬਾਤ ਕਰਦਿਆਂ ਜਾਂਚ ਅਧਿਕਾਰੀ ਨੇ ਕਿਹਾ ਕਿ ਉਕਤ ਵਿਅਕਤੀ ਬੱਚੀ ਨੂੰ ਸਕੂਲ ਤੋਂ ਆਉਂਦੇ ਸਮੇਂ ਅਗਵਾ ਕਰਕੇ ਭਜਾ ਕੇ ਲੈ ਜਾ ਰਿਹਾ ਸੀ। ਇਸ ਦੌਰਾਨ ਲੋਕਾਂ ਨੇ ਉਸਨੂੰ ਫੜ ਲਿਆ। ਦੂਜੇ ਪਾਸੇ ਜਦੋਂ ਜਾਂਚ ਅਧਿਕਾਰੀ ਨਾਲ ਬੱਚੀ ਨਾਲ ਛੇੜਛਾੜ ਬਾਰੇ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਛੇੜਛਾੜ ਦਾ ਕੋਈ ਮਾਮਲਾ ਸਾਹਮਣੇ ਨਹੀਂ ਆਇਆ ਹੈ। ਪੁਲਸ ਨੇ ਦੱਸਿਆ ਕਿ ਸਤਨਾਮ ਕੌਰ ਨੇ ਅਗਵਾ ਦੀ ਸ਼ਿਕਾਇਤ ਦਿੱਤੀ ਹੈ। ਪੀੜਤ ਪਰਿਵਾਰ ਵੱਲੋਂ ਦਿੱਤੀ ਗਈ ਸ਼ਿਕਾਇਤ ਵਿੱਚ ਅਗਵਾ ਦਾ ਜ਼ਿਕਰ ਕੀਤਾ ਗਿਆ ਹੈ। ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜਲੰਧਰ ਡਿਵੀਜ਼ਨ ਨੰਬਰ-8 ਦੇ ਐੱਸ. ਐੱਚ. ਓ. ਰਾਜਵਿੰਦਰ ਨੇ ਦੱਸਿਆ ਕਿ ਵਿਜੇ ਨਾਂ ਦੇ ਪ੍ਰਵਾਸੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪਰਿਵਾਰ ਵੱਲੋਂ ਆਰੋਪ ਲਗਾਏ ਗਏ ਹਨ ਕਿ ਉਕਤ ਪ੍ਰਵਾਸੀ ਵੱਲੋਂ ਬੱਚੀ ਨਾਲ ਜਬਰ-ਜ਼ਿਨਾਹ ਕਰਨ ਦੀ ਕੋਸ਼ਿਸ਼ ਵੀ ਕੀਤੀ ਗਈ ਹੈ। ਪਰਿਵਾਰ ਦੇ ਬਿਆਨਾਂ ਦੇ ਆਧਾਰ ’ਤੇ ਬੱਚੀ ਦਾ ਮੈਡੀਕਲ ਕਰਵਾਉਣ ਮਗਰੋਂ ਅਗਲੇਰੀ ਜਾਂਚ ਕੀਤੀ ਜਾਵੇਗੀ ਅਤੇ ਵੱਖ-ਵੱਖ ਧਰਾਵਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

**29 ਅਕਤੂਬਰ ਤੋਂ 8 ਨਵੰਬਰ 2025** ਅਤੇ **15 ਫਰਵਰੀ 2026 ਤੋਂ 25 ਫਰਵਰੀ 2026**

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।



★ ਸੰਪਰਕ ★

**ਭਾਈ ਰਘਵੀਰ ਸਿੰਘ**
**+44 7976 210161**


CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR
WEBSITE


SCAN HERE FOR
WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਧੁਰੋਂ ਸਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ

350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ



ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ : ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL +44 7458 381111, +44 7976 210161)

PARAMJIT SHERGILL
+44 7858 198159

INDERJIT KAUR
+44 7883 635835

KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ,
ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ,
ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ
29ਵਾਂ
ਸਲਾਨਾ ਗੁਰਮਤਿ
ਸਮਾਗਮ
ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ
ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।
ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
1 ਨਵੰਬਰ 2025 ਦਿਨ ਸ਼ਨੀਵਾਰ ਨੂੰ
ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404
ਆਵਾਜ਼ਿ ਕੌਮ
AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ ।

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**


Contact Detail :
+44 7458 381111 +44 7976 210161
email: gnstuk@hotmail.com


**To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.**

**--ADVICE--**

**Request to all Sangat to have own travel Insurance individualy!**

Program is subject to change without Prior Notice.

ਆਵਾਜ਼ਿ ਕੌਮ AWAZE QAUM

## JOURNEY OF A LIFE TIME
# PANJ TAKHAT YATRA
## 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


**RAGHBIR SINGH**
+44 7458 381111, +44 7976 210161

**PARAMJIT SHERGILL**
+44 7858 198159

**INDERJIT KAUR**
+44 7883 635835

**KULVINDER MANN**
+44 7900 982906

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ।

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥

**RAGHBIR SINGH (Call : +44 7976 210161)**
121. Broadway west Walsall, West Midlands, WS1 4DW, England uk


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਊਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

**RAGHBIR SINGH**
+44 7458 381111, +44 7976 210161

**PARAMJIT SHERGILL**
+44 7858 198159

**INDERJIT KAUR**
+44 7883 635835

**KULWINDER MANN**
+44 7900 982906





### ਕੇਂਦਰ ਨੇ ਸਿੱਖ ਸੰਗਤ ਦੀ ਸੁਰੱਖਿਆ ਨੂੰ ਦਿੱਤੀ ਪਹਿਲ : ਪ੍ਰੋ. ਸਰਚਾਂਦ ਸਿੰਘ ਖਿਆਲਾ

# ਰਮੇਸ਼ ਸਿੰਘ ਅਰੋੜਾ ਪਾਕਿਸਤਾਨ 'ਚ ਸਿੱਖਾਂ ਅਤੇ ਗੁ: ਕਮੇਟੀ ਨੂੰ 'ਅਧਿਕਾਰ' ਦਿਵਾਉਣ ਦਾ ਸਾਹਸ ਦਿਖਾਉਣ

**ਅੰਮ੍ਰਿਤਸਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਭਾਰਤ-ਪਾਕਿਸਤਾਨ ਵਿਚਾਲੇ ਬਣੀ ਮੌਜੂਦਾ ਤਣਾਅ ਪੂਰਨ ਸਥਿਤੀ ਅਤੇ ਸੁਰੱਖਿਆ ਕਾਰਨਾਂ ਦੇ ਮੱਦੇਨਜ਼ਰ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਿੱਖ ਜਥੇ ਨੂੰ ਪਾਕਿਸਤਾਨ ਨਾ ਜਾਣ ਦੀ ਜਾਰੀ ਐਡਵਾਈਜ਼ਰੀ ਦਾ ਵਿਰੋਧ ਕਰ ਰਹੀਆਂ ਵਿਰੋਧੀ ਪਾਰਟੀਆਂ ਨੂੰ ਆੜੇ ਹੱਥੀਂ ਲਿਆ

> **ਕੀ ਮੌਜੂਦਾ ਸਥਿਤੀਆਂ 'ਚ ਜਥਾ ਭੇਜਣਾ ਸੰਭਵ ਸੀ ? ਕੀ ਮਾਨ ਸਰਕਾਰ ਸਿਖ ਜਥਿਆਂ ਦੀ ਜ਼ਿੰਮੇਵਾਰੀ ਲਵੇਗੀ ?**

ਅਤੇ ਕੇਂਦਰ ਦੀ ਭਾਜਪਾ ਸਰਕਾਰ ਖ਼ਿਲਾਫ਼ ਗ਼ਲਤ ਨੈਰੇਟਿਵ ਬਿਠਾਉਣ ਦੀ ਕੋਸ਼ਿਸ਼ ਪ੍ਰਤੀ ਸਿੱਖ ਪੰਥ ਤੇ ਸਮੂਹ ਪੰਜਾਬੀਆਂ ਨੂੰ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ।

ਭਾਜਪਾ ਦੇ ਸਿੱਖ ਆਗੂ ਨੇ ਭਾਰਤੀ ਫ਼ੈਸਲੇ 'ਤੇ ਕਿੰਤੂ ਕਰਨ ਵਾਲੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਲਹਿੰਦੇ ਪੰਜਾਬ ਦੇ ਘਟ ਗਿਣਤੀ ਮਾਮਲਿਆਂ ਦੇ ਸੂਬਾਈ ਮੰਤਰੀ ਰਮੇਸ਼ ਸਿੰਘ ਅਰੋੜਾ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਉਹ ਭਾਰਤ 'ਤੇ ਬੇਤੁਕੀਆਂ ਟਿੱਪਣੀਆਂ ਕਰਨ ਤੋਂ ਪਹਿਲਾਂ ਆਪਣੇ ਹੀ ਦੇਸ਼ 'ਚ ਸਿੱਖਾਂ ਨੂੰ ਅਤੇ ਪਾਕਿਸਤਾਨ ਸਿੱਖ ਗੁ: ਕਮੇਟੀ ਨੂੰ 'ਅਧਿਕਾਰ' ਦਿਵਾਉਣ ਦਾ ਸਾਹਸ ਦਿਖਾਉਣ। ਪਾਕਿਸਤਾਨ ਦੀ ਕਮੇਟੀ ਅਸਲ ਵਿੱਚ ਇਵੈਕੁਈ ਟਰੱਸਟ ਪ੍ਰਾਪਰਟੀ ਬੋਰਡ ਦੀ ਕਠਪੁਤਲੀ ਹੈ, ਜੋ ਪੂਰੀ ਤਰ੍ਹਾਂ ਆਈ.ਐਸ.ਆਈ. ਦੇ ਕਬਜ਼ੇ ਹੇਠ ਹੈ।

ਸ. ਅਰੋੜਾ ਨੂੰ ਚੁਨੌਤੀ ਦਿੰਦਿਆਂ ਪੁੱਛਿਆ ਕਿ ਜੇਕਰ ਉਹ ਘੱਟ ਗਿਣਤੀਆਂ ਲਈ ਵਾਕਿਆ ਹੀ ਦਰਦਮੰਦ ਹੈ ਤਾਂ ਪਾਕਿਸਤਾਨ ਵਿਚ ਘੱਟ ਗਿਣਤੀ ਹਿੰਦੂ- ਸਿੱਖਾਂ ਨੂੰ ਆਪਣੇ ਧਾਰਮਿਕ ਅਸਥਾਨਾਂ ਤਕ ਕਿਉਂ ਨਹੀਂ ਜਾਣ ਦਿੱਤਾ ਜਾਂਦਾ ? ਇਵੈਕੁਈ ਬੋਰਡ ਦੀ ਸਾਲਾਨਾ ਆਮਦਨ 565 ਕਰੋੜ ਰੁਪਏ ਤੋਂ ਵੱਧ ਹੋਣ ਦੇ ਬਾਵਜੂਦ 517 ਇਤਿਹਾਸਕ ਗੁਰਦੁਆਰਿਆਂ 'ਚੋਂ ਸਿਰਫ਼ 21 ਅਤੇ 1130 ਮੰਦਰਾਂ 'ਚੋਂ ਕੇਵਲ 14 ਹੀ ਖੁੱਲ੍ਹੇ ਕਿਉਂ ਹਨ ? ਕੀ ਇਹ 1950 ਦੇ ਨਹਿਰੂ-ਲਿਆਕਤ ਪੈਕਟ ਅਤੇ 1955 ਦੇ ਪੰਤ-ਮਿਰਜ਼ਾ ਸਮਝੌਤੇ ਦੀ ਸਿੱਧੀ ਉਲੰਘਣਾ ਨਹੀਂ ਹੈ, ਜਿਨ੍ਹਾਂ ਵਿਚ ਘੱਟ ਗਿਣਤੀਆਂ ਦੀ ਧਾਰਮਿਕ ਆਜ਼ਾਦੀ ਅਤੇ ਧਰਮ ਸਥਾਨਾਂ ਦੀ ਸੰਭਾਲ ਦੀ ਗਰੰਟੀ ਦਿੱਤੀ ਗਈ ਸੀ ?



ਪ੍ਰੋ. ਖਿਆਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਮੇਸ਼ਾਂ ਸਿੱਖਾਂ ਅਤੇ ਪੰਜਾਬੀਆਂ ਲਈ ਵਿਸ਼ੇਸ਼ ਸਤਿਕਾਰ ਰੱਖਦੇ ਹਨ। ਉਨ੍ਹਾਂ ਦੀ ਸਰਕਾਰ ਨੇ ਸਿੱਖਾਂ ਦੀ ਸੁਰੱਖਿਆ ਨੂੰ ਰਾਜਨੀਤਕ ਫ਼ਾਇਦੇ ਨਾਲੋਂ ਹਮੇਸ਼ਾਂ ਉਪਰ ਰੱਖਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਭਾਵੇਂ ਪਾਕਿਸਤਾਨ 'ਚ ਸਿੱਖ ਜਥਿਆਂ ਨਾਲ ਵੱਡੀ ਘਟਨਾ ਨਹੀਂ ਵਾਪਰੀ, ਪਰ ਉੱਥੇ ਘੱਟ ਗਿਣਤੀਆਂ ਖਿਲਾਫ ਨਫ਼ਰਤ ਰੱਖਣ ਵਾਲੇ ਇਸਲਾਮੀ ਕੱਟੜਪੰਥੀਆਂ ਦੀ ਵੀ ਕੋਈ ਘਾਟ ਨਹੀਂ। ਜਥੇ ਨਾਲ ਕੋਈ ਅਣਚਾਹੀ ਘਟਨਾ ਵਾਪਰਦੀ ਹੈ ਤਾਂ ਭਾਰਤ ਕੋਲ ਪਾਕਿਸਤਾਨ ਖਿਲਾਫ ਅੰਤਰਰਾਸ਼ਟਰੀ ਪੱਧਰ 'ਤੇ ਕਾਰਵਾਈ ਦੇ ਮੌਕੇ ਜ਼ਰੂਰ ਬਣਦੇ ਹਨ, ਪਰ ਕੇਂਦਰ ਸਰਕਾਰ ਨੇ ਰਾਜਨੀਤਿਕ ਲਾਭ ਦੀ ਚਿੰਤਾ ਕੀਤੇ ਬਿਨਾਂ ਸਿੱਖ ਸੰਗਤ ਦੀ ਜਾਨ ਦੀ ਸੁਰੱਖਿਆ ਨੂੰ ਸਭ ਤੋਂ ਵੱਡੀ ਤਰਜੀਹ ਦਿੱਤੀ ਹੈ। ਜਦੋਂ ਕਿ ਵਿਰੋਧੀ ਪਾਰਟੀਆਂ ਦੇ ਕੁਝ ਆਗੂ ਅੱਜ ਸਿੱਖ ਭਾਵਨਾਵਾਂ ਤੇ ਆਸਥਾ ਦੇ ਨਾਂ 'ਤੇ ਘਟੀਆ ਸਿਆਸਤ ਕਰ ਰਹੇ ਹਨ।

ਵਿਚਾਰ ਆਪੋ-ਆਪਣਾ

ਭਗਵੰਤ ਮਾਨ ਸਰਕਾਰ ਨੂੰ ਆੜੇ ਹੱਥ ਲੈਂਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਮਾਨ ਨੂੰ ਸਿੱਖ ਧਾਰਮਿਕ ਭਾਵਨਾਵਾਂ ਨਾਲ ਕੋਈ ਲੈਣਾ ਦੇਣਾ ਨਹੀਂ। ਉਹ ਕੇਂਦਰ ਵੱਲੋਂ ਆਫ਼ਤ ਰਾਹਤ ਪ੍ਰਬੰਧਨ ਫ਼ੰਡ ਹੇਠ ਜਾਰੀ 12 ਹਜ਼ਾਰ ਕਰੋੜ ਰੁਪਏ ਦਾ ਹਿਸਾਬ ਦੇਣ ਦੀ ਬਜਾਏ ਲੋਕਾਂ ਦਾ ਧਿਆਨ ਭਟਕਾਉਣ ਲਈ ਧਾਰਮਿਕ ਮੁੱਦਿਆਂ ਦੀ ਆੜ ਲੈ ਰਹੇ ਹਨ। ਕੀ ਮਾਨ ਪਾਕਿਸਤਾਨ ਦੇ ਵਿਚ ਸਿਖ ਜਥਿਆਂ ਦੀ ਜ਼ਿੰਮੇਵਾਰੀ ਲੈ ਸਕਦੇ ਹਨ ?

ਉਨ੍ਹਾਂ ਕਿਹਾ ਕਿ ਅਪ੍ਰੈਲ ਮਹੀਨੇ ਪਹਿਲਗਾਮ ਵਿੱਚ ਹੋਏ ਦਹਿਸ਼ਤਗਰਦ ਹਮਲੇ 'ਚ 26 ਨਿਰਦੋਸ਼ ਭਾਰਤੀ ਨਾਗਰਿਕਾਂ ਦੀ ਹੱਤਿਆ ਤੋਂ ਬਾਅਦ ਭਾਰਤ ਨੇ ਪਾਕਿਸਤਾਨ ਨਾਲ ਸਾਰੇ ਕੂਟਨੀਤਕ ਅਤੇ ਵਪਾਰਕ ਸਬੰਧ ਤੋੜ ਲਏ ਸਨ। ਉਸ ਤੋਂ ਬਾਅਦ ਸਿੱਖ ਜਥਿਆਂ ਦੀ ਪਾਕਿਸਤਾਨ ਯਾਤਰਾ ਤੇ ਹਿੰਦੂਆਂ ਦੀ ਕਟਾਸ ਰਾਜ ਮੰਦਰ ਯਾਤਰਾ ਦੋਵੇਂ ਮੁਲਤਵੀ ਕੀਤੀਆਂ ਗਈਆਂ। ਮਈ ਮਹੀਨੇ ਭਾਰਤ ਵੱਲੋਂ ਚਲਾਏ ਆਪ੍ਰੇਸ਼ਨ ਸਿੰਦੂਰ ਹੇਠ ਪਾਕਿਸਤਾਨ ਦੇ 9 ਦਹਿਸ਼ਤਗਰਦ ਅੱਡੇ ਅਤੇ ਹਵਾਈ ਅੱਡੇ ਤਬਾਹ ਕੀਤੇ ਗਏ। ਕੀ ਇਨ੍ਹਾਂ ਸਥਿਤੀਆਂ ਵਿੱਚ ਜਥਿਆਂ ਨੂੰ ਭੇਜਣਾ ਸੰਭਵ ਸੀ ?

ਅਕਾਲੀਆਂ ਦੇ ਦੋਹਰੇ ਚਿਹਰੇ ਨੂੰ ਬੇਨਕਾਬ ਕਰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਇਸੇ ਸਾਲ ਜੂਨ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪ ਹੀ ਸੁਰੱਖਿਆ ਕਾਰਨਾਂ ਕਰਕੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਸਿੱਖ ਜਥੇ ਨੂੰ ਪਾਕਿਸਤਾਨ ਨਾ ਭੇਜਣ ਦਾ ਫ਼ੈਸਲਾ ਲਿਆ ਸੀ। ਉਸ ਵੇਲੇ ਅਕਾਲੀਆਂ ਦੇ "ਜਥੇਦਾਰ" ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਕੋਲ ਅੰਤਰਰਾਸ਼ਟਰੀ ਹਾਲਾਤ ਦੇ ਮੱਦੇਨਜ਼ਰ ਪਾਕਿਸਤਾਨ ਜਥਾ ਨਾ ਭੇਜਣ ਅਤੇ ਬਰਸੀ ਅੰਮ੍ਰਿਤਸਰ ਵਿਚ ਹੀ ਮਨਾਉਣ ਦੀ ਵਕਾਲਤ ਕੀਤੀ ਸੀ। ਅੱਜ ਉਹੀ ਲੋਕ ਕੇਂਦਰ ਸਰਕਾਰ 'ਤੇ ਬੇਬੁਨਿਆਦ ਦੋਸ਼ ਲਗਾ ਕੇ ਆਪਣਾ ਰਾਜਨੀਤਿਕ ਮੁੱਲ ਵਧਾਉਣ ਦੀ ਨਾਕਾਮ ਕੋਸ਼ਿਸ਼ ਕਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਪਸ਼ਟ ਕੀਤਾ ਕਿ ਕੇਂਦਰ ਸਰਕਾਰ ਦਾ ਇਹ ਫ਼ੈਸਲਾ ਸਿੱਖ ਸੰਗਤ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਸਭ ਤੋਂ ਵੱਡੀ ਪ੍ਰਾਥਮਿਕਤਾ ਦੇਣ ਦਾ ਸਬੂਤ ਹੈ, ਨਾ ਕਿ ਵਿਰੋਧੀਆਂ ਦੇ ਦਾਅਵਿਆਂ ਵਾਂਗ ਕਿਸੇ ਵੀ ਤਰ੍ਹਾਂ ਦਾ ਪੱਖਪਾਤ। ਅੰਤ ਵਿੱਚ ਪ੍ਰੋ. ਸਰਚਾਂਦ ਸਿੰਘ ਨੇ ਸਾਫ਼ ਕੀਤਾ ਕਿ ਕੇਂਦਰ ਸਰਕਾਰ ਨੇ ਕੋਈ ਰਾਜਨੀਤਿਕ ਨਹੀਂ, ਸਗੋਂ ਸਿੱਖ ਸੰਗਤ ਦੀ ਸੁਰੱਖਿਆ ਦੇ ਹਿੱਤ ਵਿੱਚ ਪੂਰੀ ਸੰਜੀਦਗੀ ਨਾਲ ਇਹ ਫ਼ੈਸਲਾ ਲਿਆ ਹੈ। ਸਿੱਖ ਪੰਥ ਨੂੰ ਵਿਰੋਧੀਆਂ ਦੀ ਝੂਠੇ ਨੈਰੇਟਿਵ ਦਾ ਸ਼ਿਕਾਰ ਹੋਣ ਦੀ ਬਜਾਏ ਸੱਚਾਈ ਅਤੇ ਹਕੀਕਤਾਂ ਨੂੰ ਸਮਝਣਾ ਚਾਹੀਦਾ ਹੈ।


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America - +1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ 07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne, PA19082
21 September
Garden state Sikh Association
977 Washington Vally Rd ,Basking Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

11ਵੀਂ ਯੂਕੇ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਕਾਰਡਿਫ ਵਿਖੇ ਹੋਈ ਸਮਾਪਤ - ਵੇਲਜ਼ 'ਚ ਪਹਿਲੀ ਵਾਰ ਆਯੋਜਿਤ : ਤਨਮਨਜੀਤ ਸਿੰਘ ਢੇਸੀ ਐਮਪੀ

# ਰੂਪ ਕੌਰ, ਨਵਜੋਤ ਸਿੰਘ ਤੇ ਗੁਰਦੀਪ ਸਿੰਘ ਨੇ ਜਿੱਤਿਆ ਪਹਿਲਾ ਸਥਾਨ








**ਚੰਡੀਗੜ੍ਹ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)** - ਗੱਤਕਾ ਫੈਡਰੇਸ਼ਨ ਯੂਕੇ ਵਲੋਂ ਕਾਰਡਿਫ, ਵੇਲਜ਼ ਵਿਖੇ ਆਯੋਜਿਤ ਗਿਆਰਵੀਂ ਕੌਮੀ ਗੱਤਕਾ ਚੈਂਪੀਅਨਸ਼ਿਪ ਬੜੇ ਉਤਸ਼ਾਹ ਅਤੇ ਜੋਸ਼ ਨਾਲ ਸਮਾਪਤ ਹੋਈ ਜਿਸ ਵਿੱਚ ਸੱਤ ਪ੍ਰਮੁੱਖ ਗੱਤਕਾ ਅਖਾੜਿਆਂ ਦੇ ਖਿਡਾਰੀਆਂ ਨੇ ਮੁਕਾਬਲਿਆਂ ਦੌਰਾਨ ਆਪਣੀਆਂ ਜੰਗੀ ਕਲਾਵਾਂ ਦੇ ਦਾਅ-ਪੇਚਾਂ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ।

ਵੇਲਜ਼ ਦੇ ਗੁਰਦੁਆਰਾ ਸਾਹਿਬ ਤੇ ਉੱਥੋਂ ਦੀ ਸੰਗਤ ਦੇ ਸਹਿਯੋਗ ਨਾਲ ਆਯੋਜਿਤ ਇਸ ਸਲਾਨਾ ਚੈਂਪੀਅਨਸ਼ਿਪ ਦਾ ਉਦਘਾਟਨ ਵਿਸ਼ਵ ਗੱਤਕਾ ਫੈਡਰੇਸ਼ਨ ਅਤੇ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਨੇ ਸਲੋਹ ਹਲਕੇ ਤੋਂ ਸੰਸਦ ਮੈਂਬਰ ਅਤੇ ਗੱਤਕਾ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਤਨਮਨਜੀਤ ਸਿੰਘ ਢੇਸੀ, ਜਗਬੀਰ ਸਿੰਘ ਜੱਗਾ ਚਕਰ, ਪ੍ਰਧਾਨ ਵੇਲਜ਼ ਕਬੱਡੀ ਕਲੱਬ, ਜਸਪਾਲ ਸਿੰਘ ਢੇਸੀ ਅਤੇ ਕੇਵਲ ਸਿੰਘ ਰੰਧਾਵਾ ਹਵੇਲੀ ਹੋਟਲ, ਪਾਂਟੀਕਲਾਨ ਦੀ ਹਾਜ਼ਰੀ ਵਿੱਚ ਕੀਤਾ ਗਿਆ।

ਨਤੀਜਿਆਂ ਦਾ ਐਲਾਨ ਕਰਦਿਆਂ ਹਾਊਸ ਆਫ਼ ਕਾਮਨਜ਼ ਦੀ ਉਚ ਤਾਕਤੀ ਰੱਖਿਆ ਕਮੇਟੀ ਦੇ ਚੇਅਰਮੈਨ ਢੇਸੀ ਨੇ ਕਿਹਾ ਕਿ ਬਰਤਾਨੀਆ ਦੀ ਨੌਜਵਾਨ ਪੀੜ੍ਹੀ ਵੱਲੋਂ ਗੱਤਕਾ ਖੇਡ ਪ੍ਰਤੀ ਵਧ ਰਹੀ ਦਿਲਚਸਪੀ ਉਸਾਰੂ ਕਦਮ ਹੈ ਅਤੇ ਅਗਲੇ ਸਾਲ ਹੋਰ ਖਿਡਾਰੀਆਂ ਨੂੰ ਵੀ ਇਸ ਟੂਰਨਾਮੈਂਟ ਲਈ ਆਕਰਸ਼ਿਤ ਕੀਤਾ ਜਾਵੇਗਾ। ਇਸ ਚੈਂਪੀਅਨਸ਼ਿਪ ਵਿੱਚ ਸਾਰੇ ਮੁਕਾਬਲੇ ਫੱਰੀ-ਸੋਟੀ (ਵਿਅਕਤੀਗਤ) ਵਰਗ ਵਿੱਚ ਹੀ ਖੇਡੇ ਗਏ। ਉਮਰ ਵਰਗ 14 ਸਾਲ ਤੋਂ ਘੱਟ ਦੇ ਮੁਕਾਬਲਿਆਂ ਵਿੱਚੋਂ ਅਕਾਲੀ ਫੂਲਾ ਸਿੰਘ ਗੱਤਕਾ ਅਖਾੜਾ ਕੋਵੈਂਟਰੀ ਦੀ ਰੂਪ ਕੌਰ ਨੇ ਆਪਣੇ ਹੀ ਅਖਾੜੇ ਦੀ ਗਤਕੇਬਾਜ਼ ਮਨਰੂਪ ਕੌਰ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ। ਬਾਬਾ ਬੰਦਾ ਸਿੰਘ ਗੱਤਕਾ ਅਖਾੜਾ ਗਰੇਵਜ਼ੈਂਡ ਦੀ ਰਿਹਾਨਾ ਕੌਰ ਤੀਜੇ ਸਥਾਨ ਤੇ ਰਹੀ।

ਇਸੇ ਤਰ੍ਹਾਂ 17 ਸਾਲ ਤੋਂ ਘੱਟ ਉਮਰ ਵਰਗ ਦੇ ਲੜਕਿਆਂ ਦੇ ਮੁਕਾਬਲਿਆਂ ਵਿੱਚੋਂ ਬਾਬਾ ਫਤਿਹ ਸਿੰਘ ਗੱਤਕਾ ਅਖਾੜਾ ਵੂਲਵਿਚ ਦੇ ਨਵਜੋਤ ਸਿੰਘ ਨੇ ਆਪਣੇ ਹੀ ਅਖਾੜੇ ਦੇ ਖਿਡਾਰੀ ਜਸ਼ਨ ਸਿੰਘ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ। ਇਸੇ ਵਰਗ ਵਿੱਚ ਕੋਵੈਂਟਰੀ ਤੋਂ ਅਕਾਲੀ ਫੂਲਾ ਸਿੰਘ ਗੱਤਕਾ ਅਖਾੜੇ ਦੇ ਧਰਮ ਸਿੰਘ ਅਤੇ ਤੇਜਵੀਰ ਸਿੰਘ ਨੇ ਸਾਂਝੇ ਤੌਰ ਤੇ ਤੀਜਾ ਸਥਾਨ ਪ੍ਰਾਪਤ ਕੀਤਾ। 18 ਸਾਲ ਤੋਂ ਵੱਧ ਉਮਰ ਦੇ ਮੁਕਾਬਲਿਆਂ ਵਿੱਚੋਂ ਜੰਗੀ ਹੋਰਸਿਜ਼ ਕਲੱਬ ਵੂਲਵਰਹੈਂਪਟਨ ਦੇ ਗਤਕੇਬਾਜ਼ ਗੁਰਦੀਪ ਸਿੰਘ ਨੇ ਬਾਬਾ ਬੰਦਾ ਸਿੰਘ ਗੱਤਕਾ ਅਖਾੜਾ ਗਰੇਵਜ਼ੈਂਡ ਦੇ ਕੁਲਦੀਪ ਸਿੰਘ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ। ਇਸ ਮੁਕਾਬਲੇ ਵਿੱਚ ਤੀਜਾ ਸਥਾਨ ਬਾਬਾ ਮਿੱਤ ਸਿੰਘ ਗੱਤਕਾ ਅਖਾੜਾ ਵੂਲਵਰਹੈਮਪਟਨ ਦੇ ਅਨਮੋਲਦੀਪ ਸਿੰਘ ਅਤੇ ਨਿਹਾਲ ਸਿੰਘ ਨੇ ਸਾਂਝੇ ਤੌਰ ਤੇ ਹਾਸਲ ਕੀਤਾ। ਸਾਰੇ ਜੇਤੂ ਖਿਡਾਰੀਆਂ ਨੂੰ ਤਗਮੇ ਅਤੇ ਸਨਮਾਨ ਚਿੰਨ੍ਹ ਦਿੱਤੇ ਗਏ ਜਦਕਿ ਗੱਤਕਾ ਅਖਾੜਿਆਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਅਤੇ ਸਿਖਲਾਈ ਸਹੂਲਤਾਂ ਲਈ ਗੱਤਕਾ ਫੈਡਰੇਸ਼ਨ ਯੂਕੇ ਵੱਲੋਂ ਹਜ਼ਾਰ-ਹਜ਼ਾਰ ਪੌਂਡ ਦੀ ਨਗਦ ਸਹਾਇਤਾ ਰਾਸ਼ੀ ਪ੍ਰਦਾਨ ਕੀਤੀ ਗਈ।

## ਗੱਤਕਾ ਅਖਾੜਿਆਂ ਨੂੰ ਗੱਤਕਾ ਫੈਡਰੇਸ਼ਨ ਯੂਕੇ ਵੱਲੋਂ ਹਜ਼ਾਰ-ਹਜ਼ਾਰ ਪੌਂਡ ਦੀ ਸਹਾਇਤਾ ਰਾਸ਼ੀ

ਇਸ ਮੌਕੇ ਸੰਬੋਧਨ ਕਰਦਿਆਂ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਸੰਸਦ ਮੈਂਬਰ ਢੇਸੀ ਵੱਲੋਂ ਸਾਲ 2013 ਤੋਂ ਯੂਕੇ ਵਿੱਚ ਲਗਾਤਾਰ ਗੱਤਕਾ ਟੂਰਨਾਮੈਂਟ ਕਰਵਾਏ ਜਾ ਰਹੇ ਹਨ ਅਤੇ ਉਨ੍ਹਾਂ ਵੱਲੋਂ ਇਸ ਖੇਡ ਦੇ ਪ੍ਰਚਾਰ-ਪ੍ਰਸਾਰ ਲਈ ਕੀਤੀ ਜਾ ਰਹੀ ਸੇਵਾ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਯਕੀਨ ਦਿਵਾਇਆ ਕਿ ਵਿਸ਼ਵ ਗੱਤਕਾ ਫੈਡਰੇਸ਼ਨ ਅਤੇ ਨੈਸ਼ਨਲ ਗੱਤਕਾ ਐਸੋਸੀਏਸ਼ਨ ਵੱਲੋਂ ਗੱਤਕਾ ਫੈਡਰੇਸ਼ਨ ਯੂਕੇ ਨੂੰ ਹਰ ਸੰਭਵ ਸਹਿਯੋਗ ਜਾਰੀ ਰਹੇਗਾ।

ਆਪਣੇ ਸੰਬੋਧਨ ਵਿੱਚ ਤਨਮਨਜੀਤ ਸਿੰਘ ਢੇਸੀ ਨੇ ਸਾਰੇ ਜੇਤੂਆਂ, ਭਾਗ ਲੈਣ ਵਾਲਿਆਂ ਅਤੇ ਵਾਲੰਟੀਅਰਾਂ ਨੂੰ ਵਧਾਈ ਦਿੰਦਿਆਂ ਸਵਾਂਜ਼ੀ ਅਤੇ ਕਾਰਡਿਫ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਸੰਗਤਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਨ੍ਹਾਂ ਦੇ ਸਹਿਯੋਗ ਨਾਲ ਇਹ ਟੂਰਨਾਮੈਂਟ ਕਾਮਯਾਬ ਹੋਇਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਮਨ ਸਿੰਘ ਜੋਹਲ, ਜਨਰਲ ਸਕੱਤਰ ਗੱਤਕਾ ਫੈਡਰੇਸ਼ਨ ਯੂਕੇ, ਖ਼ੁਸ਼ਵੰਤ ਸਿੰਘ ਅਤੇ ਜੀਤ ਸਿੰਘ ਅਰੋੜਾ ਸਵਾਂਜ਼ੀ ਗੁਰਦੁਆਰਾ ਕਮੇਟੀ, ਸੰਗਤ ਸਿੰਘ ਗਰੀਬ ਕਾਰਡਿਫ ਗੁਰਦੁਆਰਾ ਕਮੇਟੀ, ਕੁਲਦੀਪ ਸਿੰਘ ਪੱਡਾ, ਤਰਜੀਤ ਸਿੰਘ ਸੰਧੂ, ਰਾਜ ਬਾਜਵਾ, ਗੁਰਨਾਮ ਨਿੱਝਰ, ਜੀਤਪਾਲ ਸਿੱਧੂ, ਪਰਮਿੰਦਰ ਸੂਜਾਪੁਰ, ਰਣਧੀਰ ਰੰਧਾਵਾ, ਬਲਬੀਰ ਬਰਾੜ, ਸਾਹਿਬ ਸਿੰਘ ਢੇਸੀ, ਤਾਰਨ ਸਿੰਘ ਨਿਹੰਗ ਕਾਰਡਿਫ, ਮਨਪ੍ਰੀਤ ਸਿੰਘ ਬੱਧਨੀ ਕਲਾਂ, ਅਕਾਲ ਚੈਨਲ ਦੀ ਟੀਮ, ਅਮਨਪ੍ਰੀਤ ਸਿੰਘ ਸਿੱਖ ਚੈਨਲ, ਅਮਨਜੀਤ ਸਿੰਘ ਖਹਿਰਾ ਜਨ ਸ਼ਕਤੀ ਨਿਊਜ ਆਦਿ ਹਾਜ਼ਰ ਸਨ।

# ਅਕਾਲ ਯੂਨੀਵਰਸਿਟੀ ਅਤੇ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਫ਼ਾਜ਼ਿਲਕਾ ਦੇ ਹੜ੍ਹ ਪੀੜਤਾਂ ਲਈ ਰਾਹਤ ਮਿਸ਼ਨ ਚਲਾਇਆ ਗਿਆ




**ਤਲਵੰਡੀ ਸਾਬੋ, 16 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਅਕਾਲ ਯੂਨੀਵਰਸਿਟੀ ਅਤੇ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਫ਼ਾਜ਼ਿਲਕਾ ਦੇ ਹੜ੍ਹ ਪੀੜਤਾਂ ਲਈ ਰਾਹਤ ਮਿਸ਼ਨ ਚਲਾਇਆ ਗਿਆ। ਐਨ.ਐੱਸ.ਐੱਸ. ਵਲੰਟੀਅਰਾਂ ਅਤੇ ਅਧਿਆਪਕਾਂ ਨੇ ਮਿਲ ਕੇ ਇਹ ਉਪਰਾਲਾ ਕੀਤਾ। ਇਸ ਰਾਹਤ ਕਾਫ਼ਲੇ ਨੂੰ ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਜੀ.ਐਸ. ਲਾਂਬਾ ਨੇ ਹਰੀ ਝੰਡੀ ਦਿੱਤੀ ਅਤੇ ਸੇਵਾ ਦੇ ਜਜ਼ਬੇ ਲਈ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਪੂਰੇ ਰਾਹਤ ਮਿਸ਼ਨ ਦੀ ਅਗਵਾਈ ਅਕਾਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਗੁਰਮੇਲ ਸਿੰਘ ਵੱਲੋਂ ਕੀਤੀ ਗਈ। ਰਾਹਤ ਲਈ ਵਿਦਿਆਰਥੀਆਂ ਅਤੇ ਸਟਾਫ਼ ਨੇ ਦਾਨ ਇਕੱਠਾ ਕਰਕੇ ਸੁੱਕੇ ਕੱਪੜੇ, ਖਾਣ-ਪੀਣ ਦਾ ਸਮਾਨ ਅਤੇ ਹੋਰ ਜ਼ਰੂਰੀ ਸਾਮਾਨ ਤਿਆਰ ਕੀਤਾ, ਜੋ ਵਲੰਟੀਅਰਾਂ ਨੇ ਪੀੜਤ ਪਰਿਵਾਰਾਂ ਤੱਕ ਖੁਦ ਪਹੁੰਚਾਇਆ। ਜ਼ਰੂਰਤ ਦਾ ਸਮਾਨ ਪਹੁੰਚਾਉਣ ਦੇ ਨਾਲ ਨਾਲ ਉਨ੍ਹਾਂ ਨੇ ਪੀੜਤਾਂ ਦਾ ਉਤਸ਼ਾਹ ਵੀ ਵਧਾਇਆ। ਐਨ.ਐੱਸ.ਐੱਸ. ਦੇ ਨੌਜਵਾਨ ਵਲੰਟੀਅਰਾਂ ਲਈ ਇਹ ਅਨੁਭਵ ਮਹੱਤਵਪੂਰਨ ਸਾਬਤ ਹੋਇਆ। ਕਲਗੀਧਰ ਟਰੱਸਟ ਬੜੂ ਸਾਹਿਬ ਦੇ ਸੇਵਾਦਾਰਾਂ ਦੇ ਨਾਲ ਕੰਮ ਕਰਦਿਆਂ ਉਨ੍ਹਾਂ ਨੇ ਦੇਖਿਆ ਕਿ ਅਸਲੀ ਸੇਵਾ ਸਿਰਫ਼ ਸਮਾਨ ਪਹੁੰਚਾਉਣ ਤੱਕ ਸੀਮਿਤ ਨਹੀਂ, ਇਹ ਤਾਂ ਘਰਾਂ ਨੂੰ ਮੁੜ ਵਸਾਉਣ ਅਤੇ ਟੁੱਟੇ ਹੋਏ ਮਨੋਬਲ ਨੂੰ ਫਿਰ ਜੋੜਣ ਤੱਕ ਫੈਲੀ ਹੋਈ ਹੈ। ਇਸ ਸਾਂਝੇ ਯਤਨ ਨੇ ਦਰਸਾਇਆ ਕਿ ਜਦੋਂ ਮਨੁੱਖਤਾ ਅਤੇ ਇਕਜੁੱਟਤਾ ਇਕੱਠੇ ਹੋਣ ਤਾਂ ਤਬਾਹੀ ਦੇ ਹਨੇਰੇ ਵਿੱਚ ਵੀ ਆਸ ਦੀ ਰੌਸ਼ਨੀ ਜਗਾਈ ਜਾ ਸਕਦੀ ਹੈ।

# ਕੇਂਦਰ ਅਤੇ ਪੰਜਾਬ ਸਰਕਾਰ ਦਲਿਤ ਭਾਈਚਾਰੇ ਲਈ ਵਿਸ਼ੇਸ਼ ਪੈਕੇਜ ਦਾ ਐਲਾਨ ਕਰੇ ਡਾਕਟਰ ਜਗਜੀਵਨ ਸਿੰਘ ਸੇਰਪੁਰ



ਸੇਰਪੁਰ ( ਰਣਜੀਤ ਸਿੰਘ ) ਪੰਜਾਬ ਵਿੱਚ ਬੇਮੌਸਮੀ ਬਾਰਿਸ਼ਾਂ ਕਾਰਨ ਜੋ ਪੰਜਾਬ ਵਿੱਚ ਹੜਾਂ ਨਾਲ ਹਜ਼ਾਰਾਂ ਹੀ ਗਰੀਬ ਲੋਕ ਘਰੋ ਬੇਘਰ ਹੋ ਗਏ , ਕੇਦਰ ਅਤੇ ਪੰਜਾਬ ਸਰਕਾਰ ਵੱਲੋਂਹਰੇਕ ਵਰਗ ਦੇ ਲੋਕਾਂ ਨੂੰ ਸਹੂਲਤਾਂ ਤੇ ਮੁਆਵਜ਼ਾ ਦੇਣ ਦੀ ਗੱਲ ਕੀਤੀ ਪਰ ਦਲਿਤ ਲੋਕਾਂ ਨੂੰ ਮੁਆਵਜਾ ਦੇਣ ਦੀ ਗੱਲ ਨਾ ਕੇਂਦਰ ਸਰਕਾਰ ਨੇ ਕੀਤੀ ਅਤੇ ਨਾ ਹੀ ਪੰਜਾਬ ਸਰਕਾਰ ਨੇ ਕੀਤੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜਪਾਰਟੀ ਦੇ ਹਲਕਾ ਬਰਨਾਲਾ ਦੇ ਇਨਚਾਰਜ ਉੱਘੇ ਸਮਾਜ ਸੇਵੀ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਨੇ ਕੀਤਾ। ਉਹਨਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੂੰ ਮਾੜੀ ਮੋਟੀ ਵੀ ਪੰਜਾਬ ਨਾਲ ਹਮਦਰਦੀ ਹੈ ਤਾਂ ਘੱਟੋ ਘੱਟ 30 ਹਜਾਰ ਕਰੋੜ ਰੁਪਏ ਦੀ ਮਾਲੀ ਮਦਦ ਬਿਨਾਂ ਕਿਸੇ ਹੋਰ ਦੇਰੀ ਦੇ ਪੰਜਾਬ ਨੂੰ ਦਿੱਤਾ ਜਾਵੇ ਤਾਂ ਜੋ ਪੰਜਾਬ ਦਾ ਕਿਸਾਨ ਅਤੇ ਮਜ਼ਦੂਰ ਆਪਣੇ ਪੈਰਾਂ ਸਿਰ ਖੜਾ ਹੋ ਸਕੇ। ਉਹਨਾਂ ਇਹ ਵੀ ਕਿਹਾ ਕਿ ਜੋ ਵੀ ਪੈਸਾ ਕੇਂਦਰ ਸਰਕਾਰ ਨੇ ਹੜ ਪੀੜਤਾਂ ਦੀ ਮਦਦ ਲਈ ਦੇਣਾ ਹੈ ਉਹ ਉਸਦੀ ਅਦਾਇਗੀ ਕੇਂਦਰ ਸਰਕਾਰ ਸਿੱਧਾ ਪੀੜਿਤ ਪਰਿਵਾਰਾਂ ਨੂੰ ਦਿੱਤਾ ਜਾਵੇ ਤਾਂ ਜੋ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਇਸ਼ਿਤਹਾਰਬਾਜੀ ਅਤੇ ਫਜ਼ੂਲ ਦੀ ਖਰਚੀ ਨਾ ਕਰ ਸਕੇ।

# ਰਾਹੁਲ ਗਾਂਧੀ ਨੂੰ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਰਮਦਾਸ ਵਿਖੇ ਸਿਰੋਪਾ ਦੇ ਕੇ ਸਨਮਾਨਿਤ ਕਰਵਾ ਕੇ ਸਿੱਖਾਂ ਦੇ ਅੱਲੇ ਜ਼ਖਮਾਂ 'ਤੇ ਛਿੜਕਿਆ ਗਿਆ ਨਮਕ: ਬੀਬੀ ਰਣਜੀਤ ਕੌਰ





ਨਵੀਂ ਦਿੱਲੀ 16 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਬੀਤੇ ਦਿਨੀਂ ਸਿੱਖਾਂ ਦੀ ਨਸਲਕੁਸ਼ੀ ਦੀ ਦੋਸ਼ੀ ਕਾਂਗਰਸ ਦੇ ਆਗੂ ਅਤੇ ਗਾਂਧੀ ਪਰਿਵਾਰ ਦੇ ਮੈਂਬਰ ਰਾਹੁਲ ਗਾਂਧੀ ਨੂੰ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਰਮਦਾਸ ਵਿਖੇ ਸਿਰੋਪਾ ਦੇ ਕੇ ਸਨਮਾਨਿਤ ਕਰਕੇ ਸਿੱਖਾਂ ਦੇ ਅੱਲੇ ਜ਼ਖਮਾਂ 'ਤੇ ਨਮਕ ਛਿੜਕਿਆ ਹੈ ਤੇ ਇਸ ਦੀ ਜਿਤਨੀ ਨਿਖੇਧੀ ਕੀਤੀ ਜਾਏ ਓਹ ਘੱਟ ਹੈ ਜਦਕਿ ਅੰਤ੍ਰਿੰਗ ਕਮੇਟੀ ਵੱਲੋਂ ਕੀਤੇ ਫੈਸਲੇ ਮੁਤਾਬਕ ਗੁਰਦੁਆਰੇ ਦੇ ਦਰਬਾਰ ਸਾਹਿਬ ਅੰਦਰ ਸਿਆਸੀ ਸ਼ਖ਼ਸੀਅਤਾਂ ਨੂੰ ਸਿਰੋਪਾ ਦੇਣ ਉੱਤੇ ਪਾਬੰਦੀ ਲਗਾਈ ਹੋਈ ਹੈ। ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਿਹਾ ਕਿ ਸਿੱਖਾਂ ਦੀ ਨਸਲਕੁਸ਼ੀ ਦੀ ਮੁੱਖ ਦੋਸ਼ੀ ਪਾਰਟੀ ਕਾਂਗਰਸ ਦੇ ਆਗੂ ਅਤੇ ਗਾਂਧੀ ਪਰਿਵਾਰ ਦੇ ਮੈਂਬਰ ਰਾਹੁਲ ਗਾਂਧੀ ਨੂੰ ਗੁਰਦੁਆਰੇ ਤੋਂ ਸਿਰੋਪਾ ਦੇਣਾ ਤਾਂ ਕਿਸੇ ਵੀ ਤਰ੍ਹਾਂ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਸਿੱਖ ਕਤਲੇਆਮ ਦੇ ਦੋਸ਼ੀ ਕਾਂਗਰਸੀ ਹਾਲੇ ਵੀਂ ਖੁਲੇਆਮ ਘੁੰਮਦੇ ਹੋਏ ਪੀੜਿਤ ਪਰਿਵਾਰਾਂ ਨੂੰ ਚਿੜਾ ਰਹੇ ਹਨ ਤੇ ਪੀੜਿਤ ਪਰਿਵਾਰ ਇੰਨਸਾਫ ਲਈ ਪਿਛਲੇ 41 ਸਾਲਾਂ ਤੋਂ ਹੁਣ ਤਕ ਅਦਾਲਤਾਂ ਦੇ ਚੱਕਰ ਕੱਟ ਰਹੇ ਹਨ । ਗਾਂਧੀ ਪਰਿਵਾਰ ਨੇ ਆਪਣੇ ਸੱਤਾ ਦੇ ਨਸ਼ੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਢਹਿ ਢੇਰੀ ਕੀਤਾ ਤੇ ਹੋਰ ਬਹੁਤ ਸਾਰੇ ਗੁਰਧਾਮਾਂ ਉਪਰ ਫੌਜ ਚੜ੍ਹਾ ਕੇ ਸਰਕਾਰੀ ਗੁੰਡਾਗਰਦੀ ਦਾ ਜੋ ਕਹਿਰ ਮਚਾਇਆ ਸੀ ਓਹ ਕਦੇ ਵੀਂ ਭੁੱਲਿਆ ਨਹੀਂ ਜਾ ਸਕਦਾ ਹੈ । ਦਿੱਲੀ ਅਤੇ ਹੋਰ ਰਾਜਾ ਵਿੱਚ ਸਿੱਖ ਨਸਲਕੁਸ਼ੀ ਦੇ ਜ਼ਿੰਮੇਵਾਰ ਗਾਂਧੀ ਪਰਿਵਾਰ ਦੇ ਫਰਜ਼ੰਦ ਰਾਹੁਲ ਗਾਂਧੀ ਨੂੰ ਸਿਰਪਾਓ ਦਿੱਤਾ ਗਿਆ ਤੇ ਉਹ ਵੀ ਐਸਜੀਪੀਸੀ ਦੇ ਪ੍ਰਬੰਧ ਹੇਠ ਆਉਂਦੇ ਗੁਰਦੁਆਰਾ ਸਾਹਿਬ ਵਿੱਚ, ਇਸ ਤੋਂ ਵੱਧ ਸਿੱਖ ਕੌਮ ਲਈ ਸ਼ਰਮਨਾਕ ਗੱਲ ਕੋਈ ਹੋਰ ਹੋ ਹੀ ਨਹੀਂ ਸਕਦੀ। ਹਾਲਾਂਕਿ ਐਸਜੀਪੀਸੀ ਪ੍ਰਧਾਨ ਜੀ ਵਲੋਂ ਮਾਮਲੇ ਦੀ ਤਹਿਕੀਕਾਤ ਕਰਣ ਦੇ ਆਦੇਸ਼ ਦਿੱਤੇ ਹਨ ਪਰ ਇਸਦੇ ਦੇ ਪਿੱਛੇ ਕਿਹੜੀਆਂ ਤਾਕਤਾਂ ਕੰਮ ਕਰ ਰਹੀਆਂ ਹਨ ਓਸ ਦਾ ਪਤਾ ਲਗਾਣਾ ਜਿਆਦਾ ਜਰੂਰੀ ਹੈ।

### ਗੁਰਦੁਆਰਾ ਸੰਤ ਖਾਲਸਾ ਜਨਮ ਅਸਥਾਨ ਪਿੰਡ ਰੋਡੇ ਵਿਖੇ

# ਅੱਸੂ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਵੱਲੋਂ ਹਾਜ਼ਰੀ ਲਗਵਾਈ ਗਈ ਅਤੇ ਹੜਾਂ ਵਿੱਚ ਚੱਲ ਰਹੀਆਂ ਸੇਵਾਵਾਂ ਬਾਰੇ ਦੱਸਿਆ ਗਿਆ • ਇਗਲੈਂਡ ਨਿਵਾਸੀ ਬਾਬਾ ਬਘੇਲ ਸਿੰਘ ਜੀ ਦੇ ਪਰਿਵਾਰ ਵੱਲੋਂ ਕਰਵਾਈ ਗਈ।**




ਆਵਾਜ਼ਿ ਕੌਮ AWAZE QAUM International Newspaper & WEB TV

ਮੋਗਾ, 16 ਸਤੰਬਰ (ਗੁਰਪ੍ਰੀਤ ਸਿੰਘ)-ਅੱਜ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਵਿਖੇ ਅੱਸੂ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ, ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ । ਉਪਰੰਤ ਗੁਰੂ ਘਰ ਦੇ ਕੀਰਤਨੀ ਜਥੇ ਵੱਲੋਂ ਸੰਗਤਾਂ ਨੂੰ ਕੀਰਤਨ ਦੁਆਰਾ ਗੁਰੂ ਚਰਨਾਂ ਨਾਲ ਜੋੜਿਆ ਗਿਆ। ਇਸ ਮੌਕੇ ਵਿਦਿਆਰਥੀ ਭਾਈ ਅਵਤਾਰ ਸਿੰਘ ਜੀ ਪਾਸੋਂ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਮਾਪਤੀ ਉਪਰੰਤ ਅਰਦਾਸ ਬੇਨਤੀ ਕੀਤੀ ਗਈ ਅਤੇ ਇਹ ਅਖੰਡ ਪਾਠ ਸਾਹਿਬ ਅਰੰਭ ਜਪਜੀ ਸਾਹਿਬ ਦੇ ਪਾਠਾਂ ਦੀ ਸੇਵਾ ਇਗਲੈਂਡ ਨਿਵਾਸੀ ਬਾਬਾ ਬਘੇਲ ਸਿੰਘ ਜੀ ਦੇ ਪਰਿਵਾਰ ਵੱਲੋਂ ਕਰਵਾਈ ਗਈ। ਇਸ ਮੌਕੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਵੱਲੋਂ ਹਾਜ਼ਰੀ ਲਗਵਾਈ ਗਈ ਅਤੇ ਹੜਾਂ ਵਿੱਚ ਚੱਲ ਰਹੀਆਂ ਸੇਵਾਵਾਂ ਬਾਰੇ ਦੱਸਿਆ ਗਿਆ ਅਤੇ ਸੰਗਤਾਂ ਨਾਲ ਆਪਣੇ ਬਚਨ ਸਾਂਝੇ ਕੀਤੇ ਗਏ। ਸਮਾਪਤੀ ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਸਮੂਹ ਸੇਵਾਦਾਰਾਂ ਵੱਲੋਂ ਆਪਣੀਆਂ ਸੇਵਾਵਾਂ ਨਿਭਾਈਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਯੁਕੇ ਦੀ ਗ੍ਰਹਿ ਸਕੱਤਰ ਸ਼ਬਾਨਾ ਮਹਿਮੂਦ ਨੇ ਸਿੱਖ ਔਰਤ 'ਤੇ ਹੋਏ ਬੇਰਹਿਮ ਨਸਲਵਾਦੀ ਹਮਲੇ ਅਤੇ ਬਲਾਤਕਾਰ ਦੀ ਕੀਤੀ ਸਖ਼ਤ ਨਿੰਦਾ

# ਸਿੱਖਾਂ ਉਪਰ ਹੋ ਰਹੇ ਨਸਲੀ ਅਤੇ ਜਿਸਮਾਨੀ ਹਮਲੇ ਚਿੰਤਾਜਨਕ: ਦਬਿੰਦਰਜੀਤ ਸਿੰਘ

**ਨਵੀਂ ਦਿੱਲੀ 16 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਬਰਤਾਨੀਆਂ ਦੀ ਗ੍ਰਹਿ ਸਕੱਤਰ ਸ਼ਬਾਨਾ ਮਹਿਮੂਦ ਨੇ ਸੰਸਦ ਵਿੱਚ ਓਲਡਬਰੀ ਵਿਖ਼ੇ ਸਿੱਖ ਔਰਤ 'ਤੇ ਹੋਏ ਬੇਰਹਿਮ ਨਸਲਵਾਦੀ ਹਮਲੇ ਅਤੇ ਬਲਾਤਕਾਰ ਦੀ ਸਖ਼ਤ ਨਿੰਦਾ ਕੀਤੀ ਹੈ । ਗ੍ਰਹਿ ਸਕੱਤਰ, ਸ਼ਬਾਨਾ ਮਹਿਮੂਦ ਤੋਂ ਸੰਸਦ ਵਿੱਚ ਪਿਛਲੇ ਮੰਗਲਵਾਰ ਨੂੰ ਓਲਡਬਰੀ ਵਿੱਚ ਇੱਕ ਨੌਜਵਾਨ ਸਿੱਖ ਔਰਤ 'ਤੇ ਹੋਏ ਬੇਰਹਿਮ ਨਸਲਵਾਦੀ ਹਮਲੇ ਅਤੇ ਬਲਾਤਕਾਰ ਬਾਰੇ ਪੁੱਛਿਆ ਗਿਆ। ਸਮੈਥਵਿਕ ਤੋਂ ਲੇਬਰ ਸੰਸਦ ਮੈਂਬਰ ਗੁਰਿੰਦਰ ਜੋਸਨ ਦੇ ਇੱਕ ਸਵਾਲ ਦਾ ਜਵਾਬ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਨਸਲ ਜਾਂ ਨਸਲੀ ਕਾਰਨ ਪ੍ਰੇਰਿਤ ਜਿਨਸੀ ਹਮਲੇ ਦੀ ਭਿਆਨਕਤਾ ਬਿਲਕੁਲ ਭਿਆਨਕ ਹੈ। ਉਨ੍ਹਾਂ ਕਿਹਾ ਮੈਨੂੰ ਯਕੀਨ ਹੈ ਕਿ ਪੂਰਾ ਸਦਨ ਅਜਿਹੇ ਅਪਰਾਧਾਂ ਦੀ ਸਖ਼ਤ ਤੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਨ ਵਿੱਚ ਮੇਰੇ ਨਾਲ ਸ਼ਾਮਲ ਹੋਵੇਗਾ। ਉਨ੍ਹਾਂ ਕਿਹਾ ਇਹ ਸਰਕਾਰ ਨਸਲੀ ਨਫ਼ਰਤ ਜਾਂ ਹਿੰਸਾ ਲਈ ਕਿਸੇ ਵੀ ਭੜਕਾਹਟ ਦਾ ਸਮਰਥਨ ਨਹੀਂ ਕਰੇਗੀ ਅਤੇ ਇਹ ਜ਼ਰੂਰੀ ਹੈ ਅਤੇ ਮੈਨੂੰ ਲੱਗਦਾ ਹੈ ਕਿ ਸਦਨ ਦੇ ਸਾਰੇ ਮੈਂਬਰਾਂ 'ਤੇ ਇਹ ਯਕੀਨੀ ਬਣਾਉਣਾ ਲਾਜ਼ਮੀ ਹੈ ਕਿ ਅਸੀਂ ਸਾਰੇ ਸਾਂਝੇ ਤੌਰ 'ਤੇ/ਸਮੂਹਿਕ ਤੌਰ 'ਤੇ ਇਸ ਲਾਈਨ ਨੂੰ ਬਣਾਈ ਰੱਖੀਏ। ਸਿੱਖ ਫੈਡਰੇਸ਼ਨ (ਯੂ.ਕੇ.) ਵਿਖੇ ਰਾਜਨੀਤਿਕ ਸ਼ਮੂਲੀਅਤ ਲਈ ਮੁੱਖ ਕਾਰਜਕਾਰੀ ਦਬਿੰਦਰਜੀਤ ਸਿੰਘ ਓ.ਬੀ.ਈ. ਨੇ ਕਿਹਾ ਅਸੀਂ ਅੱਜ ਸੰਸਦ ਵਿੱਚ ਗ੍ਰਹਿ ਸਕੱਤਰ ਦੁਆਰਾ ਓਲਡਬਰੀ ਵਿੱਚ ਹੋਏ ਨਿੰਦਣਯੋਗ ਅਤੇ ਬੇਰਹਿਮ ਨਸਲਵਾਦੀ ਜਿਨਸੀ ਹਮਲੇ ਦੀ ਨਿੰਦਾ ਦਾ ਸਵਾਗਤ ਕਰਦੇ ਹਾਂ। ਹਾਲਾਂਕਿ, ਇਹ ਸਿੱਖ ਵਿਰੋਧੀ ਨਫ਼ਰਤ ਦੀ ਸਹੀ ਪਛਾਣ ਅਤੇ ਸਰਕਾਰ ਨੂੰ ਸਿੱਖ ਭਾਈਚਾਰਕ ਸੰਗਠਨਾਂ ਨਾਲ ਕਿਵੇਂ ਕੰਮ ਕਰਨ ਦੀ ਲੋੜ ਹੈ, ਇਸ ਬਾਰੇ ਸਰਕਾਰ ਨਾਲ ਗੱਲਬਾਤ ਦੀ ਸ਼ੁਰੂਆਤ ਹੋਣੀ ਚਾਹੀਦੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਨਫ਼ਰਤ ਦੇ ਅਪਰਾਧਾਂ ਦੀ ਰਿਪੋਰਟ ਪੁਲਿਸ ਨੂੰ ਕੀਤੀ ਜਾਵੇ, ਉਨ੍ਹਾਂ ਦੀ ਪਾਲਣਾ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਢੁਕਵੇਂ ਢੰਗ ਨਾਲ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਯੂਕੇ ਅੰਦਰ ਸਿੱਖਾਂ ਉਪਰ ਹੋ ਰਹੇ ਨਸਲੀ ਅਤੇ ਜਿਸਮਾਨੀ ਹਮਲੇ ਬਹੁਤ ਚਿੰਤਾਜਨਕ ਹਨ ਤੇ ਇੰਨ੍ਹਾ ਨੂੰ ਰੋਕਣ ਲਈ ਸਰਕਾਰ ਨੂੰ ਸਖ਼ਤ ਕਦਮ ਚੁੱਕਣ ਦੀ ਲੋੜ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## ਜ਼ਿਲ੍ਹਾ ਸੰਗਰੂਰ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ

# 1354166 ਮੀਟ੍ਰਿਕ ਟਨ ਆਮਦ ਹੋਣ ਦੀ ਸੰਭਾਵਨਾ, ਸਾਰੇ ਪ੍ਰਬੰਧ ਪੁਖ਼ਤਾ - ਡਿਪਟੀ ਕਮਿਸ਼ਨਰ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਸੰਗਰੂਰ ਵਿੱਚ ਅੱਜ ਭਾਵ 16 ਸਤੰਬਰ ਤੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਗਈ ਹੈ। ਖਰੀਫ਼ ਸੀਜ਼ਨ 2025-26 ਦੌਰਾਨ ਝੋਨੇ ਦੀ ਕੁਲ 1354166 ਮੀਟਰਕ ਟਨ ਆਮਦ ਹੋਣ ਦੀ ਸੰਭਾਵਨਾ ਹੈ। ਖਰੀਦ ਪ੍ਰਬੰਧਾਂ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਵਿੱਚ ਝੋਨੇ ਦੀ ਖਰੀਦ ਲਈ ਕੁੱਲ 172 ਖਰੀਦ ਕੇਂਦਰ ਘੋਸ਼ਿਤ ਕੀਤੇ ਗਏ ਹਨ। ਸਰਕਾਰ ਵਲੋਂ ਖਰੀਦ ਏਜੰਸੀਆਂ ਲਈ ਖਰੀਦ ਟੀਚੇ ਨਿਰਧਾਰਿਤ ਕੀਤੇ ਗਏ ਹਨ, ਜਿਸ ਤਹਿਤ ਪਨਗ੍ਰੇਨ 34 ਫੀਸਦੀ, ਪਨਸਪ 22 ਫੀਸਦੀ, ਮਾਰਕਫੈੱਡ 26 ਫੀਸਦੀ, ਵੇਅਰ ਹਾਊਸ 13 ਫੀਸਦੀ, ਐਫ.ਸੀ.ਆਈ. 5 ਫੀਸਦੀ ਖਰੀਦ ਕਰਨਗੀਆਂ। ਉਹਨਾਂ ਦੱਸਿਆ ਕਿ ਖਰੀਦ ਏਜੰਸੀਆਂ ਨੂੰ ਸੀਜ਼ਨ ਦੌਰਾਨ ਕੁੱਲ 37650 ਗੱਠਾਂ ਦੀ ਲੋੜ ਹੈ ਅਤੇ ਖਰੀਦ ਏਜੰਸੀਆਂ ਪਾਸ ਸਾਰੀਆਂ 37650 ਗੱਠਾਂ ਉਪਲਬਧ ਹਨ। ਜ਼ਿਲ੍ਹਾ ਸੰਗਰੂਰ ਵਿੱਚ ਕੁੱਲ 620 ਚੌਲ ਮਿੱਲਾਂ ਹਨ, ਜਿਸ ਵਿਚੋਂ ਲਗਭਗ ਸਾਰੀਆਂ ਮਿੱਲਾਂ ਅਲਾਟ ਕੀਤੀਆਂ ਜਾ ਚੁੱਕੀਆਂ ਹਨ। ਪੰਜਾਬ ਰਾਜ ਵਿੱਚ ਖਰੀਫ਼ ਸੀਜ਼ਨ 2025-26 ਦੌਰਾਨ ਝੋਨੇ ਦਾ ਘੱਟੋ ਘੱਟ ਸਮਰਥਨ ਮੁੱਲ 2389 ਰੁਪਏ ਪ੍ਰਤੀ ਕੁਵਿੰਟਲ ਨਿਰਧਾਰਿਤ ਕੀਤਾ ਗਿਆ ਹੈ। ਸਰਕਾਰ ਵਲੋਂ ਝੋਨੇ ਵਿੱਚ ਨਮੀ ਦੀ ਵੱਧ ਤੋਂ ਵੱਧ ਮਾਤਰਾ 17 ਫੀਸਦੀ ਨਿਰਧਾਰਿਤ ਕੀਤੀ ਗਈ ਹੈ। ਜ਼ਿਲ੍ਹਾ ਸੰਗਰੂਰ ਵਿੱਚ ਲੇਬਰ ਅਤੇ ਢੋਆ ਦੁਆਈ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਮੰਡੀ ਬੋਰਡ ਵਲੋਂ ਮੰਡੀਆਂ ਵਿੱਚ ਫੜ੍ਹਾਂ ਦੀ ਸਫਾਈ, ਪੀਣ ਦੇ ਪਾਣੀ, ਬਿਜਲੀ, ਛਾਂ, ਨਮੀ ਮਾਪਣ ਵਾਲੇ ਯੰਤਰ ਆਦਿ ਦੇ ਮੁਕੰਮਲ ਪ੍ਰਬੰਧ ਕਰ ਲਏ ਗਏ ਹਨ। ਸਮੂਹ ਖਰੀਦ ਏਜੰਸੀਆਂ ਵੱਲੋਂ ਮੰਡੀਆਂ ਵਿੱਚ ਖਰੀਦ ਅਮਲੇ ਦੀ ਨਿਯੁਕਤੀ ਕਰ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਖਰੀਫ਼ ਸੀਜ਼ਨ 2025-26 ਦੌਰਾਨ ਹਰ ਆੜ੍ਹਤੀਏ ਵਲੋਂ ਸੁਨਿਸ਼ਿਚਤ ਕੀਤਾ ਜਾਵੇਗਾ ਕਿ ਕਿਸਾਨਾਂ ਦੇ ਭੌਂ ਵੇਰਵਿਆਂ ਨੂੰ ਪੰਜਾਬ ਮੰਡੀ ਬੋਰਡ ਦੇ e-mandikaran-in portal ਅਤੇ ਖ਼ੁਰਾਕ ਸਪਲਾਈਜ਼ ਵਿਭਾਗ ਦੇ anaajkharid.in portal ਉੱਤੇ ਦਰਜ ਅਤੇ ਤਸਦੀਕ ਕੀਤੇ ਜਾਣ ਅਤੇ ਕਿਸਾਨ ਵਲੋਂ ਲਿਆਂਦੀ ਗਈ ਫਸਲ ਦਰਜ ਕੀਤੀ ਭੂਮੀ ਦੇ ਅਨੁਪਾਤ ਵਿੱਚ ਹੀ ਹੋਵੇ ।

ਉਹਨਾਂ ਕਿਹਾ ਕਿ ਖਰੀਫ਼ ਸੀਜ਼ਨ 2025-26 ਦੌਰਾਨ ਆੜ੍ਹਤੀਆ ਵਲੋਂ ਬੋਰੀਆਂ ਉਤੇ ਛਾਪਾ ਨੀਲੇ ਰੰਗ ਦੀ ਸਿਆਹੀ ਵਿੱਚ ਲਗਾਇਆ ਜਾਵੇਗਾ ਅਤੇ ਸਿਲਾਈ ਲਾਲ ਰੰਗ ਦੇ ਧਾਗੇ ਨਾਲ ਕੀਤੀ ਜਾਵੇਗੀ । ਮੰਡੀਆਂ ਵਿਚੋਂ ਖਰੀਦ ਕੀਤੇ ਝੋਨੇ ਦੀ ਚੁਕਾਈ 72 ਘੰਟਿਆਂ ਦੇ ਅੰਦਰ ਅੰਦਰ ਕੀਤੀ ਜਾਵੇਗੀ ਅਤੇ ਲਿਫਟਿੰਗ ਸਮੇਂ ਅਨਾਜ ਖਰੀਦ ਪੋਰਟਲ ਤੇ ਆਨਲਾਈਨ ਵਿਧੀ ਰਾਹੀਂ ਗੇਟ ਪਾਸ ਜਾਰੀ ਕੀਤੇ ਜਾਣਗੇ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਮੰਡੀਆਂ ਵਿੱਚ ਸੁੱਕੀ ਅਤੇ ਸਾਫ਼ ਫਸਲ ਲਿਆਉਣ ਤਾਂ ਜੌ ਉਹਨਾਂ ਨੂੰ ਨਮੀ ਘਟਣ ਤੱਕ ਮੰਡੀਆਂ ਵਿਚ ਰੁਕਣਾ ਨਾ ਪਵੇ।



ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ 'ਚ ਆਏ ਹੜ੍ਹਾਂ ਦੇ ਚਲਦਿਆਂ ਇਸ ਵਾਰ ਨਹੀਂ ਮਨਾਇਆ ਜਾਵੇਗਾ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ : ਰੰਧਾਵਾ

ਚੌਕ ਮਹਿਤਾ, 16 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸ਼ਹੀਦ ਭਗਤ ਸਿੰਘ ਸੋਸ਼ਲ ਐਂਡ ਸਪੋਰਟਸ ਵੈਲਫੇਅਰ ਸੋਸਾਇਟੀ ਅੰਮ੍ਰਿਤਸਰ ਦੀ ਇਕ ਮੀਟਿੰਗ ਮਨਜੀਤ ਸਿੰਘ ਭੋਮਾ ਸੋਸਾਇਟੀ ਪ੍ਰਧਾਨ ਦੀ ਪ੍ਰਧਾਨਗੀ ਹੇਠ ਗੁਰੂ ਨਾਨਕ ਮਾਡਲ ਸਕੂਲ ਮਜੀਠਾ ਵਿਖੇ ਹੋਈ। ਇਸ ਮੌਕੇ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ 28 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਜੀ ਦਾ ਜਨਮ ਦਿਨ ਇਸ ਵਾਰ ਨਹੀਂ ਮਨਾਇਆ ਜਾਵੇਗਾ ਕਿਉਂਕਿ ਹੜ੍ਹਾਂ ਕਾਰਨ ਪੰਜਾਬ ਵਿਚ ਬਹੁਤ ਭਾਰੀ ਨੁਕਸਾਨ ਹੋਇਆ ਹੈ, ਇਸ ਲਈ ਸ਼ਹੀਦ ਭਗਤ ਸਿੰਘ ਸੋਸਾਇਟੀ ਲੋਕ ਸੇਵਾ ਵਿਚ ਹੜ ਪੀੜਤਾਂ ਦੀ ਮਦਦ ਕਰਨ 'ਚ ਰੁਝੀ ਹੋਈ ਹੈ। ਇਸ ਮੌਕੇ ਮਨਜੀਤ ਸਿੰਘ ਭੋਮਾ ਪ੍ਰਧਾਨ, ਗੁਰਦੀਪ ਸਿੰਘ ਚੇਅਰਮੈਨ, ਜੋਗਾ ਸਿੰਘ ਸਕੱਤਰ, ਹਰਦੀਪ ਸਿੰਘ, ਜਗਤਾਰ ਸਿੰਘ ਮੀਡੀਆ ਇੰਚਾਰਜ, ਕੁਲਦੀਪ ਸਿੰਘ ਕਾਹਲੋਂ, ਬਲਜੀਤ ਸਿੰਘ ਕਾਹਲੋਂ ਵਿੱਤ ਸਕੱਤਰ, ਦੀਦਾਰ ਸਿੰਘ, ਸੁਦੇਸ਼ ਕੁਮਾਰ ਮਜੀਠਾ, ਸੰਦੀਪ ਕੁਮਾਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮੁੱਖ ਮੰਤਰੀ ਦੇ ਓਐਸਡੀ ਸੁੱਖੀ ਨੇ ਧੂਰੀ ਹਲਕੇ ਦੀਆਂ ਸਮੱਸਿਆਵਾਂ ਸੁਣੀਆਂ ਮੌਕੇ 'ਤੇ ਕੀਤਾ ਹੱਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਧੂਰੀ ਦਫਤਰ ਵਿਖੇ ਪਹੁੰਚ ਕੇ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਮੌਕੇ ਤੇ ਹੱਲ ਕੀਤਾ। ਇਸ ਮੌਕੇ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਸ,ਦਲਵੀਰ ਸਿੰਘ ਢਿੱਲੋ ਹਲਕਾ ਸੰਗਠਨ ਇੰਚਾਰਜ ਧੂਰੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਬਲਾਕ ਪ੍ਰਧਾਨ ਗਗਨ ਜਵੰਧਾ, ਬਲਾਕ ਪ੍ਰਧਾਨ ਸੁਰਜੀਤ ਸਿੰਘ ਰਾਜੋਮਾਜਰਾ,ਸੰਦੀਪ ਤਾਇਲ ਪੱਪੂ, ਕਾਲਾ ਬੇਨੜਾ, ਸਰਪੰਚ ਜਗਜੀਤ ਸਿੰਘ ਕੱਕੜਵਾਲ , ਐਡਵੋਕੇਟ ਹੈਪੀ ਗੋਇਲ,ਰਛਪਾਲ ਸਿੰਘ ਭੁੱਲਰ,ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ, ਕੁਲਦੀਪ ਸਿੰਘ ਬੁੱਟਰ, ਬਲਾਕ ਪ੍ਰਧਾਨ ਕਾਲਾ ਬੇਨੜਾ, ਪੁਸਪਿੰਦਰ ਸੋਮਾ ਐਮ,ਸੀ, , ਸੁਖਪਾਲ ਪਾਲਾ, ਸਰਪੰਚ ਰਾਜ ਸਿੰਘ ਮਾਨਵਾਲਾ, ਸਰਪੰਚ ਬਲਵੀਰ ਸਿੰਘ ਈਸੀ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਰਾਜੂ ਬਰੜਵਾਲ, ਦਰਸਨ ਸਿੰਘ ਪਾਠਕ, ਐਸੀ ਵਿੰਗ ਦੇ ਜ਼ਿਲਾ ਪ੍ਰਧਾਨ ਲਾਭ ਸਿੰਘ, ਨਪਿੰਦਰ ਸਿੰਘ ਕਾਂਝਲਾ, ਬਸੰਤ ਕੁਮਾਰ ਕਾਂਝਲਾ, ਰਣਜੋਧ ਸਿੰਘ ਕਾਂਝਲਾ, ਸਰਪੰਚ ਗੋਪੀ ਮੀਮਸਾ, ਮਾਣਾ ਗਰੇਵਾਲ, ਭਿੰਦਾ ਵਿਰਕ, ਜੱਜ ਧੂਰੀ, , ਮਨਦੀਪ ਸਿੰਘ ਰੰਗੀਆਂ, ਸੰਦੀਪ ਸਿੰਘ ਧੂਰੀ ਬੱਸ, ਬੱਬੂ ਧੂਰੀ ,ਅਰਸ ਧੂਰੀ ,ਸ਼ੰਭੂ ਧੂਰੀ , ਨਵਜੋਤ ਕੌਰ ਧੂਰੀ ,ਗੁਰਪ੍ਰੀਤ ਸਿੰਘ ਦੋਹਲਾ, ਨਰੇਸ ਸਿੰਗਲਾ,ਸੁਖਦੀਪ ਸਿੰਘ ਚੀਮਾ, ਸੁਰਜੀਤ ਸਿੰਘ ਪੰਚ ਪੇਧਨੀ, ਕਾਲਾ ਚੀਮਾ, ਕੁਲਦੀਪ ਸਿੰਘ ਪੰਚ ਪੇਧਨੀ, ਸਰਪੰਚ ਮੱਖਣ ਸਿੰਘ ਪੇਧਨੀ, ਮਨਪ੍ਰੀਤ ਸਿੰਘ ਸਲੇਮਪੁਰ, ਜਗਤਾਰ ਸਿੰਘ ਬਾਗੜੀ, ਗਿੰਨੀ ਸਲੇਮਪੁਰ ਹਾਜ਼ਰ।

ਆਵਾਜ਼ਿ ਕੌਮ AWAZE QAUM International Newspaper & WEB TV

# ਕਾਂਗਰਸ ਆਬਜ਼ਰਵਰ ਬਾਲਾ ਬੱਚਨ ਨਾਲ ਸੀ. ਕਾਂਗਰਸੀ ਆਗੂ ਜੀਤਮਹਿੰਦਰ ਸਿੰਘ ਸਿੱਧੂ ਨੇ ਕੀਤੀ ਮੁਲਾਕਾਤ



**ਤਲਵੰਡੀ ਸਾਬੋ, 16 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਕੁਲ ਹਿੰਦ ਕਾਂਗਰਸ ਕਮੇਟੀ ਵੱਲੋਂ ਬਠਿੰਡਾ ਜਿਲ੍ਹੇ ਚ ਪਾਰਟੀ ਦੇ ਸੰਗਠਨ ਦੇ ਵਿਸਥਾਰ ਵਾਸਤੇ ਆਬਜ਼ਰਵਰ ਨਿਯੁਕਤ ਕੀਤੇ ਗਏ ਬਾਲਾ ਬੱਚਨ ਸਾਬਕਾ ਗ੍ਰਹਿ ਅਤੇ ਜੇਲ੍ਹ ਮੰਤਰੀ ਮੱਧ ਪ੍ਰਦੇਸ਼ ਦੇ ਅੱਜ ਬਠਿੰਡਾ ਪਹੁੰਚਣ ਮੌਕੇ ਕਾਂਗਰਸ ਦੀ ਟਿਕਟ ਤੇ ਲੋਕ ਸਭਾ ਚੋਣ ਲੜ ਚੁੱਕੇ ਸੀਨੀਅਰ ਆਗੂ ਅਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਓਹਨਾਂ ਨਾਲ ਮੁਲਾਕਾਤ ਕਰਦਿਆਂ ਓਹਨਾਂ ਨੂੰ ਜੀ ਆਇਆਂ ਆਖਿਆ। ਮਿਲੀ ਜਾਣਕਾਰੀ ਅਨੁਸਾਰ ਉਕਤ ਮੁਲਾਕਾਤ ਦੌਰਾਨ ਸਿੱਧੂ ਨੇ ਬਾਲਾ ਬੱਚਨ ਨਾਲ ਕਈ ਅਹਿਮ ਮਸਲਿਆਂ ਸਬੰਧੀ ਵਿਚਾਰ ਚਰਚਾ ਕੀਤੀ। ਸਿੱਧੂ ਨੇ ਉਨਾਂ ਨੂੰ ਦੱਸਿਆ ਕਿ 2027 ਵਿਧਾਨ ਸਭਾ ਚੋਣਾਂ ਚ ਕਾਂਗਰਸ ਪਾਰਟੀ ਦੀ ਜਿੱਤ ਲਈ ਜਿਲ੍ਹੇ ਅੰਦਰ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੇ ਹੁਣੇ ਤੋਂ ਤਿਆਰੀਆਂ ਆਰੰਭ ਦਿੱਤੀਆਂ ਹਨ ਅਤੇ ਉਮੀਦ ਹੈ ਕਿ ਨਤੀਜੇ ਵੀ ਇੰਨ੍ਹਾਂ ਤਿਆਰੀਆਂ ਮੁਤਾਬਿਕ ਸ਼ਾਨਦਾਰ ਮਿਲਣਗੇ। ਉਕਤ ਮੁਲਾਕਾਤ ਸਮੇਂ ਉਨਾਂ ਨਾਲ ਜਿਲ੍ਹਾ ਕਾਂਗਰਸ ਕਮੇਟੀ ਬਠਿੰਡਾ (ਸ਼ਹਿਰੀ) ਦੇ ਪ੍ਰਧਾਨ ਰਾਜਨ ਗਰਗ, ਪ੍ਰੈੱਸ ਸਕੱਤਰ ਰੁਪਿੰਦਰ ਬਿੰਦਰਾ, ਮੇਜਰ ਸਿੰਘ ਸਕੱਤਰ ਇੰਟਕ ਤੇ ਹੋਰ ਆਗੂ ਨਜ਼ਰ ਆਏ।

# ਬਿਰਧ ਆਸ਼ਰਮ ਤਪਾ ਵਿੱਚ ਬਜ਼ੁਰਗਾਂ ਨੂੰ ਮੁ.ਫਤ ਦਿੱਤੀਆਂ ਜਾ ਰਹੀਆਂ ਹਨ ਸਹੂਲਤਾਂ - ਡਿਪਟੀ ਕਮਿਸ਼ਨਰ

## ਲੋੜਵੰਦ ਬਜ਼ੁਰਗ ਬਿਰਧ ਆਸ਼ਰਮ ਵਿਚ ਰਹਿਣ ਲਈ ਕਰਾਉਣ ਰਜਿਸਟ੍ਰੇਸ਼ਨ



**ਸੰਗਰੂਰ ( ਰਣਜੀਤ ਸਿੰਘ ਪੇਧਨੀ)**-ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਸਰਕਾਰ ਵਲੋਂ ਤਪਾ (ਜ਼ਿਲ੍ਹਾ ਬਰਨਾਲਾ) ਵਿਖੇ ਬਾਬਾ ਫੂਲ ਸਰਕਾਰੀ ਬਿਰਧ ਆਸ਼ਰਮ ਦੀ ਸਹੂਲਤ ਦਿੱਤੀ ਗਈ ਹੈ। ਇਹ ਬਿਰਧ ਆਸ਼ਰਮ 72 ਬੈੱਡਾਂ ਦਾ ਹੈ, ਜਿਥੇ ਬਜ਼ੁਰਗ ਰਹਿ ਵੀ ਰਹੇ ਹਨ। ਉਨ੍ਹਾਂ ਕਿਹਾ ਕਿ ਜੋ ਵੀ ਲੋੜਵੰਦ ਬਜ਼ੁਰਗ ਬਿਰਧ ਆਸ਼ਰਮ ਵਿੱਚ ਰਹਿਣਾ ਚਾਹੁੰਦੇ ਹਨ ਉਹ ਆਪਣਾ ਅਧਾਰ ਕਾਰਡ ਲੈ ਕੇ ਤਹਿਸੀਲ ਕੰਪਲੈਕਸ, ਨੇੜੇ ਸੇਵਾ ਕੇਂਦਰ, ਹੰਡਿਆਇਆ ਰੋਡ, ਦਫਤਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ, ਬਰਨਾਲਾ ਜਾਂ ਆਪਣੇ ਬਲਾਕ ਨਾਲ ਸਬੰਧਤ ਦਫ਼ਤਰ ਬਾਲ ਵਿਕਾਸ ਪ੍ਰੋਜੈਕਟ ਅਫਸਰ (ਸੀ ਡੀ ਪੀ ਓ) ਵਿਖੇ ਜਾ ਕੇ ਆਪਣੀ ਰਜਿਸਟੇਰਸ਼ਨ ਕਰਵਾ ਸਕਦੇ ਹਨ। ਡਿਪਟੀ ਕਮਿਸ਼ਨਰ ਵੱਲੋਂ ਇਹ ਵੀ ਦੱਸਿਆ ਗਿਆ ਕਿ ਜੋ ਬਜ਼ੁਰਗ ਬਿਰਧ ਆਸ਼ਰਮ ਵਿੱਚ ਰਹਿ ਰਹੇ ਹਨ, ਉਨ੍ਹਾਂ ਨੂੰ ਰਹਿਣ ਲਈ ਕਮਰੇ, ਸਿਹਤ ਅਤੇ ਮੈਡੀਕਲ ਸੇਵਾਵਾਂ, ਖਾਣਾ ਪੀਣਾ, ਕੱਪੜੇ, ਸੁਰੱਖਿਆ ਅਤੇ ਸੰਭਾਲ, ਲਾਇਬ੍ਰੇਰੀ ਅਤੇ ਹੋਰ ਆਧੁਨਿਕ ਸਹੂਲਤਾਂ ਮੁਫਤ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਰਜਿਸਟ੍ਰੇਸ਼ਨ ਵਾਸਤੇ ਸਬੰਧਤ ਬਜ਼ੁਰਗ ਦਾ ਨਾਮ, ਪਿਤਾ ਦਾ ਨਾਮ, ਮੌਜੂਦਾ ਰਿਹਾਇਸ਼, ਮੋਬਾਈਲ ਨੰਬਰ, ਆਧਾਰ ਕਾਰਡ ਨੰਬਰ ਆਦਿ ਲੋੜੀਂਦਾ ਹੈ। ਵਧੇਰੇ ਜਾਣਕਾਰੀ ਲਈ 8728045025 'ਤੇ ਸੰਪਰਕ ਕੀਤਾ ਜਾਵੇ।

ਹੜ ਪੀੜਤਾਂ ਦੀ ਸਹਾਇਤਾ ਲਈ ਅੱਗੇ ਆਏ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕੇ ਵਾਲੇ

# ਦੋ ਟਰੱਕ ਰਵਾਨਾ ਕੀਤੇ ਜ਼ਰੂਰੀ ਵਸਤੂਆਂ ਦੇ









**ਚੌਕ ਮਹਿਤਾ, 16 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਬਾਬਾ ਗੁਰਦੀਪ ਸਿੰਘ ਮੁੱਖੀ ਗੁਰਦੁਆਰਾ ਟਾਹਲਾ ਸਾਹਿਬ ਪੁੱਲ ਤਰਸਿੱਕੇ ਵਾਲਿਆਂ ਦੀ ਅਗਵਾਈ ਹੇਠ ਅਤੇ ਐਨ ਆਰ ਆਈ ਭਾਈ ਰਣਜੀਤ ਸਿੰਘ ਇਟਲੀ, ਭਾਈ ਜਸਪਾਲ ਸਿੰਘ ਇਟਲੀ, ਭਾਈ ਭੁਪਿੰਦਰ ਸਿੰਘ ਭਿੰਦਾ ਇਟਲੀ,ਭਾਈ ਸਰਬਜੀਤ ਸਿੰਘ ਇਟਲੀ ਭਾਈ ਕਮਲਜੀਤ ਸਿੰਘ ਇਟਲੀ ਵਾਲਿਆ ਅਤੇ ਹੋਰ ਸੰਗਤਾਂ ਦੀ ਸਹਾਇਤਾ ਨਾਲ ਹੜ ਪੀੜਤਾਂ ਦੀ ਸਹਾਇਤਾ ਲਈ ਦਿਨ ਰਾਤ ਇੱਕ ਕਰਕੇ ਹੜ ਪੀੜਤਾਂ ਦੀ ਸਹਾਇਤਾ ਲਈ ਆਪਣੀ ਕੀਮਤੀ ਜਾਨਾਂ ਦੀ ਪਰਵਾਹ ਨਾ ਕਰਦੇ ਹੋਏ ਡੂੰਘੇ ਪਾਣੀਆਂ ਵਿੱਚੋਂ ਲੰਘ ਕੇ ਹੜ ਪੀੜਤਾਂ ਨੂੰ ਲੋੜੀਂਦੀਆਂ ਵਸਤੂਆਂ ਘਰ ਘਰ ਭੇਜਣ ਵਾਲੇ ਬਹੁਤ ਹੀ ਦਿਆਲੂ ਕਿਰਪਾਲੂ ਸੰਤ ਬਾਬਾ ਗੁਰਦੀਪ ਸਿੰਘ ਜੀ ਨੇ ਹੜ ਪੀੜਤਾਂ ਦੀ ਸਹਾਇਤਾ ਦੋ ਟਰੱਕ ਰਾਸ਼ਨ, ਭਾਂਡੇ ਡਬਲ ਬੈਡ ਦੇ ਕੰਬਲ , ਦੁੱਧ, ਪਾਣੀ,ਬਰੈਡ, ਰਸ, ਬਿਸਕੁਟ , ਦਿਵਾਈਆ, ਕੱਚੇ ਕੋਠਿਆਂ ਉੱਪਰੋਂ ਪਾਉਣ ਲਈ ਵਧੀਆ ਤਰਪਾਲਾ ਅਤੇ ਹੋਰ ਜਰੂਰੀ ਵਸਤੂਆਂ ਦੇ ਦੋ ਟਰੱਕ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕੇ ਵਾਲਿਆਂ ਨੇ ਰਵਾਨਾ ਕੀਤੇ ਹਨ ਅਤੇ ਨਾਲ ਆਪਣੇ ਜਥੇ ਸਮੇਤ ਦਿਨ ਰਾਤ ਇੱਕ ਕਰਕੇ ਸੇਵਾ ਕਰ ਰਹੇ ਹਨ। ਭਾਵੇ ਬਾਬਾ ਜੀ ਦੀ ਆਪਣੀ ਸਿਹਤ ਠੀਕ ਨਾ ਹੋਣ ਕਰਕੇ ਫਿਰ ਸੰਗਤਾਂ ਦੀ ਸੇਵਾ ਦਿਨ ਰਾਤ ਕਰ ਰਹੇ ਹਨ।

# ਝੋਨੇ ਦੀ ਰਹਿੰਦ ਖੂੰਹਦ , ਪਰਾਲੀ ਅਤੇ ਨਾੜ ਨੂੰ ਅੱਗ ਲਗਾਉਣ ’ਤੇ ਪਾਬੰਦੀ

**ਸੰਗਰੂਰ ( ਰਣਜੀਤ ਸਿੰਘ ਪੇਧਨੀ)** -ਵਧੀਕ ਜ਼ਿਲ੍ਹਾ ਮੈਜਿਸਟਰੇਟ ਸੰਗਰੂਰ ਅਮਿਤ ਬੈਂਬੀ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸੰਗਰੂਰ ਦੀ ਹੱਦ ਅੰਦਰ ਝੋਨੇ ਦੀ ਕਟਾਈ ਤੋਂ ਬਾਅਦ ਫਸਲ ਦੀ ਰਹਿੰਦ ਖੂੰਹਦ, ਪਰਾਲੀ ਅਤੇ ਨਾੜ ਨੂੰ ਅੱਗ ਲਗਾਉਣ ’ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 11 ਨਵੰਬਰ 2025 ਤੱਕ ਲਾਗੂ ਰਹਿਣਗੇ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਆਮ ਤੌਰ ’ਤੇ ਵੇਖਣ ਵਿੱਚ ਆਇਆ ਹੈ ਕਿ ਕਈ ਕਿਸਾਨਾਂ ਵੱਲੋਂ ਝੋਨੇ ਦੀ ਕਟਾਈ ਤੋਂ ਬਾਅਦ ਫਸਲ ਦੀ ਰਹਿੰਦ ਖੂੰਹਦ ਅਤੇ ਨਾੜ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਨਾਲ ਨੁਕਸਾਨ ਹੋਣ ਦਾ ਖਦਸਾ ਬਣਿਆ ਰਹਿੰਦਾ ਹੈ।ਹਵਾ ਵਿੱਚ ਧੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ, ਜਿਸ ਨਾਲ ਸਾਹ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ। ਆਲੇ-ਦੁਆਲੇ ਖੜੀ ਫਸਲ ਜਾਂ ਪਿੰਡ ਵਿੱਚ ਵੀ ਅੱਗ ਲੱਗਣ ਦਾ ਡਰ ਰਹਿੰਦਾ ਹੈ। ਜਿਸ ਨਾਲ ਕਈ ਵੱਡੇ ਹਾਦਸੇ ਵੀ ਵਾਪਰ ਸਕਦੇ ਹਨ ਅਤੇ ਜਾਨੀ-ਮਾਲੀ ਨੁਕਸਾਨ ਹੋਣ ਦਾ ਖਤਰਾ ਹੁੰਦਾ ਹੈ। ਸੜਕ ਦੁਆਲੇ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ ਆਵਾਜਾਈ ਵਿੱਚ ਵਿਘਨ ਪੈਣ ਦੇ ਨਾਲ-ਨਾਲ ਹਾਦਸਾ ਹੋਣ ਦੀ ਵੀ ਸੰਭਾਵਨਾ ਬਣੀ ਰਹਿੰਦੀ ਹੈ, ਜਿਸ ਨਾਲ ਕਿਸੇ ਸਮੇਂ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਬਣਾਈ ਰੱਖਣਾ ਵੀ ਔਖਾ ਹੋ ਸਕਦਾ ਹੈ। ਇਸ ਨੂੰ ਰੋਕਣਾਂ ਲੋਕ ਹਿੱਤ ਵਿੱਚ ਬਹੁਤ ਜ਼ਰੂਰੀ ਹੈ ਅਤੇ ਤੁਰੰਤ ਲੋੜੀਂਦੇ ਕਦਮ ਚੁੱਕਣ ਦੀ ਜ਼ਰੂਰਤ ਜਾਪਦੀ ਹੈ।

# ਕੇਂਦਰ ਸਰਕਾਰ ਵੱਲੋਂ ਸਿੱਖ ਜਥਿਆਂ ਨੂੰ ਪਾਕਿਸਤਾਨ ਭੇਜਣ ਤੋਂ ਇਨਕਾਰ ਕਰਨ ਤੇ ਭੜਕਿਆ ਪਨੂੰ, ਅਯੁੱਧਿਆ ਵਿੱਚ ਦੀਵਾਲੀ ਦੇ ਜਸ਼ਨਾਂ ਨੂੰ ਰੋਕਣ ਦਾ ਦਿੱਤਾ ਸੱਦਾ

**ਨਵੀਂ ਦਿੱਲੀ 16 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:-ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਵਿੱਚ ਸ਼ਾਮਲ ਹੋਣ ਦੀ ਇੱਛਾ ਰੱਖਣ ਵਾਲੇ ਸਿੱਖ ਜਥਿਆਂ ਨੂੰ ਪ੍ਰਮਿਸ਼ਨ ਨਾ ਦੇਣ ਦੇ ਮੋਦੀ ਸਰਕਾਰ ਦੇ ਫੈਸਲੇ ਦਾ ਹਵਾਲਾ ਦਿੰਦੇ ਹੋਏ, ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਨੇ ਇੱਕ ਵੀਡੀਓ ਬਿਆਨ ਵਿੱਚ, ਅਯੁੱਧਿਆ ਵਿੱਚ ਦੀਵਾਲੀ ਦੇ ਜਸ਼ਨਾਂ ਨੂੰ ਰੋਕਣ ਦਾ ਸੱਦਾ ਦਿੱਤਾ ਹੈ। ਖਾਸ ਕਰਕੇ ਓਥੇ ਜਗਾਏ ਜਾ ਰਹੇ 26 ਲੱਖ ਦੀਵੇਆਂ ਦੀ ਮੁਹਿੰਮ ਅੰਦਰ ਖਲੱਲ ਪਾਣ ਵਿੱਚ ਸ਼ਾਮਲ ਹੋਣ ਅਤੇ ਇਸ ਦਾ ਸਮਰਥਨ ਕਰਨ ਵਾਲਿਆਂ ਨੂੰ 26 ਲੱਖ ਰੁਪਏ ਦੇ ਇਨਾਮ ਦਾ ਐਲਾਨ ਵੀਂ ਕੀਤਾ ਹੈ । ਉਨ੍ਹਾਂ ਪ੍ਰਧਾਨ ਮੰਤਰੀ ਮੋਦੀ ਅਤੇ ਮੁੱਖ ਮੰਤਰੀ ਯੋਗੀ ਨੂੰ ਸਿੱਧੀ ਚੁਣੌਤੀ ਦਿੰਦੇ ਹੋਏ ਕਿਹਾ: ਕਿ ਅਯੁੱਧਿਆ ਹਿੰਦੂਤਵ ਅੱਤਵਾਦ ਦਾ ਜਨਮ ਸਥਾਨ ਹੈ, ਇਹ ਨਿਸ਼ਾਨਾ ਹੋਵੇਗਾ - ਖਾਲਿਸਤਾਨ ਦਾ ਝੰਡਾ ਲਹਿਰਾਇਆ ਜਾਵੇਗਾ ਅਤੇ ਅਯੁੱਧਿਆ ਨੂੰ ਦੀਵਾਲੀ ਵਾਲੇ ਦਿਨ ਹਨੇਰੇ ਵਿੱਚ ਲਿਆਇਆ ਜਾਵੇਗਾ। ਕਿਉਂਕਿ ਸਿੱਖਾਂ ਨੂੰ ਨਨਕਾਣਾ ਸਾਹਿਬ ਵਿੱਚ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਤੋਂ ਰੋਕਿਆ ਗਿਆ ਹੈ, ਇਸ ਲਈ ਐਸਐਫਜੇ ਇਹ ਯਕੀਨੀ ਬਣਾਉਣ ਲਈ ਕੰਮ ਕਰੇਗਾ ਕਿ ਅਯੁੱਧਿਆ ਦਾ ਦੀਪਉਤਸਵ 2025 ਨਾ ਮਨਾਇਆ ਜਾ ਸਕੇ ਜਿਸ ਨਾਲ ਉਨ੍ਹਾਂ ਨੂੰ ਸਿੱਖ ਪੰਥ ਦੀ ਪੀੜਾ ਦੀ ਸਮਝ ਪੈ ਸਕੇ । ਜਿਕਰਯੋਗ ਹੈ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ਼ਿਮਲਾ ਸਮਝੌਤੇ ਤਹਿਤ ਹਰ ਸਾਲ ਵਡੀ ਗਿਣਤੀ ਅੰਦਰ ਸੰਗਤਾਂ ਪਾਕਿਸਤਾਨ ਜਾਦੀਆਂ ਹਨ ਤੇ ਇਸ ਵਾਰ ਕੇਂਦਰ ਸਰਕਾਰ ਵਲੋਂ ਸੁਰੱਖਿਆ ਦਾ ਹਵਾਲਾ ਦੇ ਕੇ ਸਿੱਖਾਂ ਨੂੰ ਪਾਕਿਸਤਾਨ ਜਾਣ ਦੀ ਇਜਾਜਤ ਨਹੀਂ ਦਿੱਤੀ ਹੈ ਤੇ ਸੰਸਾਰ ਭਰ ਵਿਚ ਇਸ ਦਾ ਵਿਰੋਧ ਹੋ ਰਿਹਾ ਹੈ ਕਿ ਕੇਂਦਰ ਸਰਕਾਰ ਭਾਰਤ ਅਤੇ ਪਾਕਿਸਤਾਨ ਦੌਰਾਨ ਕ੍ਰਿਕੇਟ ਮੈਚ ਤਾਂ ਖੇਡ ਸਕਦੀ ਹੈ ਪਰ ਸਿੱਖਾਂ ਦੇ ਮੁਕੱਦਸ ਅਸਥਾਨਾਂ ਦੇ ਦਰਸ਼ਨ ਦੀਦਾਰੇਆਂ ਲਈ ਇਜਾਜਤ ਨਹੀਂ ਦੇ ਰਹੀ ਹੈ।



# ਪੀਏਯੂ ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਵੱਲੋਂ ਪਿੰਡ ਬਿੱਗੜਵਾਲ ਵਿਖੇ ਝੋਨੇ ਦੀ ਪਰਾਲੀ ਪ੍ਰਬੰਧਨ ਸਬੰਧੀ ਲਗਾਇਆ ਜਾਗਰੂਕਤਾ ਕੈਂਪ



ਸੰਗਰੂਰ ( ਰਣਜੀਤ ਸਿੰਘ ਪੇਧਨੀ )- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਵੱਲੋਂ ਪਿੰਡ ਬਿੱਗੜਵਾਲ ਵਿਖੇ ਲਗਾਤਾਰ ਝੋਨੇ ਅਤੇ ਬਾਸਮਤੀ ਤੋਂ ਚੰਗਾ ਝਾੜ ਲੈਣ ਲਈ ਸਿਫਾਰਿਸ਼ ਨੁਕਤਿਆਂ ਸੰਬੰਧੀ ਅਤੇ ਝੋਨੇ ਦੀ ਪਰਾਲੀ ਨੂੰ ਬਗੈਰ ਅੱਗ ਲਗਾਏ ਖੇਤ ਵਿੱਚ ਹੀ ਸੰਭਾਲ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਵਿੱਚ ਪਿੰਡ ਦੇ ਅਗਾਂਹਵਧੂ 50 ਤੋਂ ਵੱਧ ਕਿਸਾਨਾਂ ਨੇ ਵੱਧ ਚੜ ਕੇ ਹਿੱਸਾ ਲਿਆ। ਕੈਂਪ ਦੀ ਪ੍ਰਧਾਨਗੀ ਕਰਦੇ ਹੋਏ ਡਾ. ਅਸ਼ੋਕ ਕੁਮਾਰ, ਜ਼ਿਲ੍ਹਾ ਪਸਾਰ ਵਿਗਿਆਨੀ ਨੇ ਪਹਿਲਾਂ ਝੋਨੇ ਦੀ ਪਰਾਲੀ ਦੇ ਖੇਤ ਵਿੱਚ ਹੀ ਪ੍ਰਬੰਧਨ ਲਈ ਹੈਪੀਸੀਡਰ, ਸੁਪਰ ਸੀਡਰ, ਪੀ ਏ ਯੂ ਸਮਾਰਟ ਸੀਡਰ ਅਤੇ ਸਰਫੇਸ ਸੀਡਿੰਗ-ਕਮ-ਮਲਚਿੰਗ ਵਿਧੀ ਨਾਲ ਕਣਕ ਦੀ ਬਿਜਾਈ ਕਰਨ ਬਾਰੇ ਵਿਸਥਾਰਪੂਰਵਕ ਦੱਸਿਆ। ਨਾਲ ਹੀ ਝੋਨੇ ਵਿੱਚ ਫੋਕ ਘਟਾਉਣ ਲਈ ਜਦੋਂ ਝੋਨਾ ਗੋਭ ਵਿੱਚ ਹੋਵੇ ਤਾਂ 1.5% ਪੋਟਾਸ਼ੀਅਮ ਨਾਈਟ੍ਰੇਟ (3 ਕਿਲੋ ਪੋਟਾਸ਼ੀਅਮ ਨਾਈਟ੍ਰੇਟ ਨੂੰ 200 ਲਿਟਰ ਪਾਣੀ ਵਿੱਚ ਪ੍ਰਤੀ ਏਕੜ) ਦੇ ਛਿੜਕਾਅ ਬਾਰੇ ਸੁਝਾਅ ਦਿੱਤਾ ।ਉਨ੍ਹਾਂ ਨੇ ਝੋਨੇ ਅਤੇ ਬਾਸਮਤੀ ਦੇ ਕੀੜਿਆਂ ਅਤੇ ਬਿਮਾਰੀਆਂ ਜਿਵੇਂ ਕਿ ਪੱਤਾ ਲਪੇਟ ਸੁੰਡੀ, ਸ਼ੀਥ ਬਲਾਈਟ ਅਤੇ ਬਲਾਸਟ ਦੇ ਪ੍ਰਬੰਧਨ ਲਈ ਨਵੀਆਂ ਸਿਫ਼ਾਰਸ਼ਾਂ ਬਾਰੇ ਗੱਲ ਕੀਤੀ। ਉਹਨਾਂ ਕਿਸਾਨਾਂ ਨੂੰ ਸਾਉਣੀ ਦੀ ਫਸਲ ਦੀ ਵਾਢੀ ਤੋਂ ਬਾਅਦ ਆਪਣੇ ਖੇਤ ਦੀ ਮਿੱਟੀ ਚੈੱਕ ਕਰਾਉਣ ਲਈ ਪ੍ਰੇਰਿਤ ਕੀਤਾ ਅਤੇ ਮਿੱਟੀ ਪਰਖ ਲਈ ਨਮੂਨਾ ਲੈਣ ਦੇ ਢੰਗ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਮਿੱਟੀ ਦੀ ਜੈਵਿਕ ਸਿਹਤ ਸੁਧਾਰਨ ਲਈ ਆ ਹਾੜੀ ਵਿੱਚ ਬੀਜੀ ਜਾਣ ਵਾਲੀ ਕਣਕ ਨੂੰ ਲੱਗਣ ਵਾਲੇ ਜੈਵਿਕ ਟੀਕੇ (ਕੰਨਸ਼ੋਰਸ਼ੀਅਮ) ਦੇ ਫਾਇਦਿਆਂ ਬਾਰੇ ਦੱਸਿਆ ।ਉਹਨਾਂ ਅੱਗੇ ਹਾੜੀ ਦੀਆਂ ਮੁੱਖ ਫਸਲਾਂ ਵਿੱਚ ਸੁਚੱਜੇ ਖੁਰਾਕ ਪ੍ਰਬੰਧਨ ਬਾਰੇ ਵਿਚਾਰ ਸਾਂਝੇ ਕੀਤੇ। ਕਿਸਾਨਾਂ ਨੂੰ ਹਾੜ੍ਹੀ ਵਿੱਚ ਬੀਜੀਆਂ ਜਾਣ ਵਾਲੀਆਂ ਕਣਕ ਦੀਆਂ ਸਿਫਾਰਿਸ਼ ਕਿਸਮਾਂ ਖਾਸ ਤੌਰ ਤੇ ਸ਼ੂਗਰ ਵਾਲੀ ਕਿਸਮ ਆਰ ਐਸ 1 ਅਤੇ ਪੀ ਬੀ ਡਬਲਯੂ ਬਿਸਕਿਟ 1 ਕਿਸਮ ਆਦਿ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ।ਘਰੇਲੂ ਬਗੀਚੀ ਦੀ ਮਹੱਤਤਾ ਨੂੰ ਮੁੱਖ ਰੱਖਦੇ ਹੋਏ ਉਹਨਾਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਤਿਆਰ ਸਰਦੀ ਰੁੱਤ ਦੀਆਂ ਸਬਜ਼ੀ ਦੀਆਂ ਕਿੱਟਾਂ ਬਾਰੇ ਚਾਨਣਾ ਪਾਇਆ ਅਤੇ ਸੇਲ ਵਾਸਤੇ ਵੀ ਉਪਲਬਧ ਕਰਵਾਇਆ ਗਿਆ ।ਇਸ ਮੌਕੇ ਪੀ.ਏ.ਯੂ ਸਾਹਿਤ ਦੀ ਪ੍ਰਦਰਸ਼ਨੀ ਅਤੇ ਸੇਲ ਵੀ ਕੀਤੀ ਗਈ ।ਇਸ ਦੇ ਨਾਲ ਹੀ ਪੀਏਯੂ ਲੁਧਿਆਣਾ ਵਲੋਂ ਹਾੜ੍ਹੀ ਰੁੱਤ ਲਈ ਲਗਾਏ ਜਾ ਰਹੇ ਕਿਸਾਨ ਮੇਲਿਆਂ ਦਾ ਪ੍ਰਚਾਰ ਵੀ ਕੀਤਾ। ਇਸ ਮੌਕੇ ਤੇ ਸ. ਨਿਰਭੈ ਸਿੰਘ ਨੇ ਕੈਂਪ ਲਗਾਉਣ ਵਿੱਚ ਪੂਰਾ ਸਹਿਯੋਗ ਦਿੱਤਾ ਅਤੇ ਨਾਲ ਹੀ ਸ. ਹਰਮੇਲ ਸਿੰਘ, ਸ. ਹਰਜਿੰਦਰ ਸਿੰਘ ਅਤੇ ਹੋਰ ਵੀ ਕੈਂਪ ਵਿੱਚ ਮੌਜੂਦ ਰਹੇ ।ਕੈਂਪ ਦੌਰਾਨ ਉੱਠੇ ਕਈ ਸਵਾਲ, ਜਿਸ ਵਿੱਚ ਕਣਕ ਦੀਆਂ ਨਵੀਆਂ ਕਿਸਮਾਂ ਦੇ ਬੀਜ, ਨੈਨੋ-ਯੂਰੀਆ, ਮਿੱਟੀ ਅਤੇ ਪਾਣੀ ਦਾ ਨਮੂਨਾ ਕਿਵੇਂ ਲੈਣਾ ਹੈ, ਜੈਵਿਕ ਮਾਦਾ ਵਧਾਉਣ ਦੇ ਤਰੀਕੇ ਆਦਿ ਦੇ ਪ੍ਰਭਾਵਸ਼ਾਲੀ ਢੰਗ ਨਾਲ ਉੱਤਰ ਦਿੱਤੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਈ ਕਾਰਜ ਸਿੰਘ ਡਲੀਰੀ ਦੇ ਸਤਿਕਾਰਯੋਗ ਪਿਤਾ ਸ੍ਰ ਗੁਰਮੁੱਖ ਸਿੰਘ ਜੀ ਦੇ ਨਮਿੱਤ

# ਸ਼ਰਧਾਂਜਲੀ ਸਮਾਗਮ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਵੱਖ-ਵੱਖ ਆਗੂਆਂ ਨੇ ਦਿੱਤੀ ਸ਼ਰਧਾਂਜਲੀ

## ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਪਹੁੰਚ ਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ









**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)-** ਇੰਟਰਨੈਸ਼ਨਲ ਪੰਥਕ ਦਲ ਜਿਲਾ ਤਰਨਤਾਰਨ ਦੇ ਕਿਸਾਨ ਬਚਾਓ ਮੋਰਚੇ ਦੇ ਪ੍ਰਧਾਨ ਭਾਈ ਕਾਰਜ ਸਿੰਘ ਜੀ ਡਲੀਰੀ ਦੇ ਸਤਿਕਾਰਯੋਗ ਪਿਤਾ ਸ੍ਰ ਗੁਰਮੁੱਖ ਸਿੰਘ ਜੀ ਜੋ ਬੀਤੇ ਦਿਨ ਆਪਣੇ ਸਵਾਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਨੂੰ ਭੋਗਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ ਉਹਨਾਂ ਦੇ ਨਮਿੱਤ ਰੱਖੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਅੰਤਿਮ ਅਰਦਾਸ ਪਿੰਡ ਡਲੀਰੀ ਗੁਰਦੁਆਰਾ ਸਾਹਿਬ ਵਿਖੇ ਹੋਈ। ਗੁਰਬਾਣੀ ਦੇ ਇਲਾਹੀ ਜਾਪ ਕਰਦੇ ਹੋਏ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਪਲਵਿੰਦਰ ਸਿੰਘ ਜੀ ਨੇ ਵੈਰਾਗਮਾਈ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਉਪਰੰਤ ਰਾਗੀ ਭਾਈ ਕਿਰਪਾਲ ਸਿੰਘ ਜੀ ਪੋਤਰਾ ਸ਼ਹੀਦ ਭਾਈ ਸਰਵਣ ਸਿੰਘ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਸੰਗਤਾਂ ਨੂੰ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇੰਟਰਨੈਸ਼ਨਲ ਪੰਥਕ ਦਲ ਦੇ ਵੱਖ ਵੱਖ ਆਗੂਆਂ ਨੇ ਪਹੁੰਚ ਕੇ ਹਾਜਰੀ ਭਰੀ ਅਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਜਿਸ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਵੱਲੋਂ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਵਾਗ ਵਾਲੇ ਕਾਰਜਕਾਰੀ ਪੰਜਾਬ ਪ੍ਰਧਾਨ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸ੍ਰ ਗੁਰਮੁੱਖ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਜਥੇਬੰਦੀ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਬੋਲਦਿਆਂ ਸੰਗਤਾਂ ਨੂੰ ਬਾਣੀ ਅਤੇ ਬਾਣੇ ਤੇ ਧਾਰਨੀ ਬਣਨ ਲਈ ਅਪੀਲ ਕੀਤੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਮਨੁੱਖਾ ਜੀਵਨ ਸਫਲ ਬਣਾਉਣ ਲਈ ਵਿਸਥਾਰ ਪੂਰਵਕ ਚਾਨਣਾ ਪਾਇਆ।ਵੱਖ ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਪਹੁੰਚ ਗਏ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਭਾਈ ਕਾਰਜ ਸਿੰਘ ਜੀ ਡਲੀਰੀ ਅਤੇ ਭਾਈ ਸੁਖਵੰਤ ਸਿੰਘ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਵਾਲੇ ਸਮੂਹ ਅਹੁਦੇਦਾਰਾਂ, ਸਮਾਜਿਕ ਅਤੇ ਰਾਜਨੀਤਕ ਵੱਖ ਵੱਖ ਸ਼ਖਸੀਅਤਾਂ ਵੱਡੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ ।ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਫੋਨ ਰਾਹੀਂ ਭਾਈ ਕਾਰਜ ਸਿੰਘ ਜੀ ਡਲੀਰੀ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੇ ਵਾਲੇ, ਭਾਈ ਸਤਨਮ ਸਿੰਘ ਜੀ ਸੈਦੋਲੇਹਲ ਜ਼ਿਲ੍ਹਾ ਪ੍ਰਧਾਨ ਸ੍ਰੀ ਅੰਮ੍ਰਿਤਸਰ ਕਿਸਾਨ ਵਿੰਗ, ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲ੍ਹਾ ਪ੍ਰਧਾਨ ਗੁਰਦਾਸਪੁਰ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ, ਭਾਈ ਬਲਬੀਰ ਸਿੰਘ ਜੀ ਲੱਧਾ ਮੁੰਡਾ ਜਿਲਾ ਪ੍ਰਧਾਨ ਗੁਰਦਾਸਪੁਰ ਕਿਸਾਨ ਵਿੰਗ, ਭਾਈ ਮਨਪ੍ਰੀਤ ਸਿੰਘ ਜੀ ਸੋਹੀ ਇਕਾਈ ਪ੍ਰਧਾਨ ਦਸ਼ਮੇਸ਼ ਨਗਰ, ਭਾਈ ਗੁਰਦਿਆਲ ਸਿੰਘ ਜੀ ਸੈਦੋਲੇਹਲ ਇਕਾਈ ਪ੍ਰਧਾਨ, ਭਾਈ ਸਕੱਤਰ ਸਿੰਘ ਜੀ ਡਲੀਰੀ, ਸ੍ਰ ਰਮਨ ਸਿੰਘ ਜੀ ਸਾਬਕਾ ਸਰਪੰਚ, ਸ੍ਰ ਅਵਤਾਰ ਸਿੰਘ ਜੀ ਖੇਮਕਰਨ, ਸ੍ਰ ਕਰਨੈਲ ਸਿੰਘ ਜੀ, ਸ੍ਰ ਗੁਰਦੇਵ ਸਿੰਘ ਜੀ ਵਾੜਾ ਸ਼ੇਰ ਸਿੰਘ, ਬਾਬਾ ਦਇਆ ਸਿੰਘ ਜੀ ਵਾੜਾ ਸ਼ੇਰ ਸਿੰਘ ਬਿਕਰਮਜੀਤ ਸਿੰਘ ਸ਼ਾਹਪੁਰ ਜਾਜਨ, ਰਮਨ ਸਿੰਘ ਸ਼ਾਹਪੁਰ ਜਾਜਨ, ਜੋਬਨ ਸਿੰਘ ਲੱਧਾ ਮੁੰਡਾ , ਸ੍ਰ ਗੁਰਮੁਖ ਸਿੰਘ ਜੀ ਦੀ ਧਰਮ ਪਤਨੀ ਬੀਬੀ ਗੁਰਜੀਤ ਕੌਰ ਜੀ, ਧੀਆਂ ਬੀਬੀ ਸੁਖਵਿੰਦਰ ਕੌਰ ਬੀਬੀ ਰਾਜਵਿੰਦਰ ਕੌਰ,ਦੋਹਤਾ ਸ੍ਰ ਜੈਪਾਲ ਸਿੰਘ ਵਾੜਾ ਸ਼ੇਰ ਸਿੰਘ, ਸ੍ਰ ਗੁਰਦੇਵ ਸਿੰਘ ਘਰਿਆਲਾ ਅਤੇ ਹੋਰ ਪੰਚ ਸਰਪੰਚ,ਮੋਹਤਬਰ ਸਿੰਘ ਇਲਾਕਾ ਨਿਵਾਸੀ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਅਮਨਦੀਪ ਹਸਪਤਾਲ ਵਿੱਚ ਕਰਵਾਇਆ ਸੁਖਮਨੀ ਸਾਹਿਬ ਦਾ ਪਾਠ

ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :— ਮੋਗਾ ਰੋਡ ਵਿਖੇ ਸਥਿਤ ਅਮਨਦੀਪ ਹਸਪਤਾਲ ਵਿੱਚ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਸ਼ਾਂਤੀ ਅਤੇ ਸੁਖ—ਸਮ੍ਰਿੱਧੀ ਦੀ ਕਾਮਨਾ ਲਈ ਸੁਖਮਨੀ ਸਾਹਿਬ ਦਾ ਪਾਠ ਆਯੋਜਿਤ ਕੀਤਾ ਗਿਆ। ਇਸ ਮੌਕੇ ਹਸਪਤਾਲ ਦੇ ਸਟਾਫ, ਡਾਕਟਰਾਂ ਤੇ ਸਥਾਨਕ ਸ਼ਰਧਾਲੂਆਂ ਨੇ ਸ਼ਰਧਾ ਅਤੇ ਆਸਥਾ ਨਾਲ ਪਾਠ ਵਿੱਚ ਭਾਗ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਅਮਨਦੀਪ ਹਸਪਤਾਲ ਵਿੱਚ ਮਰੀਜ਼ਾਂ ਦੀ ਚੰਗੀ ਸਿਹਤ ਅਤੇ ਸਮਾਜ ਦੀ ਖੁਸ਼ਹਾਲੀ ਲਈ ਸਮੇਂ—ਸਮੇਂ 'ਤੇ ਧਾਰਮਿਕ ਅਤੇ ਸਮਾਜਿਕ ਪ੍ਰੋਗਰਾਮ ਕਰਵਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਆਯੋਜਨਾਂ ਨਾਲ ਨਾ ਸਿਰਫ਼ ਆਤਮਿਕ ਸ਼ਾਂਤੀ ਮਿਲਦੀ ਹੈ ਬਲਕਿ ਸਮਾਜ ਵਿੱਚ ਭਰਾਵਾਂਪਣ ਅਤੇ ਸਕਾਰਾਤਮਕ ਸੋਚ ਨੂੰ ਵੀ ਮਜ਼ਬੂਤੀ ਮਿਲਦੀ ਹੈ। ਇਸ ਮੌਕੇ ਅਮਨਦੀਪ ਹਸਪਤਾਲ ਦੀ ਡਾਇਰੈਕਟਰ ਅਮਨਦੀਪ ਕੌਰ ਨੇ ਕਿਹਾ ਕਿ ਸੁਖਮਨੀ ਸਾਹਿਬ ਦਾ ਪਾਠ ਹਰ ਕਿਸੇ ਦੀ ਜ਼ਿੰਦਗੀ ਵਿਚ ਸਕਾਰਾਤਮਕ ਊਰਜਾ ਅਤੇ ਮਾਨਸਿਕ ਸ਼ਾਂਤੀ ਲਿਆਉਂਦਾ ਹੈ। ਅਮਨਦੀਪ ਹਸਪਤਾਲ ਵਿੱਚ ਅਸੀਂ ਸਿਰਫ਼ ਮਰੀਜ਼ਾਂ ਦਾ ਇਲਾਜ ਹੀ ਨਹੀਂ ਕਰਦੇ, ਸਗੋਂ ਉਨ੍ਹਾਂ ਦੀਆਂ ਦੁਆਵਾਂ ਅਤੇ ਆਸਥਾ ਦਾ ਵੀ ਸਨਮਾਨ ਕਰਦੇ ਹਾਂ, ਸਾਡੀ ਕੋਸ਼ਿਸ਼ ਹੈ ਕਿ ਹਸਪਤਾਲ ਵਿੱਚ ਆਉਣ ਵਾਲਾ ਹਰ ਵਿਅਕਤੀ ਇਲਾਜ ਦੇ ਨਾਲ—ਨਾਲ ਇੱਕ ਆਪਣਾਪਣ ਅਤੇ ਸੁਕੂਨ ਵੀ ਮਹਿਸੂਸ ਕਰੇ। ਉਜਾਲਾ ਸਿਗਨਸ ਅਮਨਦੀਪ ਹਸਪਤਾਲ ਸਮਾਜ ਦੀ ਸੇਵਾ ਅਤੇ ਸਹਿਯੋਗ ਲਈ ਲਗਾਤਾਰ ਯਤਨਸ਼ੀਲ ਰਹੇਗਾ। ਪਾਠ ਤੋਂ ਬਾਅਦ ਸ਼ਰਧਾਲੂਆਂ ਨੂੰ ਪ੍ਰਸਾਦ ਵੰਡਿਆ ਗਿਆ ਅਤੇ ਸਾਰੇ ਹਾਜ਼ਰ ਲੋਕਾਂ ਲਈ ਲੰਗਰ ਸੇਵਾ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਹਸਪਤਾਲ ਦੇ ਸਟਾਫ ਸਮੇਤ ਅਨੇਕ ਸ਼ਰਧਾਲੂ ਮੌਜੂਦ ਰਹੇ।



ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਭਲਾਈ ਸਾਹਿਬ ਤੀਜੀ ਪਾਤਸ਼ਾਹੀ ਗੁਰੂ ਅਮਰਦਾਸ ਜੀ ਪਿੰਡ ਕਟੋਰਾ ਵਿਖੇ

# ਧੰਨ-ਧੰਨ ਸ੍ਰੀ ਗੁਰੂ ਅਮਰਦਾਸ ਜੀ ਦਾ ਜ਼ੋਤੀ ਜ਼ੋਤ ਗੁਰਪੁਰਬ ਇਕ ਅਕਤੂਬਰ ਨੂੰ : ਸੰਤ ਬਾਬਾ ਭਗਤ ਮਿਲਖਾ ਸਿੰਘ

**ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :—** ਗੁਰਦੁਆਰਾ ਭਲਾਈ ਸਾਹਿਬ ਤੀਜੀ ਪਾਤਸ਼ਾਹੀ ਗੁਰੂ ਅਮਰਦਾਸ ਜੀ ਪਿੰਡ ਕਟੋਰਾ ਵਿਖੇ ਧੰਨ—ਧੰਨ ਸ੍ਰੀ ਗੁਰੂ ਅਮਰਦਾਸ ਜੀ ਦਾ ਜ਼ੋਤੀ ਗੁਰਪੁਰਬ ਇਕ ਅਕਤੂਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਇਹ ਜਾਣਕਾਰੀ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਅਤੇ ਗੁਰਦੁਆਰਾ ਭਲਾਈ ਸਾਹਿਬ ਤੀਜੀ ਪਾਤਸ਼ਾਹੀ ਗੁਰੂ ਅਮਰਦਾਸ ਜੀ ਪਿੰਡ ਕਟੋਰਾ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਤੀਜੀ ਪਾਤਸ਼ਾਹੀ ਗੁਰੂ ਅਮਰਦਾਸ ਜੀ ਦਾ ਜ਼ੋਤੀ ਜ਼ੋਤ ਗੁਰਪੁਰਬ ਸ਼ਰਧਾ ਭਾਵਨਾ ਨਾਲ ਗੁਰਦੁਆਰਾ ਭਾਈ ਸਾਹਿਬ ਤੀਜੀ ਪਾਤਸ਼ਾਹੀ ਗੁਰੂ ਅਮਰਦਾਸ ਜੀ ਪਿੰਡ ਕਟੋਰਾ ਵਿਖੇ ਇਕ ਅਕਤੂਬਰ 2025 (16 ਅੱਸੂ) ਦਿਨ ਬੁੱਧਵਾਰ ਨੂੰ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸੰਤ ਮਹਾਂਪੁਰਸ਼, ਰਾਗੀ, ਢਾਡੀ ਜਥੇ ਪਹੁੰਚ ਕੇ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਭਾਈ ਸੁਖਦੇਵ ਸਿੰਘ ਡੱਲਾ ਕਥਾ ਵਾਚਕ ਬਾਉਲੀ ਸਾਹਿਬ ਵਾਲੇ, ਭਾਈ ਕੁਲਦੀਪ ਸਿੰਘ ਕਥਾ ਵਾਚਕ ਲੱਖੋਕੇ ਬਹਿਰਾਮ, ਭਾਈ ਅੰਮ੍ਰਿਤਪ੍ਰੀਤ ਸਿੰਘ ਰਾਗੀ ਜਥਾ ਫ਼ਿਰੋਜ਼ਪੁਰ, ਬੀਬੀ ਦਲਜੀਤ ਕੌਰ ਕਥਾਵਾਚਕ ਅਰਮਾਨਪੁਰਾ, ਭਾਈ ਹਰਜਿੰਦਰ ਸਿੰਘ ਕਵੀਸ਼ਰੀ ਜਥਾ ਅਟਾਰੀ ਵਾਲੇ ਅਤੇ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਸ਼ਾਹਦੀਨ ਵਾਲਾ ਅਰਮਾਨਪੁਰਾ ਦੇ ਬੱਚੇ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕਰਨਗੇ। ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਿੰਡ ਕਟੋਰਾ ਜ਼ੋ ਕਿ ਮੱਲਾਂਵਾਲੀ ਸੜਕ ਤੇ ਹੈ ਪਹੁੰਚ ਕੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ।



# ਹੜ੍ਹਾਂ ਨਾਲ ਤਬਾਹੀ ਤੇ ਗੁਰਪੂਰਬ ਮਨਾਉਣ ਤੇ ਮਨਾਹੀ ਕਿਉ—ਭੁੱਲਰ

**ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :—** ਪਾਕਿ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੀ ਸੰਗਤ ਨੂੰ ਵੀਜੇ ਨਾ ਮਿਲਣ ਤੇ ਰੋਹ ਜ਼ਾਹਿਰ ਕਰਦਿਆਂ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਅਤੇ ਪੀ.ਏ.ਸੀ

ਆਵਾਜ਼ਿ ਕੌਮ AWAZE QAUM International Newspaper & WEB TV

ਮੈਂਬਰ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੇ ਦੋਗਲੇ ਚੇਹਰੇ ਪਿੱਛੇ ਪੰਜਾਬ ਨੂੰ ਜਮੀਨੀ ਪੱਧਰ ਤੇ ਅਤੇ ਧਾਰਮਿਕ ਤੌਰ ਤੇ ਖ਼ਤਮ ਕਰਨ ਦੀ ਸਾਜਿਸ਼ ਦੀ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਪਹਿਲਾਂ ਡੈਮਾਂ ਵਿੱਚ ਪਾਣੀ ਰੋਕ ਕੇ ਰੱਖਣਾ ਤੇ ਫਿਰ ਲਹਿੰਦੇ ਅਤੇ ਚੜਦੇ ਪੰਜਾਬ ਨੂੰ ਹਾਈਡ੍ਰੋਲਿਕ ਵਾਰ ਨਾਲ ਖ਼ਤਮ ਕਰਨ ਲਈ ਹੜਾਂ ਰਾਹੀਂ ਆਪਣੀ ਜਹਿਰੀਲੀ ਸੋਚ ਰਾਹੀਂ ਬਰਬਾਦ ਕਰਨ ਲਈ ਪੂਰੀ ਵਾਹ ਲਾ ਦੇਣੀ। ਉਨ੍ਹਾਂ ਕਿਹ ਕਿ ਇਨ੍ਹਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਤੇ ਜਾਣੀ ਵਾਲੀ ਸਿੱਖ ਸੰਗਤ ਨੂੰ ਪਾਕਿਸਤਾਨ ਵਿੱਚ ਧਾਰਮਿਕ ਸਮਾਗਮ ਮਨਾਉਣ ਤੇ ਰੋਕ ਲਗਾ ਕੇ ਸਾਬਤ ਕਰ ਦਿੱਤਾ ਹੈ ਕਿ ਇਨ੍ਹਾਂ ਦੇ ਦਿਲਾਂ ਵਿੱਚ ਸਿੱਖਾਂ ਖਿਲਾਫ ਕਿੰਨੀ ਨਫਰਤ ਭਰੀ ਹੋਈ ਹੈ। ਉਨ੍ਹਾਂ ਕਿਹਾ ਕਿ 1947 ਵਿੱਚ ਵਾਧਿਆਂ ਤੋਂ ਮੁਕਰਨ ਵਾਲੇ ਅਤੇ ਸਿੱਖਾਂ ਨਾਲ ਹੁਣ ਤੱਕ ਜਬਰ ਜ਼ੁਲਮ ਕਰਕੇ ਕੌਮ ਦੀ ਨਸਲਕੁਸ਼ੀ ਕਰਨ ਵਾਲੇ ਹੁਣ ਕੋਝੀਆਂ ਹਰਕਤਾਂ ਤੇ ਆ ਗਏ ਹਨ, ਸਰਬੱਤ ਦਾ ਭਲਾ ਮੰਗਣ ਅਤੇ ਬਰਾਬਰਤ ਦੇਣ ਵਾਲੀ ਕੌਮ ਅਤੇ ਜਬਰ ਜ਼ੁਲਮ ਨੂੰ ਰੋਕਣ ਵਾਲੀ ਨਿਡਰ ਕੌਮ ਨੂੰ ਜਿਆਦਾ ਦੇਰ ਤੱਕ ਮੋਦੀ, ਅਮਿਤਸ਼ਾਹ, ਕੇਜਰੀਵਾਲ ਅਤੇ ਆਰ.ਐਸ.ਐਸ ਗੁਲਾਮ ਨਹੀਂ ਰੱਖ ਸਕਦੀ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਨਸਲ ਖ਼ਤਮ ਕਰਨ ਲਈ ਬਹੁਤ ਜਬਰ ਤੇ ਜ਼ੁਲਮ ਕਰ ਲਏ ਹਨ, ਜਿਸ ਤਰਾਂ ਹੜਾਂ ਵਿੱਚ ਡੋਬ ਕੇ ਬਾਹਰ ਗੱਦੀਆਂ ਤੇ ਬੈਠ ਕੇ ਤਮਾਸ਼ਾ ਪੰਜਾਬ ਦਾ ਇਨ੍ਹਾਂ ਉਪਰੋਕਤ ਆਦਮੀਆਂ ਵੇਖਿਆ ਹੈ ਇਨ੍ਹਾਂ ਨੂੰ ਵੀ ਭੁਗਤਣਾ ਪਵੇਗਾ। ਇਨ੍ਹਾਂ ਕੁਝ ਲੋਕਾਂ ਨੇ ਸਾਫ ਸੁਥਰੇ ਹਿੰਦੂ ਵੀਰਾਂ ਨੂੰ ਤੇ ਆਪਣੇ ਧਰਮ ਨੂੰ ਬਦਨਾਮ ਕਰਾਉਣ ਵਿੱਚ ਕੋਈ ਕਸਰ ਨਹੀ ਛੱਡੀ। ਉਨ੍ਹਾਂ ਕਿਹਾ ਕਿ ਬਾਹਰਲੇ ਦੇਸ਼ਾਂ ਵਿੱਚ ਨਜਾਇਜ ਕਤਲ ਆਪਣੀਆਂ ਏਜੰਸੀਆਂ ਰਾਹੀ ਕਰਵਾ ਕੇ ਭਾਰਤ ਨੂੰ ਬਦਨਾਮ ਕਰਵਾਇਆ ਹੈ, ਇਸ ਲਈ ਸਿੱਖ ਆਪਣੇ ਰਾਜ ਲਈ ਮੰਗ ਕਰ ਰਹੇ ਹਨ ਕੀ 1947 ਵਿੱਚ ਕੀਤੇ ਵਾਅਦੇ ਕਿ ਅਸੀਂ ਸਿੱਖਾਂ ਨੂੰ ਅਜਾਦ ਖਿੱਤਾ ਦੇਵਾਂਗੇ ਜਿਥੇ ਉਹ ਅਜਾਦ ਰਹਿਣਗੇ ਦਿੱਤਾ ਜਾਵੇ ਜਿਥੇ ਪਾਣੀਆਂ, ਬਾਰਡਰਾਂ ਅਤੇ ਧਾਰਮਿਕ ਸਥਾਨਾਂ ਦਾ ਪ੍ਰਬੰਧ ਇਨ੍ਹਾਂ ਹੱਥ ਹੋਵੇ ਅਤੇ ਸਾਰਿਆਂ ਨੂੰ ਬਰਾਬਰਤਾ ਮਿਲ ਸਕੇ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਤਾਬਕ ਸਾਡਾ ਸਵੀਧਾਨ ਹੋਵੇ।



### ਅਧਿਆਪਕ ਦਿਵਸ ਨੂੰ ਸਮਰਪਿਤ ਰੋਟਰੀ ਕਲੱਬ ਨੇ

# ਕਰਵਾਇਆ ਸਨਮਾਨ ਸਮਾਰੋਹ

ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :— ਅਧਿਆਪਕ ਦਿਵਸ ਨੂੰ ਸਮਰਪਿਤ ਰੋਟਰੀ ਕਲੱਬ ਫ਼ਿਰੋਜ਼ਪੁਰ ਨੇ ਕਰਵਾਇਆ ਸਨਮਾਨ ਸਮਾਰੋਹ। ਗੱਲਬਾਤ ਕਰਦਿਆਂ ਰੋਟਰੀ ਕਲੱਬ ਦੇ ਆਗੂਆਂ ਨੇ

ਆਵਾਜ਼ਿ ਕੌਮ AWAZE QAUM International Newspaper & WEB TV

ਕਿਹਾ ਕਿ ਬੇਸ਼ੱਕ ਹਰ ਸਾਲ ਰੋਟਰੀ ਕਲੱਬ ਵੱਲੋਂ 5 ਸਤੰਬਰ ਨੂੰ ਭਾਰਤ ਦੇ ਦੂਜੇ ਰਾਸ਼ਟਰਪਤੀ ਤੇ ਮਹਾਨ ਅਧਿਆਪਕ ਡਾਕਟਰ ਰਾਧਾ ਕ੍ਰਿਸ਼ਨਨ ਦੇ ਜਨਮ ਦਿਨ ਵਾਲੇ ਦਿਨ ਇਹ ਦਿਹਾੜਾ ਮਨਾਇਆ ਜਾਂਦਾ ਹੈ, ਪਰ ਇਸ ਵਾਰ ਪੰਜਾਬ ਭਰ ਵਿਚ ਹੜ੍ਹਾਂ ਦੇ ਪਾਣੀ ਵੱਲੋਂ ਮਚਾਈ ਤਬਾਹੀ ਦੇ ਚਲਦਿਆਂ ਇਸ ਨੂੰ ਲੇਟ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਰੋਟਰੀ ਕਲੱਬ ਵਿਚ ਮਨਾਏ ਅਧਿਆਪਕ ਦਿਵਸ ਮੌਕੇ ਸਮਾਜ ਵਿਚ ਸਿੱਖਿਆ ਦਾ ਗਹਿਣਾ ਵੰਡ ਰਹੇ ਅਧਿਆਪਕਾਂ ਨੂੰ ਸਨਮਾਨਿਤ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਰੋਟਰੀ ਕਲੱਬ ਫ਼ਿਰੋਜ਼ਪੁਰ ਦੇ ਪ੍ਰਧਾਨ ਕਿਰਪਾਲ ਸਿੰਘ ਮੱਕੜ ਦੀ ਅਗਵਾਈ ਹੇਠ ਹੋਏ ਇਸ ਸਮਾਰੋਹ ਵਿਚ ਇਲਾਕੇ ਦੇ 13 ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਆਪਣੇ ਵਿਦਿਆਰਥੀਆਂ ਨੂੰ ਸਮਾਜ ਪ੍ਰਤੀ ਵਧੀਆ ਸੇਧ ਦੇਣ ਇਵਜ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਅਜੈ ਬਜਾਜ ਨੇ ਆਏ ਹੋਏ ਅਧਿਆਪਕਾਂ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਵੱਲੋਂ ਸਮਾਜ ਵਿਚ ਪਾਏ ਜਾ ਰਹੇ ਯੋਗਦਾਨ ਦੀ ਜੰਮ ਕੇ ਪ੍ਰਸੰਸਾ ਕੀਤੀ। ਇਸ ਸਮਾਰੋਹ ਦੌਰਾਨ ਸਕੱਤਰ ਸੰਦੀਪ ਸਿੰਗਲਾ, ਡਾਕਟਰ ਸੁਰਿੰਦਰ ਸਿੰਘ ਕਪੂਰ, ਪਰਦੀਪ ਬਿੰਦਰਾ, ਰਕੇਸ਼ ਚਾਵਲਾ, ਪ੍ਰਿਥਵੀ ਰਾਜ ਮੌਂਗਾ, ਰਕੇਸ਼ ਮੌਂਗਾ, ਸੰਜੀਵ ਕੁਮਾਰ ਨੇ ਸ਼ਮੂਲੀਅਤ ਕੀਤੀ।





# ਗਰਾਮਰ ਸਕੂਲ ਦੀ ਵਿਦਿਆਰਥਣ ਨੇ ਜਿੱਤਿਆ ਮਿਸ ਏਸ਼ੀਅਨ ਸੁਪਰਮਾਡਲ ਸੀਜ਼ਨ—3 ਦਾ ਤਾਜ

**ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :—** ਦੇਹਰਾਦੂਨ (ਉੱਤਰਾਖੰਡ) ਵਿਖੇ ਆਯੋਜਿਤ ਮਿਸ ਏਸ਼ੀਅਨ ਸੁਪਰਮਾਡਲ ਸੀਜ਼ਨ—3 ਦੇ ਫਾਈਨਲ ਮੁਕਾਬਲੇ ਵਿੱਚ ਫਿਰੋਜ਼ਪੁਰ ਦੀ ਧੀ ਨੇ ਕਾਮਯਾਬੀ ਦਾ

ਆਵਾਜ਼ਿ ਕੌਮ AWAZE QAUM International Newspaper & WEB TV

ਪਰਚਮ ਲਹਿਰਾ ਕੇ ਇਤਿਹਾਸ ਰਚ ਦਿੱਤਾ। ਇਸ ਗਲੋਬਲ ਪੱਧਰ ਦੇ ਮਾਡਲਿੰਗ ਮੁਕਾਬਲੇ ਵਿੱਚ ਦੇਸ਼ ਦੇ ਵੱਖ—ਵੱਖ ਸੂਬਿਆਂ ਤੋਂ ਦਰਜਨਾਂ ਪ੍ਰਤੀਯੋਗੀਆਂ ਨੇ ਭਾਗ ਲਿਆ, ਜਿੱਥੇ ਸਾਰੇ ਹੀ ਆਪਣੇ ਸੁਪਨਿਆਂ ਅਤੇ ਕਾਬਲੀਅਤ ਦੇ ਨਾਲ ਰੈਂਪ ਤੇ ਉਤਰੇ। ਫਾਈਨਲ ਮੁਕਾਬਲੇ ਦੌਰਾਨ ਕਈ ਰਾਊਂਡ ਹੋਏ ਜਿਨ੍ਹਾਂ ਵਿੱਚ ਪ੍ਰਤੀਯੋਗੀਆਂ ਦੀ ਬੁੱਧੀਮਤਾ, ਆਤਮਵਿਸ਼ਵਾਸ, ਪ੍ਰਸਤੁਤੀ ਕਰਨ ਦੀ ਕਲਾ ਅਤੇ ਫੈਸ਼ਨ ਸਟਾਈਲ ਦਾ ਖਾਸ ਧਿਆਨ ਰੱਖਿਆ ਗਿਆ। ਹਰ ਰਾਊਂਡ ਨਾਲ ਮੁਕਾਬਲਾ ਹੋਰ ਵੀ ਰੋਮਾਂਚਕ ਬਣਦਾ ਗਿਆ, ਪਰ ਅੰਤ ਵਿੱਚ ਫਿਰੋਜ਼ਪੁਰ ਦੇ ਗਰਾਮਰ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਨੇ ਆਪਣੀ ਸ਼ਖਸੀਅਤ, ਆਤਮਵਿਸ਼ਵਾਸ ਅਤੇ ਬੇਮਿਸਾਲ ਪ੍ਰਦਰਸ਼ਨ ਨਾਲ ਸਭ ਦੇ ਦਿਲ ਜਿੱਤ ਲਏ। ਨਤੀਜਾ ਐਲਾਨਦੇ ਹੀ ਦਰਸ਼ਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਅਤੇ ਉਸਦੇ ਸਿਰ ਮਿਸ ਏਸ਼ੀਅਨ ਸੁਪਰਮਾਡਲ ਸੀਜ਼ਨ—3 ਦਾ ਤਾਜ ਸਜਾਇਆ ਗਿਆ।

ਜ਼ਿਕਰਯੋਗ ਹੈ ਕਿ ਇਸ ਪ੍ਰੋਗਰਾਮ ਦਾ ਪਹਿਲਾ ਐਡੀਸ਼ਨ ਚੰਡੀਗੜ੍ਹ ਵਿਚ ਕਰਵਾਇਆ ਗਿਆ ਸੀ, ਜਦਕਿ ਇਸ ਵਾਰ ਦਾ ਫਾਈਨਲ ਮੁਕਾਬਲਾ ਦੇਹਰਾਦੂਨ ਵਿੱਚ ਕੀਤਾ ਗਿਆ। ਇਹ ਮੁਕਾਬਲਾ ਨਾ ਸਿਰਫ ਨਵੀਂ ਪੀੜ੍ਹੀ ਨੂੰ ਅੰਤਰਰਾਸ਼ਟਰੀ ਮੰਚ ਮੁਹੱਈਆ ਕਰਵਾਉਂਦਾ ਹੈ, ਸਗੋਂ ਫੈਸ਼ਨ ਅਤੇ ਮਾਡਲਿੰਗ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਵੀ ਕਰਦਾ ਹੈ। ਇਸ ਮੌਕੇ ਤੇ ਗਰਾਮਰ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਿੰਸੀਪਲ ਮੈਡਮ ਸੋਨੀਆ ਰਾਣਾ ਨੇ ਜੇਤੂ ਵਿਦਿਆਰਥਣ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਨਾ ਸਿਰਫ ਸਕੂਲ ਲਈ ਮਾਣ ਦੀ ਗੱਲ ਹੈ, ਸਗੋਂ ਪੂਰੇ ਫਿਰੋਜ਼ਪੁਰ ਜ਼ਿਲ੍ਹੇ ਲਈ ਵੀ ਗੌਰਵ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਆਪਣੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ—ਨਾਲ ਸਹਿ—ਪਾਠਕ੍ਰਮ ਗਤੀਵਿਧੀਆਂ ਵਿੱਚ ਅੱਗੇ ਵਧਣ ਲਈ ਪ੍ਰੋਤਸਾਹਿਤ ਕਰਦਾ ਹੈ। ਇਸੇ ਤਰ੍ਹਾਂ ਜੇਤੂ ਵਿਦਿਆਰਥਣ ਦੇ ਮਾਤਾ—ਪਿਤਾ ਸੋਨੀਆ ਅਤੇ ਸੁਨੀਲ ਕੁਮਾਰ ਨੇ ਵੀ ਆਪਣੀ ਧੀ ਦੀ ਕਾਮਯਾਬੀ ਤੇ ਖੁਸ਼ੀ ਜ਼ਾਹਿਰ ਕੀਤੀ। ਉਨ੍ਹਾਂ ਕਿਹਾ ਕਿ ਇਹ ਪਲ ਬੇਹੱਦ ਮਾਣ ਵਾਲਾ ਹੈ ਕਿਉਂਕਿ ਉਨ੍ਹਾਂ ਦੀ ਧੀ ਨੇ ਨਾ ਸਿਰਫ ਪਰਿਵਾਰ ਦਾ ਨਾਮ ਰੌਸ਼ਨ ਕੀਤਾ ਹੈ, ਸਗੋਂ ਇਲਾਕੇ ਦੀਆਂ ਹੋਰ ਲੜਕੀਆਂ ਲਈ ਵੀ ਪ੍ਰੇਰਣਾ ਬਣੀ ਹੈ। ਇਸ ਜਿੱਤ ਨਾਲ ਫਿਰੋਜ਼ਪੁਰ ਦੀ ਧੀ ਨੇ ਸਾਬਤ ਕਰ ਦਿੱਤਾ ਹੈ ਕਿ ਮਿਹਨਤ, ਆਤਮਵਿਸ਼ਵਾਸ ਅਤੇ ਹੌਸਲੇ ਨਾਲ ਵੱਡੇ ਤੋਂ ਵੱਡਾ ਸੁਪਨਾ ਵੀ ਹਕੀਕਤ ਬਣ ਸਕਦਾ ਹੈ।




# ਪਾਕਿ ਗੁਰਧਾਮਾਂ ਦੇ ਦਰਸ਼ਨਾਂ ਲਈ ਵੀਜਾ ਨਾ ਦੇਣਾ ਭਾਰਤੀ ਹਕੂਮਤ ਦੀ ਸੋੜੀ ਸੋਚ—ਏਕ ਨੂਰ ਖਾਲਸਾ ਫੌਜ







ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :— ਭਾਰਤ ਦੇਸ਼ ਦੀ ਤਰਾਸਦੀ ਰਹੀ ਹੈ ਕਿ ਜ਼ੋ ਪਾਵਰ ਵਿਚ ਹੁੰਦਾ ਹਰ ਕੋਈ ਉਹਦਾ ਪਾਣੀ ਭਰਦਾ, ਜ਼ੋ ਕੰਮ ਕਰਦਾ ਇਮਾਨਦਾਰੀ ਨਾਲ ਉਸ ਨੂੰ ਹੋਰ ਨਿਗ੍ਹਾ ਨਾਲ ਦੇਖਿਆ ਜਾਂਦਾ ਹੈ। ਇਹ ਵਿਚਾਰ ਭਾਈ ਲਖਬੀਰ ਸਿੰਘ ਨੰਬਰਦਾਰ ਪ੍ਰਧਾਨ ਏਕਨੂਰ ਖਾਲਸਾ ਫੌਜ਼ ਨੇ ਪੱਤਰਕਾਰਾਂ ਨਾਲ ਸਾਂਝੇ ਕਰਦਿਆਂ ਕਿਹਾ ਕਿ ਭਾਰਤੀ ਹਕੂਮਤ ਦਾ ਮੰਤਰੀ ਤਾਂ ਹਰ ਉਸ ਦੇਸ਼ ਵਿਚ ਜਾ ਸਕਦਾ ਹੈ, ਪਰ ਆਮ ਨਾਗਰਿਕ ਆਪਣਿਆਂ ਨੂੰ ਹੀ ਮਿਲਣ ਨੂੰ ਤਰਸ ਜਾਂਦਾ ਹੈ। ਉਨ੍ਹਾਂ ਕਿਹਾ ਕਿ ਗੱਲ 1947 ਵਿਚ ਪੰਜਾਬ ਦੇ ਦੋ

ਆਵਾਜ਼ਿ ਕੌਮ AWAZE QAUM International Newspaper & WEB TV

ਟੁਕੜੇ ਕਰਕੇ ਕਮਜੋਰ ਕਰਨ ਦੀ ਕੋਸ਼ਿਸ਼ ਅਤੇ ਫਿਰ 1968 ਈ. ਵਿਚ 1947 ਦੀ ਵੰਡ ਸਮੇਂ ਸਿੱਖਾਂ ਦੇ ਬਹੁਤ ਸਾਰੇ ਮਹਾਨ ਅਸਥਾਨ ਜਿਵੇਂ ਕਿ ਸਿੱਖ ਧਰਮ ਦੇ ਬਾਨੀ ਬਾਬਾ ਗੁਰੂ ਨਾਨਕ ਸਾਹਿਬ ਜੀ ਦੇ ਜਨਮ ਅਸਥਾਨ ਪੰਜਵੇਂ ਪਾਤਸ਼ਾਹ ਗੁਰੂ ਅਰਜਨ ਸਾਹਿਬ ਜੀ ਦੇ ਸ਼ਹੀਦੀ ਅਸਥਾਨ ਗੁਰੂ ਅਰਜਨ ਸਾਹਿਬ ਜੀ ਦੇ ਸ਼ਹੀਦੀ ਅਸਥਾਨ ਗੁਰੂ ਰਾਮਦਾਸ ਸਾਹਿਬ ਜੀ ਦੇ ਜਨਮ ਅਸਥਾਨ ਗੁਰਦੁਆਰਾ ਪੰਜਾ ਸਾਹਿਬ ਅਤੇ ਖਾਲਸਾ ਰਾਜ ਦੇ ਮੁਖੀ ਮਹਾਰਾਜਾ ਰਣਜੀਤ ਸਿੰਘ, ਸਰਦਾਰ ਹਰੀ ਸਿੰਘ ਨਲੂਆ ਅਤੇ ਹੋਰ ਬਹੁਤ ਸਾਰੇ ਅਸਥਾਨ ਜਿਨ੍ਹਾਂ ਦੇ ਦਰਸ਼ਨ ਕਰਨ ਸਿੱਖ ਸੰਗਤਾਂ ਵੀਜਾ ਲੈ ਕੇ ਆਪਣੇ ਗੁਰੂ ਸਾਹਿਬਾਨ ਦੇ ਅਸਥਾਨਾਂ ਤੇ ਸਿਜਦਾ ਕਰਨ ਗੁਰੂ ਸਾਹਿਬਾਨਾਂ ਦੇ ਜਨਮ ਦਿਹਾੜੇ ਜਿਨ੍ਹਾਂ ਵਿਚ ਖਾਸ ਕਰਕੇ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਸਮੇਂ, ਗੁਰੂ ਅਰਜਨ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਮਨਾਉਣ, ਮਹਾਰਾਜਾ ਰਣਜੀਤ ਸਿੰਘ ਦੇ ਜਨਮ ਦਿਨ ਜਾਂ ਬਰਸੀ ਤੇ ਸਮੇਂ—ਸਮੇਂ ਸਿਰ ਵੀਜਾ ਲੈ ਕੇ ਜਾਂਦੀਆਂ ਹਨ ਸਿੱਖ ਸੰਗਤਾਂ ਵਿਦੇਸ਼ਾਂ ਤੋਂ ਵੀ ਬਹੁਤ ਸੰਗਤਾਂ ਆਉਂਦੀਆਂ ਹਨ, ਇਸ ਵਾਰ ਪਤਾ ਨੀ ਕੀਹੋ ਗਿਆ ਭਾਰਤੀ ਹਕੂਮਤ ਨੂੰ ਵੀਜੇ ਦੇਣ ਤੋਂ ਮਨਾ ਕਰ ਰਹੀ ਹੈ। ਪਹਿਲਾਂ ਹੜ੍ਹਾਂ ਦੇ ਪਾਣੀ ਨੇ ਪੰਜਾਬ ਦਾ ਨੁਕਸਾਨ ਕੀਤਾ ਤੇ ਹੁਣ ਸਿੱਖ ਸੰਗਤਾਂ ਨੂੰ ਵੀਜਾ ਨਾ ਦੇ ਕੇ ਸਿੱਖਾਂ ਦੇ ਜਖਮਾਂ ਤੇ ਲੂਣ ਛਿੜਕਣ ਦੀ ਗੱਲ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਜੇ ਪਾਕਿਸਤਾਨ ਤੋਂ ਐਨੀ ਨਫਰਤ ਹੈ ਤਾਂ ਕ੍ਰਿਕਟ ਟੀਮ ਕਿਉਂ ਜਾਣ ਦਿੱਤੀ, ਉਹ ਤਾਂ ਪਾਕਿ ਟੀਮ ਨਾਲ ਮੈਚ ਖੇਡ ਰਹੀ ਹੈ, ਉਥੋਂ ਦਾ ਖਾਣਾ ਵੀ ਖਾ ਰਹੀ ਹੈ। ਦੂਜੇ ਪਾਸੇ ਸਿੱਖਾਂ ਨੂੰ ਵੀਜੇ ਨਾ ਦੇ ਕੇ ਚਿੜਾਇਆ ਜਾ ਰਿਹਾ ਹੈ, ਜਿਸ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ ਥੋੜ੍ਹੀ ਹੈ, ਇਸ ਕੰਮ ਲਈ ਅਕਾਲੀ ਦਲ, ਕਾਂਗਰਸ, ਪੰਜਾਬ ਸਰਕਾਰ ਤੇ ਭਾਜਪਾ ਦੀ ਝੋਲੀ ਵਿਚ ਜ਼ੋ ਪੰਜਾਬ ਦੇ ਲੋਕ ਸੁੱਖ ਸਹੂਲਤਾਂ ਲਈ ਬੈਠੇ ਹਨ ਉਨ੍ਹਾਂ ਨੂੰ ਵੀ ਮੂੰਹ ਖੋਲਣਾ ਚਾਹੀਦਾ ਹੈ। ਇਸ ਲਈ ਜੇ ਭਾਰਤੀ ਹਕੂਮਤ ਪੰਜਾਬ ਨੂੰ ਭਾਰਤ ਦਾ ਹਿੱਸਾ ਮੰਨਦੀ ਹੈ ਤਾਂ ਮਤਰੇਈ ਮਾਂ ਵਾਲਾ ਸਲੂਕ ਨਹੀਂ ਕਰਨਾ ਚਾਹੀਦਾ, ਬਾਰਡਰ ਖੋਲ ਦੇਣੇ ਚਾਹੀਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਾਕਿ ਗੁਰਧਾਮਾਂ ਦੇ ਦਰਸ਼ਨ—ਦੀਦਾਰੇ ਕਰਨ ਜਾਂਦੀ

# ਸੰਗਤ ਨੂੰ ਰੋਕਣਾ ਨਿੰਦਣਯੋਗ—ਲਖਵੀਰ ਸਿੰਘ ਮਹਾਲਮ





ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :— ਪਾਕਿ ਗੁਰਧਾਮਾਂ ਦੇ ਦਰਸ਼ਨ—ਦੀਦਾਰੇ ਕਰਨ ਜਾਂਦੀ ਸੰਗਤ ਨੂੰ ਰੋਕਣ ਨਾਲ ਸਿੱਖ ਕੌਮ ਦੇ ਹਿਰਦੇ ਵਲੂੰਧਰੇ ਗਏ ਹਨ। ਇਹ ਵਿਚਾਰ ਸਾਂਝੇ ਕਰਦਿਆਂ ਲਖਵੀਰ ਸਿੰਘ ਮਹਾਲਮ ਸਰਪ੍ਰਸਤ ਗੁਰੂ ਨਾਨਕ ਸਾਹਿਬ ਸਤਿਕਾਰ ਕਮੇਟੀ ਪੰਜਾਬ ਨੇ ਕਿਹਾ ਕਿ 1947 ਤੋਂ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਨਨਕਾਣਾ ਸਾਹਿਬ ਜਿਥੇ ਗੁਰੂ ਨਾਨਕ ਸਾਹਿਬ ਜੀ ਦਾ ਪ੍ਰਕਾਸ਼ ਹੋਇਆ, ਗੁਰਦੁਆਰਾ ਲਾਹੌਰ ਜਿਥੇ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਹੋਈ ਅਤੇ ਜਿਥੇ ਗੁਰੂ ਰਾਮਦਾਸ ਜੀ ਦਾ ਅਵਤਾਰ ਹੋਇਆ ਸੀ ਅਤੇ ਪਾਕਿਸਤਾਨ ਵਿਚ ਹੋਰ ਵੀ ਅਨੇਕਾਂ ਗੁਰੂ ਘਰ ਹਨ, ਜਿਨ੍ਹਾਂ ਨਾਲ ਸਿੱਖ ਕੌਮ ਦੀ ਭਾਵਨਾ ਜੁੜੀ ਹੋਈ ਹੈ। ਉਨ੍ਹਾਂ ਕਿਹਾ ਕਿ ਹੁਣ ਭਾਰਤ ਸਰਕਾਰ ਵੱਲੋਂ ਗੁਰੂ ਘਰ ਦੇ ਦਰਸ਼ਨਾਂ ਵਾਸਤੇ ਜਥੇ ਜਾਣ ਤੋਂ ਰੋਕ ਲਗਾਈ ਗਈ ਹੈ, ਜਿਸ ਨਾਲ ਸਿੱਖ ਕੌਮ ਦੇ ਹਿਰਦੇ ਵਲੂੰਧਰੇ ਗਏ ਹਨ। ਉਨ੍ਹਾਂ ਕਿਹਾ ਕਿ ਇਕ ਪਾਸੇ ਭਾਰਤ ਅਤੇ ਪਾਕਿਸਤਾਨ ਵਿਚਾਲੇ ਕ੍ਰਿਕਟ ਮੈਚ ਖੇਡੇ ਜਾ ਰਹੇ ਹਨ ਅਤੇ ਦੂਸਰੇ ਪਾਸੇ ਸਿੱਖਾਂ ਨੂੰ ਗੁਰੂ ਘਰਾਂ ਵਿਚ ਜਾਣ ਤੋਂ ਰੋਕਿਆ ਜਾ ਰਿਹਾ ਹੈ। ਸਰਕਾਰ ਵਿਰੁੱਧ ਰੋਹ ਜ਼ਾਹਿਰ ਕਰਦਿਆਂ ਲਖਵੀਰ ਸਿੰਘ ਮਹਾਲਮ ਅਤੇ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਇਹ ਪਾਬੰਦੀ ਤੁਰੰਤ ਹਟਾਈ ਜਾਵੇ ਅਤੇ ਸਿੱਖ ਕੌਮ ਨੂੰ ਪਾਕਿਸਤਾਨ ਵਿਚ ਬਣੇ ਗੁਰੂ ਘਰਾਂ ਵਿਚ ਦਰਸ਼ਨ ਕਰਨ ਦੀ ਆਗਿਆ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਇਹ ਪਾਬੰਦੀ ਨਾ ਹਟਾਈ ਗਈ ਤਾਂ ਤਿੱਖੇ ਸੰਘਰਸ਼ ਵਿੱਢਣ ਲਈ ਮਜ਼ਬੂਰ ਹੋਣਾ ਪਵੇਗਾ। ਇਸ ਮੌਕੇ ਤੇ ਬਾਬਾ ਸਤਨਾਮ ਸਿੰਘ ਵੱਲੀਆ ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਭਾਈ ਜ਼ਸਪਾਲ ਸਿੰਘ ਕੌਮੀ ਮੀਤ ਪ੍ਰਧਾਨ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਏਕ ਨੂਰ ਖਾਲਸਾ ਫੌਜ਼, ਕਲਗੀਧਰ ਅੰਮ੍ਰਿਤ ਸੰਚਾਰ ਜਥਾ, ਸਰਬੱਤ ਦਾ ਭਲਾ ਵੈਲਫੇਅਰ ਸੁਸਾਇਟੀ ਅਤੇ ਕਿਸਾਨ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ। ਇਸ ਮੌਕੇ ਕੁਲਦੀਪ ਸਿੰਘ ਨੰਡਾ, ਭਾਈ ਬਲਕਾਰ ਸਿੰਘ ਪੰਜ ਪਿਆਰੇ, ਬੂਟਾ ਸਿੰਘ ਸਾਦਾ ਮੌਜਾ, ਬਾਬਾ ਛਿੰਦਰ ਸਿੰਘ ਸਭਰਾਂ ਜਥੇ, ਬਾਬਾ ਦਿਲਬਾਗ ਸਿੰਘ ਦਲ ਪੰਥ, ਜ਼ਸਵੀਰ ਸਿੰਘ ਠੇਕੇਦਾਰ, ਗੁਰਪ੍ਰੀਤ ਸਿੰਘ, ਬਲਕਾਰ ਸਿੰਘ ਸਤਿਕਾਰ ਕਮੇਟੀ, ਬਾਬਾ ਗੁਰਨਾਮ ਸਿੰਘ ਮਹਾਲਮ, ਜਗਤਾਰ ਸਿੰਘ ਮਹਾਲਮ, ਹਰਪਾਲ ਸਿੰਘ ਮਖੂ, ਜਥੇਦਾਰ ਮੰਗਲ ਸਿੰਘ ਮਹਾਲਮ, ਹਰਜਿੰਦਰ ਸਿੰਘ ਵਾਰਸ ਪੰਜਾਬ, ਛਿੰਦਰ ਸਿੰਘ ਮਹਾਲਮ, ਜ਼ਸਪਾਲ ਸਿੰਘ ਮਹਾਲਮ, ਜਰਨੈਲ ਸਿੰਘ ਸਰਬੱਤ ਦਾ ਭਲਾ ਹਾਜ਼ਰ ਸਨ।

# ਜੇਨੇਸਿਸ ਡੈਂਟਲ ਕਾਲਜ ਵੱਲੋਂ ਬੱਚਿਆਂ ਦਾ ਡੈਂਟਲ ਚੈਕਅੱਪ ਕੈਂਪ



ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :— ਐਮ.ਐਲ.ਐਮ. ਸਕੂਲ ਵਿਚ ਜੇਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਮੁਫ਼ਤ ਡੈਂਟਲ ਚੈਕਅਪ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡਾ: ਸਾਖ਼ਸ਼ੀ ਅਤੇ ਡਾ: ਰਾਹੁਲ ਨੇ ਸਕੂਲ ਦੇ ਬੱਚਿਆਂ ਦੇ ਦੰਦਾਂ ਦੀ

ਆਵਾਜ਼ਿ ਕੌਮ AWAZE QAUM International Newspaper & WEB TV

ਜਾਂਚ ਕੀਤੀ ਅਤੇ ਉਨ੍ਹਾਂ ਨੂੰ ਦੰਦਾਂ ਦੀ ਸਹੀ ਦੇਖਭਾਲ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਮਾਹਿਰ ਡਾਕਟਰਾਂ ਨੇ ਬੱਚਿਆਂ ਨੂੰ ਨਿਯਮਿਤ ਬਰਸ਼ ਕਰਨ, ਮਿੱਠੇ ਖਾਣ—ਪੀਣ ਦੀਆਂ ਚੀਜ਼ਾਂ ਘੱਟ ਵਰਤਣ ਅਤੇ ਦੰਦਾਂ ਵਿਚ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਣ 'ਤੇ ਤੁਰੰਤ ਡਾਕਟਰ ਨੂੰ ਦਿਖਾਉਣ ਦੀ ਸਲਾਹ ਦਿੱਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੁਧੀਰ ਧਵਨ ਨੇ ਦੱਸਿਆ ਕਿ ਜੇਨੇਸਿਸ ਡੈਂਟਲ ਕਾਲਜ ਵੱਲੋਂ ਲਗਾਇਆ ਗਿਆ ਇਹ ਚੈਕਅੱਪ ਕੈਂਪ ਬੱਚਿਆਂ ਲਈ ਬਹੁਤ ਹੀ ਲਾਭਦਾਇਕ ਰਿਹਾ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਬੱਚਿਆਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਦੇ ਹਨ ਅਤੇ ਉਨ੍ਹਾਂ ਨੂੰ ਆਪਣੇ ਜੀਵਨ ਵਿੱਚ ਸਫਾਈ ਅਪਣਾਉਣ ਲਈ ਪ੍ਰੇਰਿਤ ਕਰਦੇ ਹਨ। ਪ੍ਰਿੰਸੀਪਲ ਨੇ ਜੇਨੇਸਿਸ ਡੈਂਟਲ ਕਾਲਜ ਦੀ ਟੀਮ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਅਜਿਹੇ ਪ੍ਰੋਗਰਾਮ ਕਰਵਾਉਣ ਦੀ ਉਮੀਦ ਜਤਾਈ। ਕਾਲਜ ਦੇ ਪੀ.ਆਰ.ਓ. ਰਣਜੀਤ ਸਿੰਘ ਅਤੇ ਮਨਜੀਤ ਸਿੰਘ ਦੇ ਨਾਲ—ਨਾਲ ਸਕੂਲ ਸਟਾਫ਼ ਸੁਮਿਤ ਸ਼ਰਮਾ ਦਾ ਵੀ ਪੂਰਾ ਸਹਿਯੋਗ ਰਿਹਾ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹਾ ਸੰਗਰੂਰ ਵਿੱਚ

# ਸ਼ਾਮ 7 ਵਜੇ ਤੋਂ ਅਗਲੇ ਦਿਨ ਸਵੇਰੇ 10 ਵਜੇ ਤੱਕ ਕੰਬਾਈਨਾਂ ਨਾਲ ਝੋਨਾ ਕੱਟਣ 'ਤੇ ਪਾਬੰਦੀ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸਾਲ 2025 ਦੌਰਾਨ ਝੋਨੇ ਦੀ ਫਸਲ ਦੀ ਕਟਾਈ ਸ਼ੁਰੂ ਹੋ ਰਹੀ ਹੈ। ਆਮ ਤੌਰ 'ਤੇ ਵੇਖਣ ਵਿੱਚ ਆਇਆ ਹੈ ਕਿ ਝੋਨਾ ਕੱਟਣ ਲਈ ਕੰਬਾਈਨਾਂ ਦੇਰ ਰਾਤ ਤੱਕ ਚੱਲਦੀਆਂ ਹਨ। ਰਾਤ ਸਮੇਂ ਕੱਟਿਆ ਗਿੱਲਾ ਤੇ ਹਰਾ ਝੋਨਾ ਜਦੋਂ ਮੰਡੀਆਂ ਵਿੱਚ ਵਿਕਣ ਲਈ ਜਾਂਦਾ ਹੈ ਤਾਂ ਨਮੀ ਪ੍ਰਵਾਨਿਤ ਹੱਦ ਨਾਲੋਂ ਜਿਆਦਾ ਹੋਣ ਕਾਰਨ ਖਰੀਦ ਏਜੰਸੀਆਂ ਝੋਨਾ ਖਰੀਦ ਕਰਨ ਤੋਂ ਇਨਕਾਰ ਕਰ ਦਿੰਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਟੇ ਵਜੋਂ ਮੰਡੀਆਂ ਵਿੱਚ ਅਣਵਿਕੇ ਝੋਨੇ ਦੇ ਅੰਬਾਰ ਲੱਗ ਜਾਂਦੇ ਹਨ। ਇਸ ਦੇ ਮੱਦੇਨਜ਼ਰ ਵਧੀਕ ਜ਼ਿਲ੍ਹਾ ਮੈਜਿਸਟਰੇਟ ਸੰਗਰੂਰ ਅਮਿਤ ਬੈਂਬੀ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸੰਗਰੂਰ ਵਿੱਚ ਸ਼ਾਮ 07:00 ਵਜੇ ਤੋਂ ਅਗਲੇ ਦਿਨ ਸਵੇਰੇ 10:00 ਵਜੇ ਤੱਕ ਕੰਬਾਈਨਾਂ ਨਾਲ ਝੋਨਾ ਕੱਟਣ ਤੇ ਪਾਬੰਦੀ ਲਗਾਈ ਹੈ। ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹਾ ਸੰਗਰੂਰ ਅੰਦਰ ਝੋਨੇ ਦੀ ਕਟਾਈ ਕਰਨ ਵਾਲੀਆਂ ਕੰਬਾਈਨਾਂ ਦੇ ਮਾਲਕਾਂ ਨੂੰ ਇਹ ਹਦਾਇਤ ਵੀ ਕੀਤੀ ਗਈ ਹੈ ਕਿ ਪੁਰਾਣੀਆਂ ਹਾਰਵੈਸਟਰ ਕੰਬਾਈਨਾਂ ਦੀ ਨਿਰਮਾਤਾ ਕੰਪਨੀ ਅਤੇ ਖੇਤੀਬਾੜੀ ਵਿਭਾਗ (ਮੁੱਖ ਖੇਤੀਬਾੜੀ ਅਫਸਰ) ਤੋਂ ਇੰਸਪੈਕਸ਼ਨ ਕਰਵਾਈ ਜਾਵੇ ਤਾਂ ਕਿ ਝੋਨੇ ਦੀ ਵਾਢੀ ਸਮੇਂ ਕੁਆਲਿਟੀ ਖਰਾਬ ਨਾ ਹੋਵੇ ਅਤੇ ਪੰਜਾਬ ਪ੍ਰਦੂਸਣ ਕੰਟਰੋਲ ਬੋਰਡ ਵੱਲੋ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸੁਪਰ ਸਟਰਾਅ ਮੈਨੇਜਮੈਂਟ ਸਿਸਟਮ (ਐਸ ਐਮ ਐਸ) ਹਾਰਵੈਸਟਰ ਕੰਬਾਈਨਾਂ ਵਿੱਚ ਫਿੱਟ ਕਰਨਾ ਯਕੀਨੀ ਬਣਾਇਆ ਜਾਵੇ ਅਤੇ ਕੋਈ ਵੀ ਹਾਰਵੈਸਟਰ ਕੰਬਾਈਨ ਸੁਪਰ ਸਟਰਾਅ ਮੈਨੇਜਮੈਂਟ ਸਿਸਟਮ (ਐਸਐਮਐਸ) ਲਗਾਏ ਬਗੈਰ ਨਾ ਵਰਤੀ ਜਾਵੇ।

ਇਸੇ ਤਰ੍ਹਾਂ ਝੋਨੇ ਦੀ ਕਟਾਈ ਤੋਂ ਬਾਅਦ ਖੇਤਾਂ ਵਿੱਚ ਖੜ੍ਹੇ ਸੁੱਕੇ ਕਰਚਿਆਂ/ਪਰਾਲੀ ਨੂੰ ਅੱਗ ਲਗਾਉਣ ਨਾਲ ਨਾ ਕੇਵਲ ਪ੍ਰਦੂਸ਼ਣ ਹੁੰਦਾ ਹੈ ਬਲਕਿ ਅੱਗ ਲੱਗਣ ਦਾ ਡਰ ਵੀ ਰਹਿੰਦਾ ਹੈ। ਇਸ ਤੋ ਇਲਾਵਾ ਪੁਰਾਣੀਆਂ ਹਾਰਵੈਸਟਰ ਕੰਬਾਇਨਾਂ ਝੋਨੇ ਦੀ ਕੁਆਲਿਟੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਦੀਆਂ ਹਨ, ਮਕੈਨੀਕਲ ਨੁਕਸ ਹੋਣ ਕਾਰਨ ਟੁੱਟੇ ਦਾਣਿਆਂ ਦੀ ਮਾਤਰਾ ਵੀ ਮਾਪਦੰਡਾਂ ਤੋਂ ਕਾਫੀ ਵੱਧ ਜਾਂਦੀ ਹੈ, ਜਿਸ ਕਰਕੇ ਖਰੀਦ ਏਜੰਸੀਆਂ ਅਜਿਹਾ ਝੋਨਾ ਖਰੀਦ ਕਰਨ ਤੋਂ ਹਿਚਕਚਾਂਉਦੀਆਂ ਹਨ। ਝੋਨਾ ਸਮੇਂ ਸਿਰ ਨਾ ਵਿਕਣ ਕਾਰਨ ਕਿਸਾਨਾਂ ਵਿੱਚ ਰੋਸ ਪੈਦਾ ਹੁੰਦਾ ਹੈ। ਇਸ ਨਾਲ ਅਮਨ ਕਾਨੂੰਨ ਦੀ ਸਥਿੱਤੀ ਨੂੰ ਖਤਰਾ ਪੈਦਾ ਹੁੰਦਾ ਹੈ। ਅਜਿਹਾ ਉਪਰੋਕਤ ਦਰਸਾਈਆਂ ਗਈਆਂ ਸਥਿਤੀਆਂ ਕਾਰਨ ਹੁੰਦਾ ਹੈ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸੀਨੀਅਰ ਕਪਤਾਨ ਪੁਲਿਸ ਸੰਗਰੂਰ, ਸਮੂਹ ਉਪ ਮੰਡਲ ਮੈਜਿਸਟਰੇਟ ਸੰਗਰੂਰ ਅਤੇ ਮੁੱਖ ਖੇਤੀਬਾੜੀ ਅਫਸਰ, ਸੰਗਰੂਰ ਇਸ ਹੁਕਮ ਨੂੰ ਲਾਗੂ ਕਰਵਾਉਣ ਲਈ ਜ਼ਿੰਮੇਵਾਰ ਹੋਣਗੇ।

ਇਹ ਹੁਕਮ 11ਨਵੰਬਰ 2025 ਤੱਕ ਲਾਗੂ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਅੱਸੂ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ







ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਅੱਸੂ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਰੱਖੇ ਗਏ, ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬੱਬੂ ਸਿੰਘ ਨੇ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਹੁਕਮਨਾਮੇ ਦੀ ਕਥਾ ਕਰਦਿਆਂ ਆਖਿਆ ਕਿ ਸਾਨੂੰ ਆਪਣੇ ਮਨ ਵਿਚੋਂ ਹਾਉਮੈ ਤਿਆਗ ਕੇ ਸੱਚੇ ਗੁਰੂ ਦੀ ਸ਼ਰਨ ਵਿਚ ਜਾਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ। ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਪੈਸੇ ਅਤੇ ਧੰਨ ਦੌਲਤ ਨਾਲ ਨਾਮ ਨਹੀਂ ਖਰੀਦਿਆ ਜਾ ਸਕਦਾ, ਉਨ੍ਹਾਂ ਭਗਤ ਕਬੀਰ ਬਾਰੇ ਕਿਹਾ ਕਿ ਭਗਤ ਕਬੀਰ ਕੋਲ ਇਕ ਅਮੀਰ ਆਦਮੀ ਆਇਆ ਅਤੇ ਸੋਨੇ ਦੇ ਕੜੇ ਲੈ ਕੇ ਭਗਤ ਕਬੀਰ ਨੂੰ ਕਹਿੰਦਾ ਕਿ ਕਬੀਰ ਜੀ ਮੈਨੂੰ ਨਾਂਅ ਦੀ ਦਾਤ ਬਖਸ਼ੋ ਤਾਂ ਉਹ ਕਬੀਰ ਕੋਲੋਂ 3—4 ਦਿਨ ਆਉਂਦਾ ਰਿਹਾ ਤਾਂ ਭਗਤ ਕਬੀਰ ਨੇ ਕਿਹਾ ਕਿ ਪੈਸੇ ਜਾਂ ਧੰਨ ਦੌਲਤ ਨਾਲ ਨਾਮ ਨਹੀਂ ਖਰੀਦਿਆ ਜਾ ਸਕਦਾ। ਇਸ ਕਰਕੇ ਸੱਚੇ ਮਨ ਨਾਲ ਗੁਰੂ ਦੀ ਭਗਤੀ ਕਰ ਤੈਨੂੰ ਸਭ ਕੁਝ ਮਿਲ ਜਾਵੇਗਾ। ਇਸ ਮੌਕੇ ਤੇ ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ 20 ਸਤੰਬਰ ਦਿਨ ਸ਼ਨੀਵਾਰ (5 ਅੱਸੂ) ਨੂੰ ਮਹਾਨ ਗੁਰਮਤਿ ਸਮਾਗਮ ਹੋ ਰਿਹਾ ਹੈ, ਵੱਧ ਤੋਂ ਵੱਧ ਸੰਗਤਾਂ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਵਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਮਿਸਲ ਸਤਲੁਜ਼ ਦੇ ਜ਼ਿਲ੍ਹਾ ਯੂਥ ਪ੍ਰਧਾਨ ਮਾਨ ਸਿੰਘ ਲਗਾਤਾਰ ਹੜ੍ਹ ਪੀੜਤਾਂ ਲਈ 24 ਅਗਸਤ ਤੋਂ ਹੜ੍ਹ ਪੀੜਤਾਂ ਨੂੰ ਘਰ—ਘਰ ਜਾ ਕੇ ਰਾਸ਼ਨ, ਪਸ਼ੂਆਂ ਲਈ ਫੀਡ ਦੀ ਕਰ ਰਹੇ ਨੇ ਸੇਵਾ





ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :— ਮਿਸਲ ਸਤਲੁਜ਼ ਦੇ ਜ਼ਿਲ੍ਹਾ ਯੂਥ ਪ੍ਰਧਾਨ ਮਾਨ ਸਿੰਘ ਆਪਣੇ ਸਾਥੀਆਂ ਨਾਲ ਲਗਾਤਾਰ ਹੜ੍ਹ ਪੀੜਤਾਂ ਲਈ 24 ਅਗਸਤ ਤੋਂ ਹੜ੍ਹ ਪੀੜਤਾਂ ਲਈ ਦਿਨ—ਰਾਤ ਸੇਵਾ ਕਰ ਰਹੇ ਹਨ। ਅੱਜ ਉਨ੍ਹਾਂ ਨੇ ਪਿੰਡ ਨਿਹਾਲਾ ਲਵੇਰਾ ਤੋਂ ਇਲਾਵਾ ਪੰਜਾਬ ਦੇ ਵੱਖ—ਵੱਖ ਪਿੰਡਾਂ ਵਿਚ ਰਾਸ਼ਨ, ਪਸ਼ੂਆਂ ਲਈ ਚਾਰਾ, ਫੀਡ ਵੰਡ ਰਹੇ ਹਨ। ਇਸ ਮੌਕੇ ਉਨ੍ਹਾਂ ਨਾਲ ਪੰਜਾਬ ਪ੍ਰਧਾਨ ਅਜੈ ਸਿੰਘ ਬਰਾੜ, ਸਕੱਤਰ ਦਵਿੰਦਰ ਸਿੰਘ ਸੇਖੋਂ ਤੋਂ ਇਲਾਵਾ ਉਨ੍ਹਾਂ ਦੇ ਹੋਰ ਸਾਥੀ ਸੇਵਾ ਨਿਭਾਅ ਰਹੇ ਹਨ। ਇਸ ਮੌਕੇ ਤੇ ਪੰਜਾਬ ਪ੍ਰਧਾਨ ਅਜੈਪਾਲ ਸਿੰਘ ਬਰਾੜ ਨੇ ਕਿਹਾ ਕਿ ਭਾਖੜਾ ਡੈਮ ਵਿਚ ਵੱਧ ਰਹੇ ਪਾਣੀ ਸਤਲੁਜ਼ ਦਰਿਆ ਵਿਚ ਛੱਡਣ ਨਾਲ ਸਤਲੁਜ਼ ਦਰਿਆ ਦੇ ਨਾਲ ਲੱਗਦੇ ਪਿੰਡਾਂ ਦੇ ਪਿੰਡ ਪਾਣੀ ਵਿਚ ਡੁੱਬ ਗਏ ਹਨ ਅਤੇ ਇਸ ਨਾਲ ਘਰਾਂ ਦੇ ਘਰ ਤਬਾਹ ਹੋ ਗਏ ਹਨ, ਪਸ਼ੂ ਅਤੇ ਸਮਾਨ ਰੁੜ ਗਏ, ਸਾਡੀ ਸਤਲੁਜ਼ ਮਿਸਲ ਉਦੋਂ ਤੋਂ ਹੀ ਪੰਜਾਬ ਵਿਚ ਹੜ੍ਹ ਪੀੜਤਾਂ ਦੀ ਮੱਦਦ ਕਰ ਰਹੀ ਹੈ। ਇਸ ਮੌਕੇ ਤੇ ਦਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਸਾਡਾ ਸਾਰਿਆਂ ਦਾ ਫਰਜ ਬਣਦਾ ਹੈ ਕਿ ਅਸੀਂ ਵੱਧ ਤੋਂ ਵੱਧ ਹੜ੍ਹ ਪੀੜਤਾਂ ਦੀ ਮੱਦਦ ਕਰੀਏ। ਇਸ ਮੌਕੇ ਤੇ ਮਾਨ ਸਿੰਘ ਜ਼ਿਲ੍ਹਾ ਯੂਥ ਪ੍ਰਧਾਨ ਮਿਸਲ ਸਤਲੁਜ਼ ਨੇ ਕਿਹਾ ਕਿ ਅਸੀਂ ਹੜ੍ਹ ਪੀੜਤਾਂ ਨਾਲ ਮਿਲੇ ਹਾਂ, ਇਸੇ ਤਹਿਤ ਅਸੀਂ ਪਿੰਡਾਂ ਦੀਆਂ ਲਿਸਟਾਂ ਤਿਆਰ ਕੀਤੀਆਂ ਹਨ, ਉਸ ਤਹਿਤ ਅਸੀਂ ਅੱਜ ਨਿਹਾਲਾ ਲਵੇਰਾ ਵਿਚ ਫੀਡ ਵੰਡੀ ਹੈ।

ਹੁਸ਼ਿਆਰਪੁਰ ਦੇ ਪਿੰਡ ਭਾਨੋਕੇ ਵਿੱਚ ਵਾਪਰੀ ਦਰਦਨਾਕ ਘਟਨਾ

# ਪੰਜਾਬ ਦੀ ਫੇਲ ਹੋ ਚੁੱਕੀ ਕਾਨੂੰਨ ਵਿਵਸਥਾ ਦਾ ਨਤੀਜਾ - ਗਿਆਨੀ ਹਰਪ੍ਰੀਤ ਸਿੰਘ



ਚੰਡੀਗੜ੍ਹ () ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਹੁਸ਼ਿਆਰਪੁਰ ਜ਼ਿਲੇ ਦੇ ਪਿੰਡ ਭਾਨੋਕੇ ਵਿੱਚ ਵਾਪਰੀ ਦਰਦਨਾਕ ਘਟਨਾ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਜਾਰੀ ਬਿਆਨ ਵਿੱਚ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਘਟਨਾ ਨੇ ਸਾਡੇ ਸਮਾਜਿਕ ਰਿਸ਼ਤਿਆਂ ਵਿੱਚ ਜ਼ਿਹਰ ਘੋਲਣ ਦਾ ਕੰਮ ਕੀਤਾ ਹੈ। ਅਜਿਹੀਆਂ ਘਟਨਾਵਾਂ ਕਿਸੇ ਵੀ ਸੂਬੇ ਦੀ ਅਮਨ ਸ਼ਾਂਤੀ ਅਤੇ ਭਾਈਚਾਰੇ ਲਈ ਖਤਰਨਾਕ ਸਾਬਿਤ ਹੁੰਦੀਆਂ ਹਨ।

ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ,ਪੰਜ ਸਾਲ ਦੇ ਮਾਸੂਮ ਬੱਚੇ ਹਰਵੀਰ ਨਾਲ ਜਿਸ ਦਰਿੰਦਗੀ ਭਰੀ ਵਹਿਸ਼ਿਆਨਾ ਹਰਕਤ ਕੀਤੀ ਗਈ ਹੈ, ਉਸ ਨੇ ਸਮੂਹ ਪੰਜਾਬੀਆਂ ਦੇ ਦਿਲ ਨੂੰ ਝੰਜੋੜ ਕੇ ਰੱਖ ਦਿੱਤਾ ਹੈ।ਓਹਨਾ ਕਿਹਾ ਕਿ ਹਰਵੀਰ ਨੂੰ ਇਨਸਾਫ ਜਰੂਰ ਮਿਲੇਗਾ ਅਤੇ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਮਿਲੇ, ਇਸ ਲਈ ਅਸੀਂ ਸਾਰੇ ਇਕਜੁਟ ਹੋਕੇ ਪਰਿਵਾਰ ਦੇ ਨਾਲ ਖੜੇ ਹਾਂ।

> ☛ ਸਰਕਾਰ ਤੁਰੰਤ ਸਰਬ ਪਾਰਟੀ ਮੀਟਿੰਗ ਬੁਲਾਵੇ, ਗੈਰ ਪੰਜਾਬੀਆਂ ਤੇ ਜ਼ਮੀਨ ਖਰੀਦਣ ਤੇ ਪਾਬੰਦੀ ਸਮੇਤ ਨਿਰਣਾਇਕ ਕਦਮ ਚੁੱਕਣ ਦੀ ਲੋੜ ☛ ਕੁਝ ਲੋਕਾਂ ਦਾ ਕ੍ਰਾਈਮ ਰਿਕਾਰਡ ਸਮਾਜਿਕ ਰਿਸ਼ਤਿਆਂ ਨੂੰ ਤੋੜਨ ਲਈ ਬਣਿਆ

ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਘਟਨਾ ਨੇ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਦੀ ਕਨੂੰਨ ਵਿਵਸਥਾ ਪੂਰੀ ਤਰ੍ਹਾਂ ਨਾਲ ਫੇਲ ਹੋ ਚੁੱਕੀ ਹੈ। ਅੱਜ ਪੰਜਾਬੀਆਂ ਵਿੱਚ ਇਸ ਘਟਨਾਂ ਤੋਂ ਬਾਅਦ ਡਰ ਅਤੇ ਸਹਿਮ ਦਾ ਮਾਹੌਲ ਬਣ ਚੁੱਕਾ ਹੈ। ਸਮਾਜ ਵਿੱਚ ਪ੍ਰਵਾਸੀਆਂ ਅਤੇ ਪੰਜਾਬੀਆਂ ਵਿੱਚ ਤਲਖ਼ ਭਰਿਆ ਮਾਹੌਲ ਬਣ ਚੁੱਕਾ ਹੈ। ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਸਰਕਾਰ ਨੂੰ ਅਜਿਹੇ ਕ੍ਰਾਈਮ ਰਿਕਾਰਡ ਵਾਲੇ ਵਿਅਕਤੀਆਂ ਨਾਲ ਸਖ਼ਤੀ ਨਾਲ ਪੇਸ਼ ਆਉਣਾ ਚਾਹੀਦਾ ਹੈ। ਸਰਕਾਰ ਵਲੋ ਇਹ ਯਕੀਨੀ ਬਣਾਇਆ ਬਣੇ ਕਿ ਰੁਜ਼ਗਾਰ ਲਈ ਆਏ ਲੋਕਾਂ ਦਾ ਕ੍ਰਾਈਮ ਰਿਕਾਰਡ ਵੈਰੀਫਿਕੇਸ਼ਨ ਜਰੂਰ ਵੇਖਿਆ ਜਾਵੇ। ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਮੰਗ ਕੀਤੀ ਕਿ ਸੂਬਾ ਸਰਕਾਰ ਤੁਰੰਤ ਸਰਬ ਪਾਰਟੀ ਮੀਟਿੰਗ ਬੁਲਾਵੇ, ਗੈਰ ਪੰਜਾਬੀਆਂ ਤੇ ਜ਼ਮੀਨ ਖਰੀਦਣ ਤੇ ਪਾਬੰਦੀ ਸਮੇਤ ਹੋਰ ਨਿਰਣਾਇਕ ਕਦਮ ਚੁੱਕੇ ਜਾਣ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਕੋਈ ਠੋਸ ਕਦਮ ਨਹੀਂ ਚੁੱਕਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਉਹ ਪਾਰਟੀ ਲੀਡਰਸ਼ਿਪ ਨਾਲ ਹਰ ਸਮਾਜਿਕ, ਧਾਰਮਿਕ ਜਥੇਬੰਦੀਆਂ ਦੇ ਦਰ ਤੇ ਜਾਕੇ ਸੂਬਾ ਸਰਕਾਰ ਨੂੰ ਜਰੂਰੀ ਕਦਮ ਪੁੱਟਣ ਲਈ ਮਜਬੂਰ ਕਰਨਗੇ।

# ਸੱਪ ਦੇ ਡੰਗਣ ਤੇ ਕੀ ਕਰਨਾ ਚਾਹੀਦਾ ! ਸਿਵਲ ਸਰਜਨ ਡਾ. ਰਮਨ ਗੁਪਤਾ ਨੇ ਦਿੱਤੇ ਜਾਨ ਬਚਾਉਣ ਦੇ ਸੁਝਾਅ

## ਸਨੇਕ ਬਾਈਟ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਮਨਾਇਆ ਜਾ ਰਿਹਾ ਜਾਗਰੂਕਤਾ ਹਫ਼ਤਾ



**ਜਲੰਧਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਬਰਸਾਤੀ ਮਹੀਨਿਆਂ ਦੌਰਾਨ ਸੱਪ ਦੇ ਡੰਗਣ ਦੇ ਮਾਮਲੇ ਵਧ ਜਾਂਦੇ ਹਨ। ਕਾਰਨ ਸਪੱਸ਼ਟ ਹੈ ਕਿ ਮੀਂਹ ਕਾਰਨ ਸੱਪ ਆਪਣਾ ਨਿਵਾਸ ਸਥਾਨ ਬਦਲ ਕੇ ਮਨੁੱਖੀ ਬਸਤੀਆਂ ਵੱਲ ਆ ਜਾਂਦੇ ਹਨ। ਸੰਪ ਦੇ ਡੰਗਣ ਤੋਂ ਬਚਣ ਦਾ ਸਭ ਤੋਂ ਵੱਡਾ ਇਲਾਜ ਜਾਗਰੂਕਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ (ਕਾਰਜਕਾਰੀ) ਡਾ. ਰਮਨ ਗੁਪਤਾ ਵੱਲੋਂ ਦੱਸਿਆ ਗਿਆ ਕਿ ਸਿਹਤ ਵਿਭਾਗ ਵੱਲੋਂ ਸੱਪ ਦੇ ਡੰਗਣ ਬਾਰੇ ਜਾਗਰੂਕਤਾ ਹਫ਼ਤਾ 15 ਸਤੰਬਰ 2025 ਤੋਂ 19 ਸਤੰਬਰ 2025 ਤੱਕ ਮਨਾਇਆ ਜਾ ਰਿਹਾ ਹੈ। ਸਿਵਲ ਸਰਜਨ ਡਾ. ਰਮਨ ਗੁਪਤਾ ਨੇ ਦੱਸਿਆ ਕਿ ਸੱਪ ਦੇ ਡੰਗਣ 'ਤੇ ਲੋਕਾਂ ਦੀ ਪ੍ਰਤੀਕਿਰਿਆ ਸੱਪ ਦੇ ਡੰਗਣ ਨਾਲੋਂ ਜ਼ਿਆਦਾ ਖ਼ਤਰਨਾਕ ਹੁੰਦੀ ਹੈ। ਅੱਜ ਵੀ ਬਹੁਤ ਸਾਰੇ ਲੋਕ ਤਾਂਤਰਿਕਾਂ, ਭੂਤਾਂ-ਪ੍ਰੇਮੀਆਂ ਜਾਂ ਘਰੇਲੂ ਉਪਚਾਰਾਂ 'ਤੇ ਵਿਸ਼ਵਾਸ ਕਰਦੇ ਹਨ। ਇਸ ਪ੍ਰਕਿਰਿਆ ਵਿੱਚ, ਜ਼ਿਹਰ ਸਰੀਰ ਵਿੱਚ ਫੈਲ ਜਾਂਦਾ ਹੈ ਅਤੇ ਫਿਰ ਇਲਾਜ ਮੁਸ਼ਕਲ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸੱਪ ਦੇ ਡੰਗਣ ਦੇ ਪਹਿਲੇ 60 ਮਿੰਟਾਂ ਵਿੱਚ ਇਲਾਜ ਕੀਤਾ ਜਾਵੇ, ਤਾਂ ਪੀੜਤ ਦੀ ਜਾਨ ਬਚਾਉਣਾ ਆਸਾਨ ਹੈ। ਉਨ੍ਹਾਂ ਦੱਸਿਆ ਕਿ ਸਿਵਲ ਹਸਪਤਾਲ ਜਲੰਧਰ ਦੀ ਐਮਰਜੈਂਸੀ ਵਿੱਚ ਸੱਪ ਦੇ ਜ਼ਿਹਰ ਵਿਰੋਧੀ ਟੀਕਿਆਂ ਦਾ ਪੂਰਾ ਸਟਾਕ ਉਪਲਬਧ ਹੈ, ਅਤੇ ਸਿਖਲਾਈ ਪ੍ਰਾਪਤ ਡਾਕਟਰ 24 ਘੰਟੇ ਤਾਇਨਾਤ ਹਨ। ਲੋਕਾਂ ਨੂੰ ਡਰਨਾ ਨਹੀਂ ਚਾਹੀਦਾ, ਸਿੱਧੇ ਹਸਪਤਾਲ ਆਉਣਾ ਚਾਹੀਦਾ ਹੈ। ਇਸ ਦਾ ਇਲਾਜ ਬਿਲਕੁਲ ਮੁਫ਼ਤ ਹੈ। ਸੱਪ ਦੇ ਕੱਟਣ 'ਤੇ ਤੁਰੰਤ ਡਾਕਟਰੀ ਮਦਦ ਲੈਣੀ ਬਹੁਤ ਜ਼ਰੂਰੀ ਹੈ, ਕਿਉਂਕਿ ਸਮੇਂ ਸਿਰ ਇਲਾਜ ਨਾਲ ਜਾਨ ਬਚਾਈ ਜਾ ਸਕਦੀ ਹੈ। ਜਿੰਨੀ ਜਲਦੀ ਹੋ ਸਕੇ, ਵਿਅਕਤੀ ਨੂੰ ਨੇੜੇ ਦੇ ਹਸਪਤਾਲ ਲੈ ਜਾਓ। ਐਂਟੀ-ਵੇਨਮ ਟੀਕਾ ਹੀ ਸਭ ਤੋਂ ਪ੍ਰਭਾਵਸ਼ਾਲੀ ਇਲਾਜ ਹੈ, ਜੋ ਸਿਰਫ਼ ਹਸਪਤਾਲ ਵਿੱਚ ਉਪਲਬਧ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਸੱਪ ਦੇ ਡੰਗਣ 'ਤੇ ਹਰ ਹਾਲਤ ਵਿੱਚ ਪਹਿਲਾਂ ਮਰੀਜ਼ ਨੂੰ ਸ਼ਾਂਤ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਡਰ ਦਿਲ ਦੀ ਧੜਕਣ ਨੂੰ ਵਧਾਉਂਦਾ ਹੈ, ਜਿਸ ਕਾਰਨ ਜ਼ਿਹਰ ਪੂਰੇ ਸਰੀਰ ਵਿੱਚ ਤੇਜ਼ੀ ਨਾਲ ਫੈਲਦਾ ਹੈ। ਸੱਪ ਤੋਂ ਦੂਰ ਹੋ ਜਾਓ ਅਤੇ ਉਸ ਨੂੰ ਮਾਰਨ ਦੀ ਕੋਸ਼ਿਸ਼ ਨਾ ਕਰੋ। ਜ਼ਖ਼ਮ ਨੂੰ ਕੱਸ ਕੇ ਨਾ ਬੰਨ੍ਹੋ, ਕਿਉਂਕਿ ਇਸ ਨਾਲ ਟਿਸ਼ੂ ਨੂੰ ਨੁਕਸਾਨ ਹੋ ਸਕਦਾ ਹੈ। ਕੱਟ ਵਾਲੀ ਥਾਂ ਨੂੰ ਸਾਫ਼ ਕੱਪੜੇ ਨਾਲ ਢੱਕੋ, ਸਪਲਿੰਟ ਦੀ ਮਦਦ ਨਾਲ ਸੱਪ ਦੇ ਡੰਗ ਵਾਲੀ ਥਾਂ ਨੂੰ ਸਥਿਰ ਰਖੋ। ਉਨ੍ਹਾਂ ਕਿਹਾ ਕਿ ਜਦੋਂ ਸੱਪ ਡੰਗਦਾ ਹੈ, ਤਾਂ ਮੂੰਹ ਨਾਲ ਜ਼ਿਹਰ ਨੂੰ ਚੂਸਣ ਦੀ ਕੋਸ਼ਿਸ਼ ਨਾ ਕਰੋ। ਕੋਈ ਸਥਾਨਕ ਦਵਾਈ ਜਾਂ ਜੜੀ-ਬੂਟੀ ਨਾ ਲਗਾਓ। ਬਰਫ਼, ਤੇਲ ਜਾਂ ਗਰਮ ਪਾਣੀ ਦੀ ਵਰਤੋਂ ਨਾ ਕਰੋ। ਆਪਣੇ ਆਪ ਦਵਾਈ ਨਾ ਲਓ ਅਤੇ ਘਰੇਲੂ ਉਪਚਾਰਾਂ ਵਿੱਚ ਸਮਾਂ ਬਰਬਾਦ ਨਾ ਕਰੋ। ਤੁਰੰਤ 104 ਨੰਬਰ 'ਤੇ ਐਂਬੂਲੈਂਸ ਨੂੰ ਕਾਲ ਕਰੋ ਅਤੇ ਜਿੰਨੀ ਜਲਦੀ ਹੋ ਸਕੇ, ਵਿਅਕਤੀ ਨੂੰ ਨੇੜੇ ਦੇ ਹਸਪਤਾਲ ਲੈ ਜਾਓ।

### ਓਜ਼ੋਨ ਪਰਤ ਦੀ ਰੱਖਿਆ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ - ਡਾ. ਰਮਨ ਗੁਪਤਾ

**ਇਸ ਦੇ ਨਾਲ ਹੀ, ਵਿਸ਼ਵ ਓਜ਼ੋਨ ਦਿਵਸ (16 ਸਤੰਬਰ)** 'ਤੇ ਡਾ. ਰਮਨ ਗੁਪਤਾ ਨੇ ਲੋਕਾਂ ਨੂੰ ਓਜ਼ੋਨ ਪਰਤ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਓਜ਼ੋਨ ਪਰਤ ਧਰਤੀ ਨੂੰ ਸੂਰਜ ਦੀਆਂ ਹਾਨੀਕਾਰਕ ਅਲਟਰਾ ਵਾਇਲਟ ਕਿਰਨਾਂ ਤੋਂ ਬਚਾਉਂਦੀ ਹੈ ਅਤੇ ਘੱਟ ਹੋ ਜਾਂਦੀ ਹੈ ਤਾਂ ਚਮੜੀ ਦੇ ਰੋਗ, ਅੱਖਾਂ ਦੀਆਂ ਸਮੱਸਿਆਵਾਂ ਅਤੇ ਹੋਰ ਗੰਭੀਰ ਬਿਮਾਰੀਆਂ ਵਧ ਸਕਦੀਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਲੋਰੋ-ਫਲੋਰੋ ਕਾਰਬਨ ਅਤੇ ਪ੍ਰਦੂਸ਼ਣ ਫੈਲਾਉਣ ਵਾਲੀਆਂ ਰਸਾਇਣਿਕ ਗੈਸਾਂ ਦੀ ਵਰਤੋਂ ਘਟਾਈ ਜਾਵੇ, ਊਰਜਾ ਦੀ ਬਚਤ ਕੀਤੀ ਜਾਵੇ, ਰੁੱਖ ਲਗਾਏ ਜਾਣ, ਵਾਤਾਵਰਣ-ਮਿੱਤਰ ਉਪਕਰਣ ਵਰਤੇ ਜਾਣ ਅਤੇ ਪਲਾਸਟਿਕ ਦੀ ਵਰਤੋਂ ਘਟਾਈ ਜਾਵੇ। ਉਨ੍ਹਾਂ ਕਿਹਾ ਕਿ ਓਜ਼ੋਨ ਪਰਤ ਦੀ ਰੱਖਿਆ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ ਅਤੇ ਸਾਡੀ ਧਰਤੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਸਿਹਤ ਲਈ ਇਹ ਬਹੁਤ ਜ਼ਰੂਰੀ ਕੰਮ ਹੈ।

# ਰੋਟਰੀ ਆਈ ਬੈਂਕ ਦੇ ਯਤਨਾਂ ਨਾਲ ਗੜ੍ਹਸ਼ੰਕਰ ਦੇ ਖੁਸ਼ਹਾਲ ਨੂੰ ਮਿਲੀ ਰੌਸ਼ਨੀ : ਸੰਜੀਵ ਅਰੋੜਾ

**ਹੁਸ਼ਿਆਰਪੁਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਰੋਟਰੀ ਆਈ ਬੈਂਕ ਅਤੇ ਕੌਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਉੱਘੇ ਸਮਾਜ ਸੇਵਕ ਸੰਜੀਵ ਅਰੋੜਾ ਦੀ ਪ੍ਰਧਾਨਗੀ ਹੇਠ ਇੱਕ ਸੰਖੇਪ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਗੜ੍ਹਸ਼ੰਕਰ ਦੇ ਨਿਵਾਸੀ ਖੁਸ਼ਹਾਲ ਸਿੰਘ ਦੀਆਂ ਅੱਖਾਂ ਦੀ ਖੋਲੀ ਗਈ। ਤੁਹਾਨੂੰ ਦੱਸ ਦੇਈਏ ਕਿ ਖੁਸ਼ਹਾਲ ਪਿਛਲੇ ਤਿੰਨ ਸਾਲਾਂ ਤੋਂ ਕੌਰਨੀਅਲ ਅੰਨ੍ਹੇਪਣ ਤੋਂ ਪੀੜਤ ਸੀ ਅਤੇ ਉਸਦੀ ਇੱਕ ਅੱਖ ਪੂਰੀ ਤਰ੍ਹਾਂ ਖਰਾਬ ਹੋ ਗਈ ਸੀ ਅਤੇ ਉਹ ਦੂਜੀ ਅੱਖ ਤੋਂ ਨਾਮਾਤਰ ਹੀ ਦੇਖ ਸਕਦਾ ਸੀ। ਉਸ ਦੇ ਪਿਤਾ ਵੀ ਇਸ ਦੁਨੀਆਂ ਤੇ ਨਹੀਂ ਹਨ ਅਤੇ ਉਸ ਦੀ ਮਾਂ ਵੀ ਬੁਢਾਪੇ ਵਿੱਚ ਪੂਰੀ ਤਰ੍ਹਾਂ ਦੇਖਣ ਤੋਂ ਅਸਮਰੱਥ ਹੈ। ਜਿਸ ਕਰਕੇ ਖੁਸ਼ਹਾਲ ਆਪਣੀ ਜ਼ਿੰਦਗੀ ਤੋਂ ਨਿਰਾਸ਼ ਹੋ ਗਿਆ ਸੀ। ਅਜਿਹੇ ਵਿੱਚ ਰੋਟਰੀ ਆਈ ਬੈਂਕ ਦੀ ਟੀਮ ਉਨ੍ਹਾਂ ਲਈ ਰੌਸ਼ਨੀ ਦੀ ਕਿਰਨ ਬਣੀ ਅਤੇ ਟੀਮ ਨੇ ਉਸ ਦੀ ਇੱਕ ਅੱਖ ਲਗਾ ਕੇ ਉਨ੍ਹਾਂ ਨੂੰ ਇਸ ਸੁੰਦਰ ਦੁਨੀਆਂ ਨੂੰ ਦੇਖਣ ਦੇ ਯੋਗ ਬਣਾਇਆ ਅਤੇ ਹੁਣ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਚੰਗੀ ਤਰ੍ਹਾਂ ਨਿਭਾ ਸਕਣਗੇ। ਸਮਾਜ ਸੇਵਕ ਆਗਿਆਪਾਲ ਸਿੰਘ ਸਾਹਨੀ ਨੇ ਆਪ੍ਰੇਸ਼ਨ ਦੇ ਖਰਚੇ ਵਿੱਚ ਬਹੁਤ ਯੋਗਦਾਨ ਪਾਇਆ। ਉਨ੍ਹਾਂ ਨੇ ਆਪਣੇ ਜਨਮਦਿਨ ਦੇ ਮੌਕੇ ਤੇ ਕੌਰਨੀਅਲ ਅੰਨ੍ਹੇਪਣ ਦਾ ਆਪ੍ਰੇਸ਼ਨ ਕਰਵਾਉਣ ਦਾ ਵਾਅਦਾ ਕੀਤਾ ਸੀ ਅਤੇ ਭਵਿੱਖ ਵਿੱਚ ਵੀ ਸਹਿਯੋਗ ਦਾ ਭਰੋਸਾ ਦਿੱਤਾ ਹੈ। ਨਗਰ ਸੁਧਾਰ ਟਰੱਸਟ ਦੇ ਸਾਬਕਾ ਚੇਅਰਮੈਨ ਐਡਵੋਕੇਟ ਰਾਕੇਸ਼ ਮਰਵਾਹਾ, ਕੌਂਸਲਰ ਐਡਵੋਕੇਟ ਲਵਕੇਸ਼ ਓਹਰੀ ਅਤੇ ਅਧਿਆਪਕ ਚੰਦਰ ਪ੍ਰਕਾਸ਼ ਸੈਣੀ ਵੀ ਪ੍ਰੋਗਰਾਮ ਵਿੱਚ ਮੌਜੂਦ ਸਨ। ਇਸ ਮੌਕੇ ਪ੍ਰਧਾਨ ਸੰਜੀਵ ਅਰੋੜਾ ਨੇ ਸਾਰਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਇਹ ਕਹਿੰਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਕਿ ਸਮਾਜ ਵੱਲੋਂ ਸ਼ੁਰੂ ਕੀਤੀ ਗਈ ਲਹਿਰ ਨੂੰ ਹੁਣ ਹਰ ਘਰ ਤੋਂ ਉਤਸ਼ਾਹ ਮਿਲ ਰਿਹਾ ਹੈ ਅਤੇ ਲੋਕ ਸਮਝ ਰਹੇ ਹਨ ਕਿ ਮੌਤ ਤੋਂ ਬਾਅਦ ਕੀਮਤੀ ਅੱਖਾਂ ਕਿਸੇ ਦੇ ਕੰਮ ਆਉਣਗੀਆਂ ਜਾਂ ਇੱਕ ਚੁਟਕੀ ਵਿੱਚ ਸੁਆਹ ਬਣ ਜਾਣਗੀਆਂ। ਸ੍ਰੀ ਅਰੋੜਾ ਨੇ ਕਿਹਾ ਕਿ ਸੁਸਾਇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਵਿੱਚ ਬੱਚਿਆਂ ਦੀਆਂ ਅੱਖਾਂ ਦੀ ਜਾਂਚ ਲਈ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਵੀ ਜ਼ਿੰਦਗੀ ਦੀ ਸਭ ਤੋਂ ਕੀਮਤੀ ਚੀਜ਼ ਅੱਖਾਂ ਦੀ ਸਿਹਤ ਅਤੇ ਦੇਖਭਾਲ ਬਾਰੇ ਪੂਰੀ ਤਰ੍ਹਾਂ ਜਾਣੂ ਹੋਣ ਅਤੇ ਇਸ ਲਹਿਰ ਵਿੱਚ ਸ਼ਾਮਲ ਹੋ ਕੇ ਕੌਰਨੀਅਲ ਅੰਨ੍ਹੇਪਣ ਨੂੰ ਦੂਰ ਕਰਨ ਵਿੱਚ ਮੋਹਰੀ ਭੂਮਿਕਾ ਨਿਭਾਉਣ। ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਆਗਿਆਪਾਲ ਸਿੰਘ ਸਾਹਨੀ ਨੇ ਕਿਹਾ ਕਿ ਸਮਾਜ ਦੇ ਸਾਰੇ ਸਮਰੱਥ ਲੋਕਾਂ ਨੂੰ ਇੱਕ-ਇੱਕ ਕੌਰਨੀਆ ਟਰਾਂਸਪਲਾਂਟੇਸ਼ਨ ਦਾ ਖਰਚਾ ਚੁੱਕਣਾ ਚਾਹੀਦਾ ਹੈ ਤਾਂ ਜੋ ਅੱਖਾਂ ਤੋਂ ਬਿਨਾਂ ਜੀ ਰਹੇ ਲੋਕਾਂ ਨੂੰ ਨਵੀਂ ਰੌਸ਼ਨੀ ਮਿਲ ਸਕੇ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਡਾ. ਤਰਸੇਮ ਸਿੰਘ (ਸੇਵਾਮੁਕਤ ਐਸ.ਐਮ.ਓ.) ਨੇ ਮਰਨ ਉਪਰੰਤ ਸਰੀਰ ਦਾਨ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸਰੀਰ ਦਾਨ ਕਰਨ ਨਾਲ ਮੈਡੀਕਲ ਵਿਦਿਆਰਥੀਆਂ ਨੂੰ ਸਰੀਰ ਨਾਲ ਸਬੰਧਤ ਨਵੀਆਂ ਦਵਾਈਆਂ ਅਤੇ ਬਿਮਾਰੀਆਂ ਦੀ ਖੋਜ ਕਰਨ ਵਿੱਚ ਮਦਦ ਮਿਲਦੀ ਹੈ ਅਤੇ ਸਰੀਰ ਦੇ ਕਈ ਅੰਗ ਬਹੁਤ ਸਾਰੇ ਮਰੀਜ਼ਾਂ ਲਈ ਲਾਭਦਾਇਕ ਹੁੰਦੇ ਹਨ, ਜਿਸ ਨਾਲ ਉਨ੍ਹਾਂ ਨੂੰ ਨਵਾਂ ਜੀਵਨ ਮਿਲਦਾ ਹੈ। ਇਸ ਮੌਕੇ ਸੁਸਾਇਟੀ ਵੱਲੋਂ ਆਏ ਮਹਿਮਾਨਾਂ ਅਤੇ ਪਤਵੰਤਿਆਂ ਦਾ ਸਨਮਾਨ ਵੀ ਕੀਤਾ ਗਿਆ ਅਤੇ ਖੁਸ਼ਹਾਲ ਦੀਆਂ ਅੱਖਾਂ ਖੋਲ੍ਹੀਆਂ ਗਈਆਂ ਅਤੇ ਉਨ੍ਹਾਂ ਨੂੰ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ ਗਈਆਂ। ਇਸ ਮੌਕੇ ਜੀ.ਐਸ.ਬਾਵਾ, ਧਰਮਵੀਰ ਤ੍ਰੇਹਨ, ਯਸ਼ੋਦਾਨੰਦ ਗੁਪਤਾ, ਰਾਕੇਸ਼ ਸ਼ਰਮਾ, ਰਜਿੰਦਰ ਕੌਰ, ਅਮਰਜੀਤ ਸਿੰਘ, ਸ਼ੰਕਰ ਦਾਸ, ਸੁਰਿੰਦਰਪਾਲ ਦੀਵਾਨ, ਅਰਸ਼ਪ੍ਰੀਤ ਸਿੰਘ, ਅਨਿਲ ਸੂਦ, ਪ੍ਰੇਮ ਤਨੇਜਾ, ਵਿਜੇ ਅਰੋੜਾ, ਹਰਜੀਤ ਭਾਟੀਆ, ਉਮੇਸ਼ ਰਾਣਾ, ਗੌਰਵ ਖੱਟੜ, ਐਨ.ਕੇ.ਵਰਿੰਦਰ ਗੁਪਤਾ, ਅਕਿਲਮ ਗੁਪਤਾ, ਅਕਿਲਮ ਗੁਪਤਾ, ਡਾ. ਚੋਪੜਾ, ਕਮਲ ਖੁਰਾਣਾ, ਪ੍ਰੋ. ਰਾਜੀਵ ਸ਼ਰਮਾ, ਪ੍ਰੋ. ਦਲਜੀਤ ਸਿੰਘ, ਜਸਵੀਰ ਕੰਵਰ, ਅਸ਼ਵਨੀ ਦੱਤਾ, ਕ੍ਰਿਸ਼ਨਾ ਕਿਸ਼ੋਰ, ਮਦਨ ਲਾਲ ਮਹਾਜਨ, ਸ਼ਾਖਾ ਬੱਗਾ, ਪ੍ਰੋ. ਡੀ.ਕੇ. ਸ਼ਰਮਾ, ਅਰੁਣ ਕੁਮਾਰ ਜੈਨ, ਜਗਦੀਸ਼ ਅਗਰਵਾਲ, ਅਸ਼ੋਕ ਬੱਗਾ, ਰਮਿੰਦਰ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਇੱਕ ਨਜ਼ਰ...



## ਬੀ.ਐੱਲ.ਓ. ਯੂਨੀਅਨ ਨੇ ਵੋਟਰ ਸੂਚੀਆਂ ਦੇ ਮਿਲਾਨ ਲਈ ਹੋਰ ਸਮਾਂ ਦੇਣ ਦੀ ਕੀਤੀ ਮੰਗ

ਦਸੂਹਾ, ਹੁਸ਼ਿਆਰਪੁਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)- ਚੋਣ ਕਮਿਸ਼ਨ ਵਲੋਂ ਕਰਵਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸ.ਆਈ.ਆਰ.) ਸੰਬੰਧੀ ਬੀ.ਐੱਲ.ਓ. ਯੂਨੀਅਨ ਦਾ ਇੱਕ ਵਫ਼ਦ ਮਨਜੀਤ ਸਿੰਘ ਦਸੂਹਾ, ਇੰਦਰ ਸੁਖਦੀਪ ਸਿੰਘ ਓਢਰਾ, ਮਨਜੀਤ ਸਿੰਘ ਕਠਾਣਾਂ ਅਤੇ ਬਲਵਿੰਦਰ ਸਿੰਘ ਬਾਜਵਾ ਆਦਿ ਆਗੂਆਂ ਦੀ ਅਗਵਾਈ ਹੇਠ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਵਿਧਾਨ ਸਭਾ ਹਲਕਾ 40 ਦਸੂਹਾ ਕਮ ਐੱਸ.ਡੀ.ਐੱਮ. ਦਸੂਹਾ ਦੇ ਦਫ਼ਤਰ ਦੇ ਅਧਿਕਾਰੀਆਂ ਨੂੰ ਮਿਲਿਆ ਅਤੇ ਦਸਿਆ ਕਿ ਵੋਟਰ ਸੂਚੀਆਂ ਦੀ ਇਸ ਰਿਵਿਜ਼ਨ ਦੌਰਾਨ 2003 ਅਤੇ 2025 ਦੀਆਂ ਵੋਟਰ ਸੂਚੀਆਂ ਵਿਚਲੇ ਵੋਟਰਾਂ ਦੇ ਵੇਰਵਿਆਂ ਦਾ ਮਿਲਾਨ ਕਰਨਾ ਹੈ ਜੋ ਕਿ ਬਹੁਤ ਹੀ ਗੁੰਝਲਦਾਰ ਅਤੇ ਅਤੇ ਮਿਹਨਤ ਵਾਲ਼ਾ ਕੰਮ ਹੈ ਅਤੇ ਇਸਨੂੰ ਸਹੀ ਤਰੀਕੇ ਨਾਲ਼ ਕਰਨ ਲਈ ਬਹੁਤ ਜ਼ਿਆਦਾ ਸਮਾਂ ਚਾਹੀਦਾ ਹੈ ਇਸਲਈ ਵਫ਼ਦ ਨੇ ਮੰਗ ਕੀਤੀ ਕਿ ਇਸ ਕੰਮ ਵਿੱਚ ਤਾਇਨਾਤ ਬੀ.ਐੱਲ.ਓਜ਼. ਨੂੰ ਕੁੱਝ ਦਿਨ ਹੋਰ ਸਮਾਂ ਦਿੱਤਾ ਜਾਵੇ ਤਾਂ ਜੋ ਸਹੀ ਅਤੇ ਸਟੀਕ ਰਿਪੋਰਟ ਤਿਆਰ ਕਰ ਸਕਣ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਇਸ ਕੰਮ ਦੌਰਾਨ ਸਮੂਹ ਬੀ.ਐੱਲ.ਓਜ਼. ਨੂੰ ਉਨ੍ਹਾਂ ਦੇ ਪਿਤਰੀ ਵਿਭਾਗਾਂ ਦੇ ਕੰਮਾਂ ਤੋਂ ਉਨ੍ਹਾਂ ਨੂੰ ਛੋਟ ਦਿਵਾਈ ਜਾਵੇ। ਵਫ਼ਦ ਨੇ ਆਪਣੀਆਂ ਇਨ੍ਹਾਂ ਮੰਗਾਂ ਸੰਬੰਧੀ ਐੱਸ.ਡੀ.ਐਮ. ਦਸੂਹਾ ਕਮ ਚੋਣਕਾਰ ਰਜਿਟਰੇਸ਼ਨ ਅਫ਼ਸਰ ਵਿਧਾਨ ਸਭਾ ਹਲਕਾ 40 ਦਸੂਹਾ ਦੇ ਨਾਂ ਇੱਕ ਮੰਗ ਪੱਤਰ ਵੀ ਉਨ੍ਹਾਂ ਦੇ ਦਫ਼ਤਰ ਦੇ ਅਧਿਕਾਰੀਆਂ ਨੂੰ ਸੌਂਪਿਆ। ਇਸ ਵਫ਼ਦ ਵਿੱਚ ਲੈਕਚਰਾਰ ਰੋਹਿਤ ਕੁਮਾਰ, ਵਰਿੰਦਰ ਸੈਣੀ, ਹੈੱਡ ਟੀਚਰ ਮੁਨੀਸ਼ ਕੁਮਾਰ ਸ਼ਰਮਾ, ਅਰਸ਼ ਬੱਗਾ ਅਤੇ ਹੈੱਡ ਟੀਚਰ ਦਿਨੇਸ਼ ਕੁਮਾਰ ਆਦਿ ਵੀ ਸ਼ਾਮਿਲ ਸਨ।

## ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਇੰਜੀਨੀਅਰਜ਼ ਡੇ ਸਮਾਰੋਹ ਮਨਾਇਆ ਗਿਆ



ਹੁਸ਼ਿਆਰਪੁਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਵਿੱਚ ਭਾਰਤ ਰਤਨ ਸਰ ਮੋਖਸ਼ਗੁੰਡਮ ਵਿਸ਼ਵੇਸ਼ਵਰੈਆ ਦੀ ਜਨਮ ਜੰਯਤੀ ਮੌਕੇ ਇੰਜੀਨੀਅਰਜ਼ ਡੇ ਮਨਾਇਆ ਗਿਆ। ਪ੍ਰੋਗਰਾਮ ਦਾ ਮਕਸਦ ਸਮਾਜ ਵਿੱਚ ਇੰਜੀਨੀਅਰਾਂ ਦੇ ਯੋਗਦਾਨ ਨੂੰ ਸਨਮਾਨ ਦੇਣਾ ਤੇ ਵਿਦਿਆਰਥੀਆਂ ਵਿੱਚ ਨਵੀਂ ਸੋਚ ਤੇ ਰਚਨਾਤਮਕਤਾ ਦੀ ਭਾਵਨਾ ਨੂੰ ਪ੍ਰੋਤਸਾਹਿਤ ਕਰਨਾ ਸੀ। ਇਸ ਮੌਕੇ ਡਾਇਰੈਕਟਰ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਇੰਜੀਨੀਅਰਜ਼ ਡੇ ਦੀ ਮਹੱਤਤਾ ਤੇ ਰਾਸ਼ਟਰ ਨਿਰਮਾਣ ਵਿੱਚ ਇੰਜੀਨੀਅਰਾਂ ਦੀ ਭੂਮਿਕਾ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਇਸ ਦੌਰਾਨ ਭਾਸ਼ਣ, ਵਾਦ-ਵਿਵਾਦ ਅਤੇ ਕਵਿਜ਼ ਮੁਕਾਬਲੇ ਕਰਵਾਏ ਗਏ। ਭਾਸ਼ਣ ਮੁਕਾਬਲੇ ਵਿੱਚ ਗੁਰਲੀਨ ਕੌਰ (ਪਹਿਲਾ ਸਮੈਸਟਰ), ਅੰਕਿਤਾ (ਡੀ.ਐੱਸ.) ਤੇ ਸਾਕਸ਼ੀ (ਸੀ.ਐੱਸ.) ਨੇ ਜਿੱਤ ਪ੍ਰਾਪਤ ਕੀਤੀ। ਵਾਦ-ਵਿਵਾਦ ਮੁਕਾਬਲੇ ਵਿੱਚ ਗੁਰਕਨਵਰ ਸਿੰਘ (ਸੀ.ਐੱਸ.ਈ.), ਹਰਪ੍ਰੀਤ ਸਿੰਘ (ਆਈ.ਟੀ.) ਤੇ ਅਰਮਾਨ (ਆਈ.ਟੀ.) ਸਫਲ ਰਹੇ। ਕਵਿਜ਼ ਮੁਕਾਬਲੇ ਵਿੱਚ ਪਹਿਲਾ ਸਥਾਨ ਹਿਤਾਕਸ਼ੀ ਰਾਣਾ, ਹੀਨਾ ਰਾਣੀ, ਜਸਮੀਨ ਕੌਰ ਤੇ ਹਰਪ੍ਰੀਤ (ਸੀ.ਐੱਸ.ਈ.) ਦੀ ਟੀਮ ਨੂੰ ਮਿਲਿਆ। ਦੂਜਾ ਸਥਾਨ ਅਨਮੋਲ ਧੀਮਾਨ, ਆਨੰਦ, ਇਰਫਾਨ ਖਾਨ ਤੇ ਆਯੁਸ਼ (ਸੀ.ਐੱਸ.ਈ.) ਦੀ ਟੀਮ ਨੇ ਹਾਸਲ ਕੀਤਾ। ਤੀਜਾ ਸਥਾਨ ਸਮੀਰ ਜਸਵਾਲ, ਕਾਰਤਿਕ, ਜਸਦੀਪ ਤੇ ਮਨਜਿੰਦਰ (ਏ.ਆਈ. ਐਂਡ ਐੱਮ.ਐੱਲ.) ਦੀ ਟੀਮ ਨੂੰ ਮਿਲਿਆ ਅੰਤ ਵਿੱਚ ਪ੍ਰਿੰਸੀਪਲ ਨੇ ਸਾਰੇ ਜੇਤੂਆਂ ਤੇ ਭਾਗ ਲੈਣ ਵਾਲਿਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਵਿਦਿਆਰਥੀਆਂ ਦੇ ਨਾਲ ਸਾਰੇ ਵਿਭਾਗਾਂ ਦੇ ਇੰਚਾਰਜ ਵੀ ਹਾਜ਼ਰ ਸਨ।

## ਮਾਤਾ ਜਨਕ ਰਾਨੀ ਜੈਨ ਦੀਆਂ ਅੱਖਾਂ ਨਾਲ ਦੋ ਹਨ੍ਹੇਰੀ ਜ਼ਿੰਦਗੀਆਂ ਨੂੰ ਮਿਲੇਗੀ ਰੌਸ਼ਨੀ : ਸੰਜੀਵ ਅਰੋੜਾ



ਹੁਸ਼ਿਆਰਪੁਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)-ਕੋਟਲਾ ਗੌਂਸਪੁਰ ਵਾਸੀ ਮਾਤਾ ਜਨਕ ਰਾਨੀ ਜੈਨ ਦੇ ਦੇਹਾਂਤ ਤੋਂ ਬਾਅਦ ਉਨ੍ਹਾਂ ਦੇ ਪਰਿਵਾਰਕ ਮੈਂਬਰ ਪ੍ਰਦੀਪ ਜੈਨ, ਮੋਹਿੰਦਰ ਪਾਲ ਜੈਨ, ਜਯੋਤੀ ਜੈਨ, ਮੀਨਾ ਜੈਨ ਅਤੇ ਨਰੇਸ਼ ਜੈਨ ਨੇ ਆਪਣੀ ਮਾਤਾ ਦੀਆਂ ਅੱਖਾਂ ਰੋਟਰੀ ਆਈ ਬੈਂਕ ਅਤੇ ਕਾਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਰਾਹੀਂ ਸੰਕਾਰਾ ਆਈ ਹਸਪਤਾਲ, ਲੁਧਿਆਣਾ ਨੂੰ ਦਾਨ ਕਰ ਦਿੱਤੀਆਂ ਦਾਨ ਲੈਣ ਦੀ ਪ੍ਰਕਿਰਿਆ ਡਾ. ਜਸਲੀਨ ਕੌਰ ਅਤੇ ਉਨ੍ਹਾਂ ਦੀ ਟੀਮ ਚਰਨਪ੍ਰੀਤ ਅਤੇ ਰਘੁਵੀਰ ਸਿੰਘ ਨੇ ਪੂਰੀ ਕੀਤੀ। ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਪਰਿਵਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮਾਤਾ ਜਨਕ ਰਾਨੀ ਜੈਨ ਦੀਆਂ ਅੱਖਾਂ ਨਾਲ ਦੋ ਵਿਅਕਤੀਆਂ ਦੀ ਹਨ੍ਹੇਰੀ ਜ਼ਿੰਦਗੀ ਵਿੱਚ ਰੌਸ਼ਨੀ ਆਵੇਗੀ। ਚੇਅਰਮੈਨ ਜੇ.ਬੀ. ਬਹਲ ਨੇ ਦੱਸਿਆ ਕਿ ਮਰਨੋਂਪਰੰਤ ਅੱਖਾਂ 6 ਤੋਂ 8 ਘੰਟਿਆਂ ਤੱਕ ਜੀਵਿਤ ਰਹਿੰਦੀਆਂ ਹਨ ਅਤੇ ਜੇ ਉਹਨਾਂ ਨੂੰ ਸਮੇਂ ਸਿਰ ਦਾਨ ਕਰ ਦਿੱਤਾ ਜਾਵੇ ਤਾਂ ਕਾਰਨੀਆਲ ਅੰਨ੍ਹੇਪਣ ਨਾਲ ਪੀੜਤ ਦੀ ਜ਼ਿੰਦਗੀ ਵਿੱਚ ਦੁਬਾਰਾ ਰੌਸ਼ਨੀ ਭਰੀ ਜਾ ਸਕਦੀ ਹੈ। ਇਸ ਮੌਕੇ ਚੇਅਰਮੈਨ ਜੇ.ਬੀ. ਬਹਲ, ਪ੍ਰੋ. ਦਲਜੀਤ ਸਿੰਘ, ਮਦਨ ਲਾਲ ਮਹਾਜਨ, ਕ੍ਰਿਸ਼ਨ ਕਿਸ਼ੋਰ, ਜਸਵੀਰ ਕੰਵਰ ਅਤੇ ਹੋਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਸਾਹਿਬ ਸਿੰਘਪੁਰਾ ਬਰਾੜਾ ਅੰਬਾਲਾ ਦੇ 31ਵੇਂ ਸਥਾਪਨਾ ਦਿਵਸ ਨੂੰ ਸਮਰਪਿਤ

# ਵਿਸ਼ੇਸ਼ 'ਗੁਰਮਤਿ ਸਮਾਗਮ' ਆਯੋਜਿਤ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਹੋਰ ਪੰਥਕ ਸ਼ਖਸੀਅਤਾਂ ਨੇ ਭਰੀ ਹਾਜ਼ਰੀ




















ਅੰਬਾਲਾ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)-ਗੁਰਦੁਆਰਾ ਸਾਹਿਬ ਸਿੰਘਪੁਰਾ ਬਰਾੜਾ ਅੰਬਾਲਾ ਦੇ 31ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਵਿਸ਼ੇਸ਼ "ਗੁਰਮਤਿ ਸਮਾਗਮ" ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸੰਗਤਾਂ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਲਕਾ ਬਰਾੜਾ ਮੈਂਬਰ ਸਰਦਾਰ ਰਜਿੰਦਰ ਸਿੰਘ ਕੋਕੀ ਡੁਲਿਆਣਾ ਦੇ ਸਹਿਯੋਗ ਨਾਲ ਕੀਤਾ ਗਿਆ ਜਿਸ ਵਿੱਚ ਸ਼੍ਰੀ ਅਖੰਡ ਪਾਠਾਂ ਦੇ ਭੋਗ ਪਾਏ ਗਏ ਉਪਰੰਤ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ ਹਰਿਆਣਾ ਕਮੇਟੀ ਦੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਖ਼ਾਲਸਾ ਕਾਲਜ ਪੰਜ਼ੋਖਰਾ ਸਾਹਿਬ ਦੇ ਵਿਦਿਆਰਥੀ ਕਵੀਸ਼ਰੀ ਜੱਥੇ ਨੇ ਗੁਰਇਤਿਹਾਸ ਸਰਵਣ ਕਰਾ ਕੇ ਨਿਹਾਲ ਕੀਤਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ,ਸ. ਗੁਰਬੀਰ ਸਿੰਘ ਤਲਾਕੌਰ ਮੀਤ ਪ੍ਰਧਾਨ,ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ,ਸ.ਸਵਰਨ ਸਿੰਘ ਬੂੰਗਾ ਟਿੱਬੀ ਮੈਂਬਰ,ਸ.ਗੁਰਤੇਜ ਸਿੰਘ ਅੰਬਾਲਾ ਮੈਂਬਰ,ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਸਾਬਕਾ ਜਨਰਲ ਸਕੱਤਰ ਅਤੇ ਸਕੱਤਰ ਜਨਰਲ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨੇ ਸਿੱਖ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ ਇਸ ਸਮੇਂ ਸ. ਹਰਪਾਲ ਸਿੰਘ ਧਰਮੀ ਫੌਜੀ,ਸ.ਅੰਗਰੇਜ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਅਧੋਆ ਅਤੇ ਬੇਅੰਤ ਸਿੱਖ ਸੰਗਤਾਂ ਹਾਜ਼ਰ ਸਨ ਗੁਰੂ ਦਾ ਲੰਗਰ ਅਤੁੱਟ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV